People's Herald

People's Herald

Rs- 100/month



# "ਇਕੁਐਲਿਟੀ ਐਂਡ ਜਸਟਿਸ"



https://www.facebook.com/profile.php?id=161037521061610

"Equality and Justice"

स्वतंत्रता, समानता, भाईचारा

PATIALA On line paper 07 ਮਈ 2025 ਬੁੱਧਵਾਰ "ਰੋਜ਼ਾਨਾ" ਸਾਲ ਚੌਥਾ w.e.f. 15 August 2022 ਪਟਿਆਲਾ

ਮੁੱਖ ਸੰਪਾਦਕ- ਇੰਜੀ. ਹਰਦੀਪ ਸਿੰਘ ਚੁੰਬਰ | whatsapp. 91-94636-01616 | email. hardipchumber57@gmail.com | ਸਹਿ ਸੰਪਾਦਕ- ਸ਼੍ਰੀਮਤੀ ਆਸ਼ਾ ਕੁਮਾਰੀ, ਡਾ. ਜਗਤਾਰ ਸਿੰਘ

ਅੰਬੇਡਕਰਵਾਦ ਸਮਾਨਤਾ ਅਧਾਰਿਤ ਅਤੇ ਬ੍ਰਾਹਮਣਵਾਦ ਅਸਮਾਨਤਾ ਅਧਾਰਿਤ ਵਿਵਸਥਾ, ਸਮਾਨਤਾ ਸਥਾਪਿਤ ਕਰਨਾ ਹੀ ਸਾਰੀਆਂ ਬਿਮਾਰੀਆਂ ਦਾ ਇਲਾਜ ਹੈ



(Google pay- 91-9780634849) HARDIP SINGH STATE BANK OF INDIA ACCT NO-10566643658 . IFSC- SBIN0050773

## ਸਿਧਾਰਥ ਗੌਤਮ ਬੁੱਧ ਦੇ ਧਮ ਦੇ ਸਿਧਾਂਤ ਸਭ ਲਈ ਸੁੱਖ, ਸ਼ਾਂਤੀ ਅਤੇ ਵਿਕਾਸ ਦੇ ਮਾਰਗ ਦੀਆਂ ਔਕੜਾਂ ਨੂੰ ਸਾਫ ਕਰ ਦਿੰਦੇ ਹਨ, ਇਹ ਸਿਧਾਂਤ ਵਿਸ਼ਵ ਸ਼ਾਂਤੀ ਸਥਾਪਿਤ ਕਰ ਸਕਦੇ ਹਨ



**"ਇਕੁਐਲਿਟੀ ਐਂਡ ਜਸਟਿਸ" ਪਟਿਆਲਾ** -ਸਿਧਾਰਥ ਗੌਤਮ ਬੁੱਧ ਦੇ ਦਿੱਤੇ ਇਹ ਬੁਨਿਆਦੀ ਸਿਧਾਂਤ ਸਮੁੱਚੇ ਸੰਸਾਰ ਵਿੱਚ ਸੁੱਖ, ਸਾਂਤੀ ਅਤੇ ਵਿਕਾਸ ਦੇ ਮਾਰਗ ਰਾਹ ਸਾਫ ਕਰ ਦਿੰਦੇ ਹਨ। ਮੁੱਢਲੇ ਪੰਜ 'ਪੰਚਸ਼ੀਲ' ਸਿਧਾਂਤ ਹੇਠਾਂ ਦਿੱਤੇ ਗਏ ਹਨ ਨੂੰ ਅਪਣਾ ਕੇ ਹਰ ਮਨੁੱਖ ਦੇ 'ਮਨ ਦੀ ਸਮਾਧੀ' ਲੱਗ ਜਾਣੀ ਚਾਹੀਦੀ ਹੈ:

1. ਆਹਿੰਸਾ- ਕਿਸੇ ਨੂੰ ਸਰੀਰਕ ਨੁਕਸਾਨ ਨਾਂ ਪਹੁੰਚਾਉਣਾ, ਹਰ ਇਕ ਜੀਵਨ ਦਾ ਸਤਿਕਾਰ ਕਰਨਾ
2. ਚੋਰੀ ਨਹੀਂ ਕਰਨਾ- ਦੂਸਰਿਆਂ ਦੀ ਜਾਇਦਾਦ ਅਧਿਕਾਰ ਦੀ ਕਦਰ ਕਰਨਾ
3. ਵਿਬਚਾਰ ਨਾਂ ਕਰਨਾ- ਕੋਈ ਜਿਨਸੀ ਦੁਰਵਿਹਾਰ ਜਾਂ ਅਪਰਾਧ ਨਾਂ ਕਰਨਾ
4. ਝੂਠ ਨਹੀਂ ਬੋਲਣਾ- ਆਪਣੇ ਆਚਾਰ,ਵਿਚਾਰ, ਵਿਵਹਾਰ ਵਿੱਚ ਇਮਾਨਦਾਰੀ ਬਣੇ ਰਹਿਣਾ
5. ਨਸ਼ਾ ਨਹੀਂ ਕਰਨਾ- ਕੋਈ ਨਸ਼ਾ ਨਹੀਂ ਕਰਨਾ, ਮਨ ਦਾ ਦਸ਼ਾ ਦਿਸ਼ਾ ਵਿਗਾੜ ਦੇ ਸਾਧਨਾਂ ਤੋਂ ਦੂਰੀ, ਮਨ ਸੁੱਧ ਰਖਣਾ ਅਤੇ ਸਾਫ਼ ਮਨ ਦਾ ਸਤਿਕਾਰ ਕਰਨਾ

## ਭਾਰਤੀ ਹਵਾਈ ਫੌਜ ਪਾਕਿਸਤਾਨ ਨਾਲ ਲਗਦੀ ਸਰਹੱਦ 'ਤੇ ਅੱਜ ਤੋਂ ਦੋ ਰੋਜ਼ਾ ਜੰਗੀ ਅਭਿਆਸ ਕਰੇਗੀ

### ਰਾਫੇਲ, ਐਸ.ਯੂ.-30 ਐਮ.ਕੇ.ਆਈ., ਮਿਗ-29, ਮਿਰਾਜ-2000, ਤੇਜਸ ਅਤੇ ਅਵਾਕਸ ਇਸ ਅਭਿਆਸ ਵਿਚ ਸ਼ਾਮਲ ਹੋਣਗੇ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ INTERNATIONAL PAPER, 94636 01616 hardipchumber57@gmail.com



ਨਵੀਂ ਦਿੱਲੀ : ਭਾਰਤੀ ਹਵਾਈ ਫੌਜ ਬੁਧਵਾਰ ਤੋਂ ਪਾਕਿਸਤਾਨ ਨਾਲ ਲਗਦੀ ਸਰਹੱਦ 'ਤੇ ਦੋ ਦਿਨਾਂ ਵਿਸ਼ਾਲ ਫ਼ੌਜੀ ਅਭਿਆਸ ਕਰੇਗੀ, ਜਿਸ 'ਚ ਰਾਫੇਲ, ਐੱਸ.ਯੂ.-30 ਅਤੇ ਜੈਗੁਆਰ ਜਹਾਜ਼ਾਂ ਸਮੇਤ ਸਾਰੇ ਪ੍ਰਮੁੱਖ ਲੜਾਕੂ ਜਹਾਜ਼ ਸ਼ਾਮਲ ਹੋਣਗੇ।

ਇਹ ਅਭਿਆਸ 22 ਅਪ੍ਰੈਲ ਨੂੰ ਪਹਿਲਗਾਮ ਅਤਿਵਾਦੀ ਹਮਲੇ ਨੂੰ ਲੈ ਕੇ ਭਾਰਤ ਅਤੇ ਪਾਕਿਸਤਾਨ ਵਿਚਾਲੇ ਵਧੇ ਤਣਾਅ ਦੇ ਵਿਚਕਾਰ ਹੋ ਰਿਹਾ ਹੈ। ਭਾਰਤ ਦੇ ਸ਼ਹਿਰੀ ਹਵਾਬਾਜ਼ੀ ਅਧਿਕਾਰੀਆਂ ਨੇ ਪਹਿਲਾਂ ਹੀ ਭਾਰਤ-ਪਾਕਿਸਤਾਨ ਸਰਹੱਦ ਦੇ ਦਖਣੀ ਅਤੇ ਪਛਮੀ ਹਿੱਸੇ 'ਤੇ ਹੋਣ ਵਾਲੇ ਵੱਡੇ ਹਵਾਈ ਅਭਿਆਸ ਲਈ ਏਅਰਮੈਨ ਨੂੰ ਨੋਟਿਸ (ਨੋਟਾਮ) ਜਾਰੀ ਕੀਤਾ ਹੈ।

ਸੂਤਰਾਂ ਨੇ ਦਸਿਆ ਕਿ ਰਾਫੇਲ, ਐਸ.ਯੂ.-30 ਐਮ.ਕੇ. ਆਈ., ਮਿਗ-29, ਮਿਰਾਜ-2000, ਤੇਜਸ ਅਤੇ ਅਵਾਕਸ (ਹਵਾਈ ਚੇਤਾਵਨੀ ਅਤੇ ਕੰਟਰੋਲ ਸਿਸਟਮ) ਜਹਾਜ਼ਾਂ ਸਮੇਤ ਭਾਰਤ ਦੇ ਪ੍ਰਮੁੱਖ ਲੜਾਕੂ ਜਹਾਜ਼ ਇਸ ਅਭਿਆਸ ਵਿਚ ਸ਼ਾਮਲ ਹੋਣਗੇ। ਅਧਿਕਾਰੀਆਂ ਨੇ ਦਸਿਆ ਕਿ ਅਭਿਆਸ ਦੌਰਾਨ ਭਾਰਤੀ ਹਵਾਈ ਫੌਜ ਜ਼ਮੀਨ ਅਤੇ ਹਵਾ 'ਚ ਦੁਸ਼ਮਣ ਦੇ ਟਿਕਾਣਿਆਂ ਦੀ ਨਕਲ ਕਰੇਗੀ। ਦੋਹਾਂ ਦੇਸ਼ਾਂ ਵਿਚਾਲੇ ਵਧਦੇ ਤਣਾਅ ਤੋਂ ਬਾਅਦ ਭਾਰਤ ਅਤੇ ਪਾਕਿਸਤਾਨ ਦੋਹਾਂ ਦੀਆਂ ਫੌਜਾਂ ਉੱਚ ਚੌਕਸੀ 'ਤੇ ਹਨ।

ਏਅਰ ਚੀਫ ਮਾਰਸ਼ਲ ਏ.ਪੀ. ਸਿੰਘ ਨੇ ਐਤਵਾਰ ਨੂੰ ਪ੍ਰਧਾਨ ਮੰਤਰੀ ਮੋਦੀ ਨਾਲ ਮੁਲਾਕਾਤ ਕੀਤੀ ਅਤੇ ਹਵਾਈ ਫ਼ੌਜ ਮੁਖੀ ਨੇ ਉਨ੍ਹਾਂ ਨੂੰ ਭਾਰਤੀ ਹਵਾਈ ਫੌਜ ਦੀ ਸੰਚਾਲਨ ਤਿਆਰੀ ਬਾਰੇ ਜਾਣਕਾਰੀ ਦਿਤੀ। ਸਨਿਚਰਵਾਰ ਨੂੰ ਸਮੁੰਦਰੀ ਫ਼ੌਜ ਮੁਖੀ ਐਡਮਿਰਲ ਦਿਨੇਸ਼ ਕੇ ਤ੍ਰਿਪਾਠੀ ਨੇ ਪ੍ਰਧਾਨ ਮੰਤਰੀ ਨੂੰ ਅਰਬ ਸਾਗਰ ਦੇ ਨਾਜ਼ੁਕ ਸਮੁੰਦਰੀ ਮਾਰਗਾਂ ਦੀ ਸਮੁੱਚੀ ਸਥਿਤੀ ਤੋਂ ਜਾਣੂ ਕਰਵਾਇਆ।

## ਜਦੋਂ 'ਹਾਸ਼ੀਏ ਉੱਤੇ ਰਹਿੰਦੇ' ਮੋਚੀ ਭਾਈਚਾਰੇ ਦਾ ਜੇ ਕੋਈ ਵਿਅਕਤੀ ਜੱਜ ਬਣ ਜਾਂਦਾ ਹੈ, ਤਾਂ ਉੱਚ ਜਾਤੀ ਭਾਈਚਾਰਾ ਇਸਨੂੰ ਬਰਦਾਸ਼ਤ ਨਹੀਂ ਕਰ ਸਕਦਾ : ਸੁਪਰੀਮ ਕੋਰਟ

### ਸੁਪਰੀਮ ਕੋਰਟ ਨੇ 'ਸ਼ੱਕੀ ਵਫ਼ਾਦਾਰੀ' ਦੇ ਆਧਾਰ 'ਤੇ ਬਰਖਾਸਤ ਪੰਜਾਬ ਦੇ ਜੱਜ ਨੂੰ ਬਹਾਲ ਕਰ ਦਿਤਾ ਅਤੇ ਸਾਰੇ ਲਾਭ ਵੀ ਦੇ ਦਿੱਤੇ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ INTERNATIONAL PAPER, 94636 01616 hardipchumber57@gmail.com



ਪਵਨ ਕੁਮਾਰ -ਨਵੀਂ ਦਿੱਲੀ

ਸੁਪਰੀਮ ਕੋਰਟ ਨੇ ਨਿਆਂਪਾਲਿਕਾ ਵਿੱਚ ਜੱਜਾਂ ਵਿੱਚ ਜਾਤੀ ਪੱਖਪਾਤ ਦੇ ਮੁੱਦੇ 'ਤੇ ਬਹੁਤ ਸਖ਼ਤ ਟਿੱਪਣੀਆਂ ਕੀਤੀਆਂ ਹਨ। ਜਸਟਿਸ ਸੂਰਿਆਕਾਂਤ ਨੇ ਪੰਜਾਬ ਦੇ ਏਡੀਜੇ (ਪ੍ਰੇਮ ਕੁਮਾਰ) ਦੇ ਖਾਰਜ ਮਾਮਲੇ ਦੀ ਸੁਣਵਾਈ ਦੌਰਾਨ ਅਜਿਹੀ ਟਿੱਪਣੀ ਕੀਤੀ। ਜਸਟਿਸ ਸੂਰਿਆਕਾਂਤ ਨੇ ਖੁੱਲ੍ਹੀ ਅਦਾਲਤ ਵਿੱਚ ਕਿਹਾ, 'ਇਹ ਜੱਜ ਹਾਲਾਤਾਂ ਅਤੇ ਜਾਤੀ ਪੱਖਪਾਤ ਦਾ ਸ਼ਿਕਾਰ ਹੋਇਆ।'

ਇਹ ਸਭ ਕੁਝ ਪਹਿਲਾਂ ਹੀ ਤੈਅ ਕਰ ਲਿਆ ਗਿਆ ਸੀ। ਉੱਚ ਜਾਤੀ ਦੇ ਲੋਕ ਇਹ ਬਰਦਾਸ਼ਤ ਨਹੀਂ ਕਰ ਸਕਦੇ ਸਨ ਕਿ ਇੱਕ (ਮੋਚੀ) ਗ਼ਰੀਬ ਭਾਈਚਾਰੇ ਦੇ ਵਿਅਕਤੀ ਦਾ ਪੁੱਤਰ ਛੋਟੀ ਉਮਰ ਵਿੱਚ ਜੱਜ ਬਣ ਗਿਆ ਅਤੇ ਉਨ੍ਹਾਂ ਵਿੱਚ ਆ ਗਿਆ। ਬਲਾਤਕਾਰ ਦੇ ਇੱਕ ਮਾਮਲੇ ਵਿੱਚ ਦੋਸ਼ੀ ਦੀ ਸ਼ਿਕਾਇਤ ਤੋਂ ਬਾਅਦ 'ਸ਼ੱਕੀ ਇਮਾਨਦਾਰੀ' ਦਾ ਦੋਸ਼ੀ ਪਾਏ ਜਾਣ ਤੋਂ ਬਾਅਦ ਜੱਜ ਪ੍ਰੇਮ ਕੁਮਾਰ ਨੂੰ ਬਰਖਾਸਤ ਕਰ ਦਿੱਤਾ ਗਿਆ ਸੀ। ਸੁਪਰੀਮ ਕੋਰਟ ਨੇ ਕਿਹਾ ਕਿ ਜੱਜ ਦੀ ਬਰਖਾਸਤਗੀ ਗਲਤ ਸੀ ਅਤੇ ਉਨ੍ਹਾਂ ਨੂੰ ਬਹਾਲ ਕੀਤਾ ਜਾਣਾ ਚਾਹੀਦਾ ਹੈ। ਨਾਲ ਹੀ ਸਾਰੇ ਲਾਭ ਦਿੱਤੇ ਜਾਣੇ ਚਾਹੀਦੇ ਹਨ।

ਬਰਨਾਲਾ ਦੇ ਪ੍ਰੇਮ ਕੁਮਾਰ 26 ਅਪ੍ਰੈਲ, 2014 ਨੂੰ ਏਡੀਜੇ ਬਣੇ ਅਤੇ ਉਨ੍ਹਾਂ ਨੂੰ ਅੰਮ੍ਰਿਤਸਰ ਜ਼ਿਲ੍ਹਾ ਅਦਾਲਤ ਵਿੱਚ ਨਿਯੁਕਤ ਕੀਤਾ ਗਿਆ। ਇਸ ਦੌਰਾਨ, ਬਲਾਤਕਾਰ ਦੇ ਦੋਸ਼ੀ ਨੇ ਹਾਈ ਕੋਰਟ ਵਿੱਚ ਸ਼ਿਕਾਇਤ ਦਰਜ ਕਰਵਾਈ ਕਿ ਪ੍ਰੇਮ ਕੁਮਾਰ ਨੇ ਵਕੀਲ ਵਜੋਂ ਪ੍ਰੈਕਟਿਸ ਕਰਦੇ ਹੋਏ, ਬਲਾਤਕਾਰ ਪੀੜਤ ਨਾਲ ਸਮਝੌਤਾ ਕਰਨ ਲਈ ਸੰਪਰਕ ਕੀਤਾ ਅਤੇ ਪੀੜਤ ਨੂੰ 1.50 ਲੱਖ ਰੁਪਏ ਦਿਵਾਉਣ ਵਿੱਚ ਮਦਦ ਕੀਤੀ। ਹਾਈ ਕੋਰਟ ਨੇ ਵਿਜੀਲੈਂਸ ਜਾਂਚ ਸ਼ੁਰੂ ਕੀਤੀ। ਇਸ ਆਧਾਰ 'ਤੇ, ਜੱਜ ਦੇ ACR ਵਿੱਚ 'ਇਮਾਨਦਾਰੀ ਸ਼ੱਕੀ' ਦਰਜ ਕੀਤਾ ਗਿਆ ਸੀ। ਫਿਰ 2022 ਵਿੱਚ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਪੂਰੇ ਬੈਂਚ ਨੇ ਸ਼ਿਕਾਇਤ ਦੇ ਆਧਾਰ 'ਤੇ ਪ੍ਰੇਮ ਕੁਮਾਰ ਬਰਖਾਸਤ ਕਰ ਦਿੱਤਾ ਗਿਆ ਸੀ। ਜਦੋਂ ਉਸਨੇ ਇਸਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਚੁਣੌਤੀ ਦਿੱਤੀ, ਤਾਂ ਜਨਵਰੀ 2025 ਵਿੱਚ ਸਬੂਤਾਂ ਦੀ ਘਾਟ ਦਾ ਹਵਾਲਾ ਦਿੰਦੇ ਹੋਏ ਬਰਖਾਸਤਗੀ ਰੱਦ ਕਰ ਦਿੱਤੀ ਗਈ। ਹਾਈ ਕੋਰਟ ਦੇ ਇਸ ਫੈਸਲੇ ਨੂੰ ਸੁਪਰੀਮ ਕੋਰਟ ਵਿੱਚ ਚੁਣੌਤੀ ਦਿੱਤੀ ਗਈ ਸੀ।

#### ਜਸਟਿਸ ਸੂਰਿਆਕਾਂਤ ਨੇ ਕਿਹਾ- ਅਪਰਾਧੀ ਦੀ ਸ਼ਿਕਾਇਤ 'ਤੇ ਜੱਜ ਨੂੰ ਸ਼ੱਕੀ ਘੋਸ਼ਿਤ ਕੀਤਾ ਗਿਆ, ਕਿਹਾ ਮੂੰਹ ਨਾ ਖੁਲਵਾਓ।

ਜਦੋਂ ਸੁਪਰੀਮ ਕੋਰਟ ਵਿੱਚ ਸੁਣਵਾਈ ਸ਼ੁਰੂ ਹੋਈ ਤਾਂ ਹਾਈ ਕੋਰਟ ਵੱਲੋਂ ਪੇਸ਼ ਹੋਏ ਵਕੀਲ ਪਟਵਾਲੀਆ ਨੇ ਦਲੀਲਾਂ ਦੇਣੀਆਂ ਸ਼ੁਰੂ ਕਰ ਦਿੱਤੀਆਂ। ਜਸਟਿਸ ਸੂਰਿਆ ਕਾਂਤ ਨੇ ਉਨ੍ਹਾਂ ਨੂੰ ਰੋਕਿਆ ਅਤੇ ਕਿਹਾ, "ਜੇ ਤੁਸੀਂ ਚਾਹੁੰਦੇ ਹੋ ਕਿ ਮੈਂ ਇਹ ਖੁੱਲ੍ਹੀ ਅਦਾਲਤ ਵਿੱਚ ਕਹਾਂ, ਤਾਂ ਮੈਨੂੰ ਇਹ ਕਹਿਣ ਵਿੱਚ ਕੋਈ ਇਤਰਾਜ਼ ਨਹੀਂ ਹੈ ਕਿ ਪ੍ਰੇਮ ਕੁਮਾਰ ਹਾਲਾਤਾਂ ਅਤੇ ਜਾਤੀ ਪੱਖਪਾਤ ਦਾ ਸ਼ਿਕਾਰ ਸੀ।" ਇੱਕ ਜੱਜ ਜਿਸਦਾ ਆਚਰਣ ਲਗਾਤਾਰ ਚੰਗਾ ਰਿਹਾ ਸੀ, ਨੂੰ ਇੱਕ ਅਪਰਾਧੀ ਦੀ ਸ਼ਿਕਾਇਤ ਦੇ ਆਧਾਰ 'ਤੇ 'ਸ਼ੱਕੀ ਇਮਾਨਦਾਰੀ' ਦਾ ਦੋਸ਼ੀ ਘੋਸ਼ਿਤ ਕੀਤਾ ਗਿਆ ਸੀ। ਜਦੋਂ ਪਟਵਾਲੀਆ ਨੇ ਦੁਬਾਰਾ ਕੁਝ ਕਹਿਣ ਦੀ ਕੋਸ਼ਿਸ਼ ਕੀਤੀ, ਤਾਂ ਜਸਟਿਸ ਸੂਰਿਆਕਾਂਤ ਨੇ ਕਿਹਾ, 'ਤੁਸੀਂ ਉੱਥੇ ਨਹੀਂ ਸੀ, ਮੈਂ ਸੀ।' ਮੈਂ ਇਸਨੂੰ ਦੇਖਿਆ ਹੈ। ਮੈਨੂੰ ਬਹੁਤ ਕੁਝ ਪਤਾ ਹੈ। ਮੈਨੂੰ ਪਤਾ ਹੈ ਕਿ ਹਾਈ ਕੋਰਟ ਵਿੱਚ ਕੀ ਹੋਇਆ।

#### ਪਿਤਾ ਮੋਚੀ ਸੀ ਅਤੇ ਮਾਂ ਮਜ਼ਦੂਰ ਸੀ, ਪ੍ਰੇਮ ਕੁਮਾਰ ਖੁਦ ਸਖ਼ਤ ਮਿਹਨਤ ਕਰਕੇ ਜੱਜ ਬਣਿਆ:

ਅਦਾਲਤ ਦੇ ਜਸਟਿਸ ਸੂਰਿਆਕਾਂਤ ਨੇ ਕਿਹਾ, ਪ੍ਰੇਮ ਕੁਮਾਰ ਦੇ ਪਿਤਾ ਮੋਚੀ ਸਨ ਅਤੇ ਮਾਂ ਮਜ਼ਦੂਰ ਸੀ। ਇੱਕ ਬਹੁਤ ਹੀ ਅਣਗੌਲਿਆ ਭਾਈਚਾਰੇ ਤੋਂ ਹੋਣ ਦੇ ਬਾਵਜੂਦ, ਉਸਨੇ ਸਖ਼ਤ ਮਿਹਨਤ ਕੀਤੀ ਅਤੇ ਜੱਜ ਬਣ ਗਿਆ। ਇਸ ਮਾਮਲੇ ਵਿੱਚ ਹੋਰ ਵੀ ਬਹੁਤ ਸਾਰੀਆਂ ਗੱਲਾਂ ਹਨ, ਬਿਹਤਰ ਹੈ ਕਿ ਅਸੀਂ ਉਨ੍ਹਾਂ ਦਾ ਜ਼ਿਕਰ ਇੱਥੇ ਨਾ ਕਰੀਏ। ਜਸਟਿਸ ਸੂਰਿਆਕਾਂਤ ਨੇ ਕਿਹਾ, ਉਨ੍ਹਾਂ (ਜੱਜ ਪ੍ਰੇਮ ਕੁਮਾਰ) ਦੀ ਏਸੀਆਰ ਰਿਪੋਰਟ ਦਰਸਾਉਂਦੀ ਹੈ ਕਿ ਉਹ ਸੁਣਵਾਈ, ਫੈਸਲਾ ਦੇਣ ਅਤੇ ਮਾਮਲਿਆਂ ਦਾ ਨਿਪਟਾਰਾ ਕਰਨ ਵਿੱਚ ਬਿਹਤਰ ਸਨ। ਪਰ ਸ਼ਿਕਾਇਤ ਆਉਣ ਤੋਂ ਬਾਅਦ ਅਚਾਨਕ ਸਭ ਕੁਝ ਗਲਤ ਹੋ ਗਿਆ।

## 1984 ਸਿੱਖ ਕਤਲੇਆਮ : ਬਰੀ ਕਰਨ ਦੇ ਫੈਸਲੇ ਨੂੰ ਚੁਨੌਤੀ ਦੇਣ ਵਾਲੀਆਂ ਪਟੀਸ਼ਨਾਂ 'ਤੇ ਮੁਲਜ਼ਮਾਂ ਨੂੰ ਨੋਟਿਸ ਜਾਰੀ

### 21 ਜੁਲਾਈ ਦੀ ਤਰੀਕ ਨਿਰਧਾਰਤ ਕੀਤੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ INTERNATIONAL PAPER, 94636 01616 hardipchumber57@gmail.com

ਨਵੀਂ ਦਿੱਲੀ : ਸੁਪਰੀਮ ਕੋਰਟ ਨੇ 1984 ਦੇ ਸਿੱਖ ਕਤਲੇਆਮ ਦੇ ਮਾਮਲਿਆਂ 'ਚ ਬਰੀ ਕੀਤੇ ਜਾਣ ਨੂੰ ਚੁਨੌਤੀ ਦੇਣ ਵਾਲੀਆਂ ਦਿੱਲੀ ਪੁਲਿਸ ਵਲੋਂ ਦਾਇਰ ਛੇ ਵਿਸ਼ੇਸ਼ ਛੁੱਟੀ ਪਟੀਸ਼ਨਾਂ (ਐਸ.ਐਲ.ਪੀਜ਼.) 'ਤੇ ਮੁਲਜ਼ਮਾਂ ਨੂੰ ਨੋਟਿਸ ਜਾਰੀ ਕੀਤੇ ਹਨ। ਇਹ ਪਟੀਸ਼ਨ ਸ਼੍ਰੋਮਣੀ ਕਮੇਟੀ ਦੇ ਸਾਬਕਾ ਮੈਂਬਰ ਗੁਰਲਾਪ ਸਿੰਘ ਕਾਹਲੋਂ ਨੇ ਦਾਇਰ ਕੀਤੀ ਸੀ।

ਜਸਟਿਸ ਅਭੈ ਐਸ. ਓਕਾ ਨੇ ਅਪੀਲ ਦਾਇਰ ਕਰਨ 'ਚ ਦੇਰੀ 'ਤੇ ਸਵਾਲ ਉਠਾਉਂਦੇ ਹੋਏ ਪੁਲਿਸ ਦੀ ਦਲੀਲ 'ਚ ਫ਼ਰਕ ਨੂੰ ਨੋਟ ਕੀਤਾ। ਇਹ ਪਟੀਸ਼ਨਾਂ ਜਸਟਿਸ ਐਸ.ਐਨ. ਢੀਂਗਰਾ ਕਮੇਟੀ ਦੀਆਂ ਸਿਫਾਰਸ਼ਾਂ ਤੋਂ ਪੈਦਾ ਹੋਈਆਂ ਸਨ, ਜਿਸ 'ਚ ਪਾਇਆ ਗਿਆ ਸੀ ਕਿ ਕਤਲੇਆਮ ਦੀ ਜਾਂਚ ਨੂੰ ਗਲਤ ਢੰਗ ਨਾਲ ਸੰਭਾਲਿਆ ਗਿਆ ਸੀ। ਫੂਲਕਾ ਨੇ ਦਲੀਲ ਦਿਤੀ ਕਿ ਦਿੱਲੀ ਪੁਲਿਸ ਪਹਿਲਾਂ ਦੀ ਕਾਰਵਾਈ 'ਚ ਅਹਿਮ ਸਬੂਤ ਪੇਸ਼ ਕਰਨ 'ਚ ਅਸਫਲ ਰਹੀ। ਅਦਾਲਤ ਨੇ ਪਟੀਸ਼ਨਕਰਤਾ ਨੂੰ ਸਬੂਤਾਂ ਦੇ ਨੋਟ ਇਕੱਠੇ ਕਰਨ ਦਾ ਹੁਕਮ ਦਿਤਾ ਅਤੇ ਅਗਲੀ ਸੁਣਵਾਈ ਲਈ 21 ਜੁਲਾਈ ਦੀ ਤਰੀਕ ਨਿਰਧਾਰਤ ਕੀਤੀ

# ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ 'ਚ ਭਾਰਤ-ਪਾਕਿਸਤਾਨ ਤਣਾਅ 'ਤੇ ਹੋਈ ਬੰਦ ਕਮਰਾ ਮੀਟਿੰਗ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ (UNSC) ਵਿਖੇ ਸੋਮਵਾਰ ਦੇਰ ਰਾਤ ਭਾਰਤ ਅਤੇ ਪਾਕਿਸਤਾਨ ਵਿਚਕਾਰ ਤਣਾਅ ਨੂੰ ਲੈ ਕੇ ਬੰਦ ਕਮਰਾ ਮੀਟਿੰਗ ਹੋਈ। ਹਾਲਾਂਕਿ, ਇਸ ਮੀਟਿੰਗ ਤੋਂ ਬਾਅਦ UNSC ਨੇ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ ਅਤੇ ਨਾ ਹੀ ਕੋਈ ਮਤਾ ਪਾਸ ਕੀਤਾ ਗਿਆ।



ਹਾਲਾਂਕਿ, ਮੀਟਿੰਗ ਤੋਂ ਬਾਅਦ, ਸੰਯੁਕਤ ਰਾਸ਼ਟਰ ਵਿੱਚ ਪਾਕਿਸਤਾਨ ਦੇ ਰਾਜਦੂਤ, ਇਫਤਿਖਾਰ ਅਹਿਮਦ ਨੇ ਕਿਹਾ ਕਿ ਪਾਕਿਸਤਾਨ ਨੇ ਦੱਖਣੀ ਏਸ਼ੀਆ ਵਿੱਚ ਵਧ ਰਹੇ ਤਣਾਅ ਨੂੰ ਘਟਾਉਣ ਲਈ ਇਸ ਮੀਟਿੰਗ ਦੀ ਬੇਨਤੀ ਕੀਤੀ ਸੀ। ਉਸਨੇ ਕਿਹਾ ਕਿ ਉਨ੍ਹਾਂ ਦਾ ਮਕਸਦ ਪੂਰਾ ਹੋ ਗਿਆ ਹੈ।

ਇਹ ਮੀਟਿੰਗ ਸੁਰੱਖਿਆ ਪ੍ਰੀਸ਼ਦ ਦੇ ਮੁੱਖ ਕਮਰੇ ਵਿੱਚ ਨਹੀਂ ਸਗੋਂ 'ਸਲਾਹ ਮਸ਼ਵਰੇ ਲਈ ਬਣੇ ਕਮਰੇ' ਵਿੱਚ ਹੋਈ। ਇਸ ਕਮਰੇ ਵਿੱਚ ਗੁਪਤ ਗੱਲਬਾਤ ਹੁੰਦੀ ਹੈ। ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਦੇ ਅਸਥਾਈ ਮੈਂਬਰ ਪਾਕਿਸਤਾਨ ਨੇ ਮੀਟਿੰਗ ਲਈ ਬੰਦ ਕਮਰਾ ਗੱਲਬਾਤ ਦੀ ਅਪੀਲ ਕੀਤੀ ਸੀ।

ਇਸ ਮੀਟਿੰਗ ਵਿੱਚ 15 ਦੇਸ਼ਾਂ ਦੇ ਪ੍ਰਤੀਨਿਧੀ ਸ਼ਾਮਲ ਹੋਏ। ਇਹ ਗੱਲਬਾਤ ਲਗਭਗ ਡੇਢ ਘੰਟੇ ਤੱਕ ਚੱਲੀ। ਸੁਰੱਖਿਆ ਪ੍ਰੀਸ਼ਦ ਨੇ ਮੀਟਿੰਗ ਤੋਂ ਬਾਅਦ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ ਹੈ। ਮੀਟਿੰਗ ਤੋਂ ਬਾਹਰ ਆਉਂਦੇ ਹੋਏ, ਇੱਕ ਰੂਸੀ ਡਿਪਲੋਮੈਟ ਨੇ ਕਿਹਾ ਕਿ ਸਾਨੂੰ ਉਮੀਦ ਹੈ ਕਿ ਤਣਾਅ ਘੱਟ ਜਾਵੇਗਾ।

# ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਹਿਬਾਜ਼ ਸ਼ਰੀਫ਼ ਨੇ ਕੀਤਾ ਜਵਾਬੀ ਕਾਰਵਾਈ ਦਾ ਐਲਾਨ

## ਉਨ੍ਹਾਂ ਨੇ ਜਵਾਬੀ ਕਾਰਵਾਈ ਦਾ ਐਲਾਨ ਕਰਦਿਆਂ ਕਿਹਾ ਕਿ ਪਾਕਿਸਤਾਨ ਇਸ "ਜੰਗੀ ਕਾਰਵਾਈ" ਦਾ ਮੂੰਹਤੋੜ ਜਵਾਬ ਦੇਵੇਗਾ।

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਹਿਬਾਜ਼ ਸ਼ਰੀਫ ਨੇ ਭਾਰਤ ਦੇ 'ਓਪਰੇਸ਼ਨ ਸਿੰਦੂਰ' ਬਾਰੇ ਸਖ਼ਤ ਟਿੱਪਣੀ ਕੀਤੀ, ਜਿਸ ਵਿੱਚ ਪਾਕਿਸਤਾਨ ਅਤੇ ਪਾਕਿਸਤਾਨ ਦੇ ਕਬਜ਼ੇ ਵਾਲੇ ਜੰਮੂ-ਕਸ਼ਮੀਰ (PoJK) ਵਿੱਚ ਅੱਤਵਾਦੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ ਗਿਆ ਸੀ। ਸ਼ਰੀਫ ਨੇ ਇਸ ਨੂੰ "ਕਾਇਰਾਨਾ ਹਮਲਾ" ਕਰਾਰ ਦਿੱਤਾ ਅਤੇ ਦਾਅਵਾ ਕੀਤਾ ਕਿ ਭਾਰਤ ਨੇ ਪਾਕਿਸਤਾਨ ਵਿੱਚ ਪੰਜ ਟਿਕਾਣਿਆਂ 'ਤੇ ਹਮਲੇ ਕੀਤੇ।

ਉਨ੍ਹਾਂ ਨੇ ਜਵਾਬੀ ਕਾਰਵਾਈ ਦਾ ਐਲਾਨ ਕਰਦਿਆਂ ਕਿਹਾ ਕਿ ਪਾਕਿਸਤਾਨ ਇਸ "ਜੰਗੀ ਕਾਰਵਾਈ" ਦਾ ਮੂੰਹਤੋੜ ਜਵਾਬ ਦੇਵੇਗਾ।

ਸ਼ਰੀਫ ਨੇ ਕਿਹਾ, "ਚਲਾਕ ਦੁਸ਼ਮਣ ਨੇ ਪਾਕਿਸਤਾਨ ਵਿੱਚ ਪੰਜ ਟਿਕਾਣਿਆਂ 'ਤੇ ਕਾਇਰਾਨਾ ਹਮਲੇ ਕੀਤੇ ਹਨ। ਪਾਕਿਸਤਾਨ ਨੂੰ ਇਸ ਦਾ ਜ਼ੋਰਦਾਰ ਜਵਾਬ ਦੇਣ ਦਾ ਪੂਰਾ ਹੱਕ ਹੈ, ਅਤੇ ਅਸੀਂ ਜਵਾਬ ਦੇ ਰਹੇ ਹਾਂ।" ਉਨ੍ਹਾਂ ਨੇ ਪਾਕਿਸਤਾਨੀ ਫੌਜ ਦੀ ਹਮਾਇਤ ਵਿੱਚ ਕੌਮ ਨੂੰ ਇਕਜੁੱਟ ਹੋਣ ਦੀ ਅਪੀਲ ਕੀਤੀ ਅਤੇ ਕਿਹਾ, "ਸਾਰੀ ਕੌਮ ਫੌਜ ਨਾਲ ਖੜ੍ਹੀ ਹੈ, ਅਤੇ ਪਾਕਿਸਤਾਨੀ ਕੌਮ ਦਾ ਹੌਸਲਾ ਬੁਲੰਦ ਹੈ। ਅਸੀਂ ਦੁਸ਼ਮਣ ਨੂੰ ਉਸ ਦੇ ਨਾਪਾਕ ਮਨਸੂਬਿਆਂ ਵਿੱਚ ਕਾਮਯਾਬ ਨਹੀਂ ਹੋਣ ਦੇਵਾਂਗੇ।"

ਭਾਰਤ ਨੇ ਓਪਰੇਸ਼ਨ ਸਿੰਦੂਰ ਵਿੱਚ 9 ਅੱਤਵਾਦੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ ਸੀ, ਜੋ ਪਹਿਲਗਾਮ ਵਿੱਚ 25 ਭਾਰਤੀਆਂ ਅਤੇ ਇੱਕ ਨੇਪਾਲੀ ਨਾਗਰਿਕ ਦੀ ਮੌਤ ਦੇ ਜ਼ਿੰਮੇਵਾਰ ਅੱਤਵਾਦੀ ਹਮਲੇ ਦੇ ਜਵਾਬ ਵਜੋਂ ਸੀ। ਭਾਰਤ ਦਾ ਕਹਿਣਾ ਹੈ ਕਿ ਇਹ ਕਾਰਵਾਈ ਸੀਮਤ ਅਤੇ ਸੰਜਮੀ ਸੀ, ਜਿਸ ਵਿੱਚ ਪਾਕਿਸਤਾਨੀ ਫੌਜੀ ਸਹੂਲਤਾਂ ਨੂੰ ਨੁਕਸਾਨ ਨਹੀਂ ਪਹੁੰਚਾਇਆ ਗਿਆ। ਸ਼ਰੀਫ ਦਾ ਪੰਜ ਟਿਕਾਣਿਆਂ ਦਾ ਦਾਅਵਾ ਭਾਰਤ ਦੇ ਬਿਆਨ ਨਾਲ ਮੇਲ ਨਹੀਂ ਖਾਂਦਾ, ਜੋ



ਸਥਿਤੀ ਨੂੰ ਲੈ ਕੇ ਸਵਾਲ ਖੜ੍ਹੇ ਕਰਦਾ ਹੈ।

ਪਾਕਿਸਤਾਨੀ ਮੀਡੀਆ ਵੱਲੋਂ ਸ੍ਰੀਨਗਰ ਹਵਾਈ ਅੱਡੇ 'ਤੇ ਹਮਲੇ ਦੇ ਝੂਠੇ ਦਾਅਵਿਆਂ ਤੋਂ ਬਾਅਦ, ਜੰਮੂ-ਕਸ਼ਮੀਰ ਪੁਲਿਸ ਨੇ ਅੱਜ ਸਵੇਰੇ 2:30 ਵਜੇ ਇਸ ਦੀ ਖੰਡਨ ਕੀਤੀ। ਭਾਰਤ ਅੱਜ ਸ਼ਾਮ ਨੂੰ ਓਪਰੇਸ਼ਨ ਸਿੰਦੂਰ 'ਤੇ ਵਿਸਥਾਰਤ ਜਾਣਕਾਰੀ ਦੇਵੇਗਾ, ਜਦਕਿ ਅੰਤਰਰਾਸ਼ਟਰੀ ਭਾਈਚਾਰਾ ਸਥਿਤੀ 'ਤੇ ਨਜ਼ਰ ਰੱਖ ਰਿਹਾ ਹੈ।

# ਬਲੂਚਿਸਤਾਨ 'ਚ ਪਾਕਿਸਤਾਨੀ ਫ਼ੌਜ ਦੀ ਗੱਡੀ 'ਤੇ ਹਮਲਾ, ਮੇਜਰ ਸਣੇ 6 ਜਵਾਨ ਸ਼ਹੀਦ, 5 ਜ਼ਖ਼ਮੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

ਬਲੋਚਿਸਤਾਨ ਸੂਬੇ ਵਿਚ ਪਾਕਿਸਤਾਨੀ ਫੌਜ ਦੇ ਇਕ ਵਾਹਨ 'ਤੇ ਵੱਡਾ ਹਮਲਾ ਹੋਇਆ ਹੈ। ਇਸ ਹਮਲੇ ਵਿਚ ਪਾਕਿਸਤਾਨੀ ਫ਼ੌਜ ਦੇ ਫਰੰਟੀਅਰ ਕੋਰ (ਐਫਸੀ) ਦੇ ਛੇ ਜਵਾਨ ਮਾਰੇ ਗਏ। ਜਦੋਂ ਕਿ ਪੰਜ ਹੋਰ ਜ਼ਖ਼ਮੀ ਹੋਏ ਹਨ। ਇਹ ਜਾਣਕਾਰੀ ਸਥਾਨਕ ਮੀਡੀਆ ਰਿਪੋਰਟ ਵਿਚ ਦਿਤੀ ਗਈ ਹੈ। ਜਾਣਕਾਰੀ ਅਨੁਸਾਰ, ਆਈਈਡੀ (ਇੰਪਰੂਵਾਈਜ਼ਡ ਐਕਸਪਲੋਸਿਵ ਡਿਵਾਈਸ) ਧਮਾਕਾ ਸੂਬੇ ਦੇ ਬੋਲਾਨ ਖੇਤਰ ਵਿਚ ਅਮੀਰ ਪੋਸਟ ਅਤੇ ਅਲੀ ਖ਼ਾਨ ਬੇਸ ਦੇ ਵਿਚਕਾਰ ਹੋਇਆ।

ਸਥਾਨਕ ਮੀਡੀਆ ਰਿਪੋਰਟਾਂ ਅਨੁਸਾਰ, ਹਮਲੇ ਵਿਚ ਪਾਕਿਸਤਾਨੀ ਫ਼ੌਜ ਦੇ ਮੇਜਰ (ਸਪੈਸ਼ਲ ਆਪ੍ਰੇਸ਼ਨ ਕਮਾਂਡ) ਤਾਰਿਕ ਇਮਰਾਨ, ਨਾਇਕ ਆਸਿਫ਼, ਸੂਬੇਦਾਰ ਫ਼ਾਰੂਕ, ਨਾਇਕ ਮਸ਼ਕੂਰ, ਸਿਪਾਹੀ ਵਾਜਿਦ, ਸਿਪਾਹੀ ਕਾਸ਼ਿਫ਼ ਮਾਰੇ ਗਏ। ਇਸ ਦੇ ਨਾਲ ਹੀ ਸਿਪਾਹੀ ਜ਼ੀਸ਼ਾਨ, ਸਿਪਾਹੀ ਸ਼ਾਦਮਾਨ, ਨਾਇਕ ਓਵੈਸ, ਸਿਪਾਹੀ ਜ਼ੈਨਉੱਲਾ, ਸਿਪਾਹੀ ਤਇਅਬ ਜ਼ਖ਼ਮੀ ਹੋ ਗਏ ਹਨ।

ਸੁਰੱਖਿਆ ਬਲਾਂ ਨੇ ਇਲਾਕੇ ਨੂੰ ਘੇਰ ਲਿਆ ਹੈ ਅਤੇ ਤਲਾਸ਼ੀ ਮੁਹਿੰਮ ਸ਼ੁਰੂ ਕਰ ਦਿੱਤੀ ਹੈ। ਹੁਣ ਤੱਕ ਕਿਸੇ ਵੀ ਸੰਗਠਨ ਨੇ ਇਸ ਹਮਲੇ ਦੀ ਜ਼ਿੰਮੇਵਾਰੀ ਨਹੀਂ ਲਈ ਹੈ

# ਸ਼ੰਭੂ ਥਾਣਾ ਘੇਰਨ ਜਾਂਦੇ ਕਿਸਾਨ ਪੁਲੀਸ ਨੇ ਰਾਹ 'ਚ ਡੱਕੇ, ਸੈਂਕੜੇ ਕਿਸਾਨ-ਮਜ਼ਦੂਰ ਆਗੂ ਹਿਰਾਸਤ ਵਿੱਚ ਲਏ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

ਸੰਯੁਕਤ ਕਿਸਾਨ ਮੋਰਚਾ (ਗ਼ੈਰ-ਸਿਆਸੀ) ਤੇ ਕਿਸਾਨ-ਮਜ਼ਦੂਰ ਮੋਰਚਾ ਦੇ ਸੱਦੇ 'ਤੇ ਅੱਜ ਸ਼ੰਭੂ ਥਾਣੇ ਦਾ ਘਿਰਾਓ ਕਰਨ ਜਾਂਦੇ ਕਿਸਾਨਾਂ ਨੂੰ ਪੰਜਾਬ ਪੁਲੀਸ ਨੇ ਸੂਬੇ ਵਿੱਚ ਵੱਖ-ਵੱਖ ਥਾਵਾਂ 'ਤੇ ਰੋਕ ਦਿੱਤਾ। ਪੁਲੀਸ ਨੇ ਥਾਂ'ਥਾਂ 'ਤੇ ਨਾਕਾਬੰਦੀ ਕੀਤੀ ਹੋਈ ਸੀ ਅਤੇ ਬੱਸਾਂ, ਕਾਰਾਂ ਤੇ ਹੋਰਨਾਂ ਵਾਹਨਾਂ ਦੀ ਤਲਾਸ਼ੀ ਲਈ ਜਾ ਰਹੀ ਸੀ। ਇਸ ਦੌਰਾਨ ਕਈ ਥਾਵਾਂ 'ਤੇ ਪੁਲੀਸ ਤੇ ਕਿਸਾਨਾਂ ਦਰਮਿਆਨ ਤਕਰਾਰ ਦੀਆਂ ਰਿਪੋਰਟਾਂ ਵੀ ਹਨ। ਪੁਲੀਸ ਨੇ ਸੈਂਕੜੇ ਕਿਸਾਨ ਆਗੂਆਂ ਨੂੰ ਹਿਰਾਸਤ ਵਿੱਚ ਲੈ ਲਿਆ ਹੈ। ਕਈ ਥਾਈਂ ਪੁਲੀਸ ਵੱਲੋਂ ਰੋਕਣ 'ਤੇ ਕਿਸਾਨਾਂ ਨੇ ਪ੍ਰਦਰਸ਼ਨ ਸ਼ੁਰੂ ਕਰ ਦਿੱਤੇ।



ਜਾਣਕਾਰੀ ਅਨੁਸਾਰ 19 ਮਾਰਚ ਨੂੰ ਪੁਲੀਸ ਵੱਲੋਂ ਦੋਵਾਂ ਫੋਰਮਾਂ ਦੇ ਆਗੂਆਂ ਨੂੰ ਗ੍ਰਿਫ਼ਤਾਰ ਕਰਨ ਮਗਰੋਂ ਸ਼ੰਭੂ ਤੇ ਖਨੌਰੀ ਬਾਰਡਰ 'ਤੇ ਚੱਲ ਰਹੇ ਪੱਕੇ ਮੋਰਚੇ ਖਦੇੜਨ ਤੇ ਇਸ ਕਾਰਵਾਈ ਦੌਰਾਨ ਚੋਰੀ ਹੋਏ ਕਰੋੜਾਂ ਰੁਪਏ ਦੇ ਸਾਮਾਨ ਦੀ ਭਰਪਾਈ ਲਈ ਦੋਵਾਂ ਮੋਰਚਿਆਂ ਨੇ ਸ਼ੰਭੂ ਥਾਣੇ ਦੇ ਘਿਰਾਓ ਦਾ ਐਲਾਨ ਕੀਤਾ ਸੀ। ਪੁਲੀਸ ਨੇ ਕਿਸਾਨਾਂ ਨੂੰ ਰੋਕਣ ਲਈ ਪਹਿਲਾਂ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਸਮੇਤ ਦਰਜਨਾਂ ਕਿਸਾਨ ਆਗੂਆਂ ਨੂੰ ਘਰਾਂ ਵਿੱਚ ਨਜ਼ਰਬੰਦ ਕਰ ਦਿੱਤਾ। ਇਸ ਤੋਂ ਬਾਅਦ ਅੱਜ ਸ਼ੰਭੂ ਥਾਣੇ ਦੇ ਘਿਰਾਓ ਲਈ ਨਿਕਲੇ ਹਜ਼ਾਰਾਂ ਕਿਸਾਨਾਂ ਨੂੰ ਰੋਕਣ ਲਈ ਥਾਂ-ਥਾਂ 'ਤੇ ਨਾਕਾਬੰਦੀ ਕੀਤੀ ਗਈ। ਪੁਲੀਸ ਨੇ ਰਾਜਪੁਰਾ ਤੋਂ ਸ਼ੰਭੂ ਜਾਣ ਵਾਲੇ ਸਾਰੀਆਂ ਸੜਕਾਂ 'ਤੇ ਵੀ ਬੈਰੀਕੇਡਿੰਗ ਕਰ ਕੇ ਸੜਕਾਂ 'ਤੇ ਮਿੱਟੀ ਦੇ ਭਰੇ ਟਿੱਪਰ ਖੜ੍ਹੇ ਕਰ ਦਿੱਤੇ। ਇਸ ਤੋਂ ਇਲਾਵਾ ਸ਼ੰਭੂ ਦੇ ਨਜ਼ਦੀਕ ਦਿੱਲੀ-ਅੰਮ੍ਰਿਤਸਰ ਸੜਕ ਮਾਰਗ ਨੂੰ ਲੱਗਣ ਵਾਲੀਆਂ ਸਾਰੀਆਂ ਸੜਕਾਂ 'ਤੇ ਬੈਰੀਕੇਡਿੰਗ ਕਰ ਕੇ ਕਿਸਾਨਾਂ ਨੂੰ ਰੋਕਿਆ ਗਿਆ। ਪੁਲੀਸ ਨੇ ਬਠਿੰਡਾ, ਮੋਗਾ, ਪਾਤੜਾਂ ਸਣੇ ਹੋਰਨਾਂ ਥਾਵਾਂ 'ਤੇ ਵੀ ਕਿਸਾਨਾਂ ਨੂੰ ਰੋਕਿਆ ਤਾਂ ਕਿਸਾਨਾਂ ਨੇ ਉੱਥੇ ਹੀ ਪ੍ਰਦਰਸ਼ਨ ਸ਼ੁਰੂ ਕਰ ਦਿੱਤੇ।

## ਕਿਸਾਨ ਆਗੂਆਂ ਨੇ ਪੰਜਾਬ ਨੂੰ 'ਪੁਲੀਸ ਰਾਜ' ਬਣਾਉਣ ਦੇ ਦੋਸ਼ ਲਾਏ

ਪਟਿਆਲਾ (ਸਰਬਜੀਤ ਸਿੰਘ ਭੰਗੂ): ਕਿਸਾਨ ਮਜ਼ਦੂਰ ਮੋਰਚਾ ਅਤੇ ਸੰਯੁਕਤ ਕਿਸਾਨ ਮੋਰਚਾ (ਗ਼ੈਰ-ਸਿਆਸੀ) ਨੇ ਦਾਅਵਾ ਕੀਤਾ ਕਿ ਪੁਲੀਸ ਰੋਕਾਂ ਦੇ ਬਾਵਜੂਦ ਪੰਜਾਬ ਅਤੇ ਹਰਿਆਣਾ ਵੱਲੋਂ ਹਜ਼ਾਰਾਂ ਕਿਸਾਨ ਮਜ਼ਦੂਰ ਸ਼ੰਭੂ ਥਾਣੇ ਦੇ ਘਿਰਾਓ ਲਈ ਅੱਜ ਸੜਕਾਂ 'ਤੇ ਨਿਤਰੇ ਸਨ। ਪੁਲੀਸ ਨੇ ਉਨ੍ਹਾਂ ਨੂੰ ਥਾਣਿਆਂ ਵਿੱਚ ਬੰਦ ਕਰ ਦਿੱਤਾ, ਜਦੋਂਕਿ ਕਈ ਆਗੂਆਂ ਨੂੰ ਪਹਿਲਾਂ ਹੀ ਘਰਾਂ 'ਚ ਨਜ਼ਰਬੰਦ ਕੀਤਾ ਹੋਇਆ ਹੈ। ਕਿਸਾਨ ਨੇਤਾ ਜਗਜੀਤ ਸਿੰਘ ਡੱਲੇਵਾਲ ਅਤੇ ਸਰਵਣ ਸਿੰਘ ਪੰਧੇਰ ਨੇ ਕਿਹਾ ਕਿ 'ਆਪ' ਸਰਕਾਰ ਨੇ ਪੰਜਾਬ ਨੂੰ 'ਪੁਲੀਸ ਰਾਜ' ਬਣਾ ਦਿੱਤਾ ਹੈ ਤੇ ਪੁਲੀਸ ਬਲ ਦੀ ਲਗਾਤਾਰ ਦੁਰਵਰਤੋਂ ਕੀਤੀ ਜਾ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਇੱਕ ਹਜ਼ਾਰ ਦੇ ਕਰੀਬ ਕਿਸਾਨ ਮਜ਼ਦੂਰ ਹਿਰਾਸਤ ਵਿੱਚ ਲਏ ਗਏ ਜਦੋਂਕਿ ਜਗਜੀਤ ਸਿੰਘ ਡੱਲੇਵਾਲ, ਬਲਦੇਵ ਸਿਰਸਾ, ਹਰਸੁਲਿੰਦਰ ਕਿਸ਼ਨਗੜ੍ਹ, ਅੰਗਰੇਜ਼ ਬੁਟੇਵਾਲ ਨੂੰ ਕੱਲ੍ਹ ਤੋਂ ਹੀ ਘਰਾਂ ਵਿੱਚ ਨਜ਼ਰਬੰਦ ਕੀਤਾ ਹੋਇਆ ਹੈ। ਸੁਖਜੀਤ ਹਰਦੋਝੰਡੇ, ਮਨਜੀਤ ਰਾਏ, ਕਾਕਾ ਕੋਟੜਾ, ਬਲਵੰਤ ਬਹਿਰਾਮਕੇ, ਮਲਕੀਤ ਗੁਲਾਮੀਵਾਲਾ, ਗੁਰਿੰਦਰ ਭੰਗੂ ਤੇ ਦਿਲਬਾਗ ਗਿੱਲ ਆਦਿ ਨੂੰ ਵੀ ਗ੍ਰਿਫ਼ਤਾਰ ਕੀਤਾ ਹੋਇਆ ਹੈ। ਉਨ੍ਹਾਂ ਕਿਹਾ ਕਿ ਅੱਜ ਸ਼ੰਭੂ ਥਾਣੇ ਦਾ ਘਿਰਾਓ ਕਰਨ ਜਾ ਰਹੇ ਦਿਲਬਾਗ ਹਰੀਗੜ੍ਹ, ਸੁਰਜੀਤ ਫੂਲ ਤੇ ਹੋਰ ਆਗੂਆਂ ਨੂੰ ਵੀ ਹਿਰਾਸਤ 'ਚ ਲਿਆ ਹੈ।

# ਹਾਈ ਕੋਰਟ ਵੱਲੋਂ ਬੀਬੀਐੱਮਬੀ ਦੀ ਪਟੀਸ਼ਨ ਦਾ ਨਿਬੇੜਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

ਚੰਡੀਗੜ੍ਹ (ਚਰਨਜੀਤ ਭੁੱਲਰ): ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਅੱਜ ਬੀਬੀਐੱਮਬੀ ਦੀ ਪਟੀਸ਼ਨ ਦਾ ਨਿਬੇੜਾ ਕਰ ਦਿੱਤਾ ਹੈ ਪਰ ਇਸ ਸਬੰਧੀ ਫੈਸਲਾ ਨਸ਼ਰ ਨਹੀਂ ਕੀਤਾ। ਹਾਈ ਕੋਰਟ ਦੇ ਚੀਫ ਜਸਟਿਸ ਸ਼ੀਲ ਨਾਗੂ ਨੇ ਇਸ ਤੋਂ ਪਹਿਲਾਂ ਸਾਰੀਆਂ ਧਿਰਾਂ ਦੇ ਪੱਖ ਸੁਣੇ। ਭਾਵੇਂ ਪਟੀਸ਼ਨ 'ਚ ਭਾਰਤ ਸਰਕਾਰ ਨੂੰ ਧਿਰ ਨਹੀਂ ਬਣਾਇਆ ਗਿਆ ਸੀ ਪਰ ਕੇਂਦਰ ਵੱਲੋਂ ਐਡਵੋਕੇਟ ਸਤਿਆਪਾਲ ਜੈਨ ਹਾਜ਼ਰ ਹੋਏ। ਪੰਜਾਬ ਵੱਲੋਂ ਸਾਬਕਾ ਐਡਵੋਕੇਟ ਜਨਰਲ ਗੁਰਮਿੰਦਰ ਸਿੰਘ ਗੈਰੀ ਅਤੇ ਮੌਜੂਦਾ ਐਡਵੋਕੇਟ ਜਨਰਲ ਮਨਿੰਦਰਜੀਤ ਸਿੰਘ ਬੇਦੀ ਹਾਜ਼ਰ ਹੋਏ। ਬੀਬੀਐੱਮਬੀ ਨੇ ਅਦਾਲਤ 'ਚ ਡੈਮਾਂ ਦੇ ਅਪਰੇਸ਼ਨ ਤੇ ਰੈਗੂਲੇਸ਼ਨ 'ਚ ਪੰਜਾਬ ਪੁਲੀਸ ਦੇ ਦਖਲ ਦੀ ਗੱਲ ਕਰਦਿਆਂ ਕਿਹਾ ਕਿ ਡੈਮਾਂ ਦੀ ਸੁਰੱਖਿਆ ਲਈ ਕੇਂਦਰੀ ਸੁਰੱਖਿਆ ਬਲ ਤਾਇਨਾਤ ਕੀਤੇ ਜਾਣ ਅਤੇ ਇਸ ਮੌਕੇ ਕੇਂਦਰ ਸਰਕਾਰ ਦੇ ਐਡਵੋਕੇਟ ਨੇ ਇਹ ਮਾਮਲਾ ਵਿਚਾਰ ਅਧੀਨ ਹੋਣ ਦੀ ਗੱਲ ਕਹੀ। ਬੀਬੀਐੱਮਬੀ ਨੇ ਪਟੀਸ਼ਨ 'ਚ ਕਿਹਾ ਕਿ ਪੰਜਾਬ ਪੁਲੀਸ ਨੇ ਨੰਗਲ ਡੈਮ ਅਤੇ ਲੋਹਾਂਦ ਕੰਟਰੋਲ ਰੂਮ ਦੇ ਅਪਰੇਸ਼ਨ ਅਤੇ ਰੈਗੂਲੇਸ਼ਨ ਦਾ ਸਮੁੱਚਾ ਕੰਟਰੋਲ ਆਪਣੇ ਹੱਥਾਂ ਵਿੱਚ ਲੈ ਲਿਆ ਹੈ, ਜਦਕਿ ਬੀਬੀਐੱਮਬੀ ਸੁਤੰਤਰ ਅਦਾਰਾ ਹੈ। ਬੀਬੀਐੱਮਬੀ ਨੇ ਬਹਿਸ ਦੌਰਾਨ ਭਾਖੜਾ ਡੈਮ ਦੇ ਮੁੱਖ ਇੰਜਨੀਅਰ ਵੱਲੋਂ ਲਿਖਿਆ ਪੱਤਰ ਪੇਸ਼ ਕੀਤਾ, ਜਿਸ 'ਚ ਪੰਜਾਬ ਪੁਲੀਸ ਵੱਲੋਂ ਕੰਟਰੋਲ ਆਪਣੇ ਹੱਥ ਲੈਣ ਬਾਰੇ ਲਿਖਿਆ ਹੋਇਆ ਸੀ। ਪੰਜਾਬ ਸਰਕਾਰ ਨੇ ਪੱਖ ਪੇਸ਼ ਕੀਤਾ ਕਿ ਮੁੱਖ ਸਕੱਤਰ ਪੱਤਰ 'ਚ ਪਹਿਲਾਂ ਹੀ ਇਸ ਬਾਰੇ ਬੀਬੀਐੱਮਬੀ ਨੂੰ ਜਵਾਬ ਦੇ ਚੁੱਕੇ ਹਨ ਕਿ ਨੰਗਲ ਹੈੱਡ ਵਰਕਸ 'ਤੇ ਪੰਜਾਬ ਪੁਲੀਸ ਦੀ ਤਾਇਨਾਤੀ ਹਮੇਸ਼ਾ ਤੋਂ ਹੀ ਰਹੀ ਹੈ। ਕੌਮਾਂਤਰੀ ਪੱਧਰ 'ਤੇ ਬਣੇ ਤਣਾਅ ਦੇ ਮੱਦੇਨਜ਼ਰ ਸਰਹੱਦੀ ਸੂਬੇ ਦੇ ਡੈਮਾਂ ਦੀ ਸੁਰੱਖਿਆ ਦੇ ਨਜ਼ਰੀਏ ਤੋਂ ਪੁਲੀਸ ਨੇ ਸੁਰੱਖਿਆ ਇੰਤਜ਼ਾਮਾਂ ਦੀ ਸਮੀਖਿਆ ਵੀ ਕੀਤੀ ਹੈ। ਡੈਮਾਂ ਦੀ ਸੁਰੱਖਿਆ ਲਈ ਪੁਲੀਸ ਪਹਿਲਾਂ ਵੀ ਮੁਸਤੈਦ ਰਹਿੰਦੀ ਹੈ। ਪੰਜਾਬ ਸਰਕਾਰ ਨੇ ਇਸ ਗੱਲ 'ਤੇ ਇਤਰਾਜ਼ ਕੀਤਾ ਕਿ ਜਦੋਂ ਭਾਰਤ ਸਰਕਾਰ ਇਸ ਮਾਮਲੇ 'ਚ ਧਿਰ ਹੀ ਨਹੀਂ ਤਾਂ ਕੇਂਦਰ ਦੇ ਵਕੀਲ ਨੂੰ ਕਿਉਂ ਸੁਣਿਆ ਜਾ ਰਿਹਾ ਹੈ। ਅਦਾਲਤ ਵਿੱਚ ਕੇਂਦਰ ਨੇ ਪੱਖ ਪੇਸ਼ ਕੀਤਾ ਕਿ ਕੁੱਝ ਦਿਨ ਪਹਿਲਾਂ ਪੰਜਾਬ ਤੇ ਹਰਿਆਣਾ ਦੇ ਅਧਿਕਾਰੀਆਂ ਨਾਲ ਕੇਂਦਰੀ ਗ੍ਰਹਿ ਸਕੱਤਰ ਨੇ ਮੀਟਿੰਗ ਕੀਤੀ ਸੀ ਜਿਸ ਵਿੱਚ ਗ੍ਰਹਿ ਸਕੱਤਰ ਨੇ ਦੋਵੇਂ ਸੂਬਿਆਂ ਨੂੰ ਨਿਰਦੇਸ਼ ਦਿੱਤੇ ਸਨ। ਬਹਿਸ ਦੌਰਾਨ ਹਰਿਆਣਾ ਨੇ ਅਦਾਲਤ ਵਿੱਚ ਪਾਣੀਆਂ ਦੀ ਵੰਡ ਦੇ ਤੱਥ ਪੇਸ਼ ਕਰਨੇ ਸ਼ੁਰੂ ਕਰ ਦਿੱਤੇ। ਪੰਜਾਬ ਸਰਕਾਰ ਨੇ ਬੀਬੀਐੱਮਬੀ ਦੀ 30 ਅਪਰੈਲ ਵਾਲੀ ਮੀਟਿੰਗ 'ਤੇ ਵੀ ਟਿੱਪਣੀ ਕਰਦਿਆਂ ਕਿਹਾ ਕਿ ਇਸ ਮੀਟਿੰਗ ਦੇ ਮਿੰਟਸ 'ਚ ਕਿਤੇ ਨਹੀਂ ਲਿਖਿਆ ਕਿ ਮੀਟਿੰਗ ਕਿੱਥੇ ਹੋਈ ਅਤੇ ਕਿੰਨੇ ਵਜੇ ਹੋਈ, ਨਾ ਹੀ ਕੋਈ ਮੋਹਰ ਵਗ਼ੈਰਾ ਲੱਗੀ ਹੈ। ਸਾਬਕਾ ਏਜੀ ਗੁਰਮਿੰਦਰ ਗੈਰੀ ਨੇ ਮੀਡੀਆ ਨੂੰ ਦੱਸਿਆ ਕਿ ਬੀਬੀਐੱਮਬੀ ਦਾ ਮੁੱਖ ਸਰੋਕਾਰ ਪੁਲੀਸ ਦੀ ਤਾਇਨਾਤੀ ਨੂੰ ਲੈ ਕੇ ਸੀ ਅਤੇ ਉਨ੍ਹਾਂ ਵੱਲੋਂ ਅਦਾਲਤ 'ਚ ਪੱਖ ਰੱਖਿਆ ਗਿਆ ਹੈ ਕਿ ਪੰਜਾਬ ਪੁਲੀਸ ਦਾ ਡੈਮਾਂ ਦੇ ਅਪਰੇਸ਼ਨ 'ਚ ਕੋਈ ਦਾਖਲ ਨਹੀਂ ਹੈ। ਸਿਰਫ਼ ਸੁਰੱਖਿਆ ਦੇ ਮੱਦੇਨਜ਼ਰ ਉਥੇ ਪੁਲੀਸ ਤਾਇਨਾਤ ਕੀਤੀ ਗਈ ਹੈ। ਕੇਂਦਰ ਦੇ ਪ੍ਰਤੀਨਿਧ ਵਕੀਲ ਸਤਿਆਪਾਲ ਜੈਨ ਨੇ ਕਿਹਾ ਕਿ ਉਨ੍ਹਾਂ ਨੇ ਡੈਮਾਂ ਤੋਂ ਪੰਜਾਬ ਪੁਲੀਸ ਦਾ ਕੰਟਰੋਲ ਹਟਾਉਣ ਲਈ ਕਿਹਾ ਹੈ ਤਾਂ ਜੋ ਬੀਬੀਐੱਮਬੀ ਸੁਤੰਤਰ ਰੂਪ ਵਿੱਚ ਕੰਮ ਕਰ ਸਕੇ। ਬੀਬੀਐੱਮਬੀ ਦੇ ਐਡਵੋਕੇਟ ਰਾਜੇਸ਼ ਗਰਗ ਨੇ ਕਿਹਾ ਕਿ ਪੰਜਾਬ ਪੁਲੀਸ ਡੈਮਾਂ ਦੇ ਅਪਰੇਸ਼ਨ ਤੇ ਰੈਗੂਲੇਸ਼ਨ ਵਿੱਚ ਦਖਲ ਨਾ ਦੇਵੇ। ਬੀਬੀਐੱਮਬੀ ਨੇ ਬੀਤੇ ਦਿਨ ਹਰਿਆਣਾ ਨੂੰ ਵਾਧੂ ਪਾਣੀ ਦੇਣ ਦੇ ਫ਼ੈਸਲੇ ਮਗਰੋਂ ਪੈਦਾ ਹੋਈ ਸਥਿਤੀ ਦੇ ਮੱਦੇਨਜ਼ਰ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ ਸੀ। ਇਸ ਤੋਂ ਪਹਿਲਾਂ ਹਾਈ ਕੋਰਟ ਨੇ ਪਟੀਸ਼ਨ 'ਤੇ ਫੈਸਲਾ ਰਾਖਵਾਂ ਰੱਖ ਲਿਆ ਸੀ।

# ਪੰਜਾਬ ਪੁਲਿਸ ਨੂੰ ਮਿਲੀ ਅੱਤਵਾਦੀ ਨੈੱਟਵਰਕ ਵਿਰੁੱਧ ਵੱਡੀ ਸਫਲਤਾ, ਖਤਰਨਾਕ ਗੋਲਾ-ਬਾਰੂਦ ਬਰਾਮਦ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 06 ਮਈ
INTERNATIONAL PAPER, 9463601616
hardipchumber57@gmail.com

ਪੰਜਾਬ ਪੁਲਿਸ ਨੇ ਪਾਕਿਸਤਾਨ ਦੀ ਖੁਫੀਆ ਏਜੰਸੀ ਆਈਐਸਆਈ ਦੇ ਸਮਰਥਨ ਨਾਲ ਕੰਮ ਕਰ ਰਹੇ ਸਰਹੱਦ ਪਾਰ ਅੱਤਵਾਦੀ ਨੈੱਟਵਰਕ ਵਿਰੁੱਧ ਵੱਡੀ ਸਫਲਤਾ ਹਾਸਲ ਕੀਤੀ ਹੈ। ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (SSOC) ਅੰਮ੍ਰਿਤਸਰ ਨੇ ਕੇਂਦਰੀ ਏਜੰਸੀ ਨਾਲ ਸਾਂਝੇ ਖੁਫੀਆ-ਆਪ੍ਰੇਸ਼ਨ ਵਿੱਚ ਟਿੱਬਾ ਨੰਗਲ – ਕੁਲਾਰ ਰੋਡ ਦੇ ਨੇੜੇ ਜੰਗਲੀ ਖੇਤਰ ਤੋਂ ਵੱਡੀ ਮਾਤਰਾ ਵਿੱਚ ਅੱਤਵਾਦੀ ਸਮਗਰੀ ਬਰਾਮਦ ਕੀਤੀ।



ਸੂਤਰਾਂ ਅਨੁਸਾਰ, ਮੁੱਢਲੀ ਜਾਂਚ ਤੋਂ ਸੰਕੇਤ ਮਿਲਿਆ ਹੈ ਕਿ ਪਾਕਿਸਤਾਨ ਦੀ ਇੰਟਰ-ਸਰਵਿਸਿਜ਼ ਇੰਟੈਲੀਜੈਂਸ (ਆਈਐਸਆਈ) ਅਤੇ ਇਸ ਨਾਲ ਜੁੜੇ ਅੱਤਵਾਦੀ ਸਮੂਹਾਂ ਨੇ ਪੰਜਾਬ ਵਿੱਚ ਲੁਕੇ ਸਲੀਪਰ ਸੈੱਲਾਂ ਨੂੰ ਮੁੜ ਸਰਗਰਮ ਕਰਨ ਦੀ ਯੋਜਨਾ ਬਣਾਈ ਸੀ। ਇਸ ਬਰਾਮਦਗੀ ਨੂੰ ਇਸੇ ਸਾਜ਼ਿਸ਼ ਦਾ ਹਿੱਸਾ ਮੰਨਿਆ ਜਾ ਰਿਹਾ ਹੈ। ਅੱਤਵਾਦੀਆਂ ਨੇ ਇਹ ਸਮੱਗਰੀ ਭਵਿੱਖ ਦੀਆਂ ਅੱਤਵਾਦੀ ਘਟਨਾਵਾਂ ਲਈ ਛੁਪਾਈ ਸੀ। ਵੱਡੀ ਮਾਤਰਾ ਵਿਚ ਆਰਪੀਜੀ ਅਤੇ ਆਈਈਡੀ ਬਰਾਮਦ ਕੀਤੇ ਗਏ ਹਨ, 2 ਰਾਕੇਟ-ਪ੍ਰੋਪੇਲਡ ਗ੍ਰਨੇਡ (ਆਰਪੀਜੀ), 2 ਇੰਪ੍ਰੋਵਾਈਜ਼ਡ ਐਕਸਪਲੋਸਿਵ ਡਿਵਾਈਸ (ਆਈਈਡੀ), 5 ਪੀ-86 ਹੈਂਡ ਗ੍ਰਨੇਡ, 1 ਵਾਇਰਲੈੱਸ ਸੰਚਾਰ ਸੈੱਟ ਮਿਲੇ ਹਨ।

ਇਸ ਮਾਮਲੇ ਵਿੱਚ, ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (SSOC), ਅੰਮ੍ਰਿਤਸਰ ਨੇ ਸਬੰਧਤ ਕਾਨੂੰਨੀ ਧਾਰਾਵਾਂ ਤਹਿਤ ਐਫਆਈਆਰ ਦਰਜ ਕੀਤੀ ਹੈ। ਅਗਲੇਰੀ ਜਾਂਚ ਜਾਰੀ ਹੈ ਅਤੇ ਅੱਤਵਾਦੀਆਂ ਨੂੰ ਫੜਨ ਲਈ ਡੂੰਘਾਈ ਨਾਲ ਤਲਾਸ਼ੀ ਮੁਹਿੰਮ ਚਲਾਈ ਜਾ ਰਹੀ ਹੈ।

# ਭਾਰਤ ਨੇ POK ਤੇ ਪਾਕਿਸਤਾਨ ‘ਚ 9 ਅੱਤਵਾਦੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 06 ਮਈ
INTERNATIONAL PAPER, 9463601616
hardipchumber57@gmail.com

ਭਾਰਤੀ ਸੈਨਿਕ ਬਲਾਂ ਨੇ ਅੱਜ ਪਾਕਿਸਤਾਨ ਅਤੇ ਪਾਕਿਸਤਾਨ ਦੇ ਕਬਜ਼ੇ ਵਾਲੇ ਜੰਮੂ-ਕਸ਼ਮੀਰ (PoJK) ਵਿੱਚ ਅੱਤਵਾਦੀ ਢਾਂਚਿਆਂ ਨੂੰ ਨਿਸ਼ਾਨਾ ਬਣਾਉਂਦੇ ਹੋਏ ‘ਓਪਰੇਸ਼ਨ ਸਿੰਦੂਰ’ ਸ਼ੁਰੂ ਕੀਤਾ। ਇਹ ਕਾਰਵਾਈ ਉਨ੍ਹਾਂ ਅੱਤਵਾਦੀ ਟਿਕਾਣਿਆਂ ਵਿਰੁੱਧ ਕੀਤੀ ਗਈ, ਜਿੱਥੋਂ ਭਾਰਤ ਵਿਰੁੱਧ ਅੱਤਵਾਦੀ ਹਮਲਿਆਂ ਦੀ ਯੋਜਨਾ ਬਣਾਈ ਅਤੇ ਨਿਰਦੇਸ਼ਿਤ ਕੀਤੀ ਜਾਂਦੀ ਸੀ।

ਸਰਕਾਰੀ ਸੂਤਰਾਂ ਅਨੁਸਾਰ, ਇਸ ਓਪਰੇਸ਼ਨ ਵਿੱਚ ਕੁੱਲ 9 ਅੱਤਵਾਦੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ ਗਿਆ। ਭਾਰਤ ਨੇ ਇਸ ਕਾਰਵਾਈ ਨੂੰ ਸੀਮਤ, ਸੁਚੇਤ ਅਤੇ ਗੈਰ-ਵਿਵਾਦਪੂਰਨ ਰੱਖਿਆ, ਜਿਸ ਵਿੱਚ ਪਾਕਿਸਤਾਨ ਦੀਆਂ ਕਿਸੇ ਵੀ ਫੌਜੀ ਸਹੂਲਤਾਂ ਨੂੰ ਨੁਕਸਾਨ ਨਹੀਂ ਪਹੁੰਚਾਇਆ ਗਿਆ। ਭਾਰਤੀ ਅਧਿਕਾਰੀਆਂ ਨੇ ਸਪੱਸ਼ਟ ਕੀਤਾਹੈ ਕਿ ਇਹ ਕਾਰਵਾਈ ਪਹਿਲਗਾਮ ਵਿੱਚ ਹੋਏ ਬੇਰਹਿਮ ਅੱਤਵਾਦੀ ਹਮਲੇ ਦੇ ਜਵਾਬ ਵਜੋਂ ਕੀਤੀ ਗਈ ਹੈ, ਜਿਸ ਵਿੱਚ 25 ਭਾਰਤੀ ਅਤੇ ਇੱਕ ਨੇਪਾਲੀ ਨਾਗਰਿਕ ਦੀ ਮੌਤ ਹੋਈ ਸੀ।

ਭਾਰਤੀ ਸਰਕਾਰ ਨੇ ਕਿਹਾ, “ਅਸੀਂ ਆਪਣੀ ਵਚਨਬੱਧਤਾ ਨੂੰ ਪੂਰਾ ਕਰ ਰਹੇ ਹਾਂ ਕਿ ਪਹਿਲਗਾਮ ਹਮਲੇ ਦੇ ਜ਼ਿੰਮੇਵਾਰ ਲੋਕਾਂ ਨੂੰ ਜਵਾਬਦੇਹੀ ਦੇ ਦਾਇਰੇ ਵਿੱਚ ਲਿਆਂਦਾ ਜਾਵੇਗਾ।” ਸਰਕਾਰ ਨੇ ਸੰਜਮ ਅਤੇ ਸੁਚੇਤ ਤਰੀਕੇ ਨਾਲ ਨਿਸ਼ਾਨਿਆਂ ਦੀ ਚੋਣ ਅਤੇ ਕਾਰਵਾਈ ਦੇ ਢੰਗ ਵਿੱਚ ਪੂਰੀ ਸਾਵਧਾਨੀ ਵਰਤੀ।

ਅੱਜ ਸ਼ਾਮ ਨੂੰ ‘ਓਪਰੇਸ਼ਨ ਸਿੰਦੂਰ’ ਬਾਰੇ ਵਿਸਥਾਰਤ ਜਾਣਕਾਰੀ ਦਿੱਤੀ ਜਾਵੇਗੀ। ਇਸ ਕਾਰਵਾਈ ਨੂੰ ਭਾਰਤ ਦੀ ਅੱਤਵਾਦ ਵਿਰੁੱਧ ਜ਼ੀਰੋ-ਟਾਲਰੈਂਸ ਨੀਤੀ ਦਾ ਹਿੱਸਾ ਮੰਨਿਆ ਜਾ ਰਿਹਾ ਹੈ।

# 10,000 ਰੁਪਏ ਰਿਸ਼ਵਤ ਲੈਂਦਾ ਏਐਸਆਈ ਵਿਜੀਲੈਂਸ ਬਿਊਰੋ ਵੱਲੋਂ ਰੰਗੇ ਹੱਥੀਂ ਕਾਬੂ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 06 ਮਈ
INTERNATIONAL PAPER, 9463601616
hardipchumber57@gmail.com

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਜ਼ੀਰੋ ਸਹਿਣਸ਼ੀਲਤਾ ਨੀਤੀ ਤਹਿਤ ਸੂਬੇ ਵਿੱਚੋਂ ਭ੍ਰਿਸ਼ਟਾਚਾਰ ਦੇ ਖ਼ਾਤਮੇ ਲਈ ਚਲਾਈ ਮੁਹਿੰਮ ਤਹਿਤ ਪੰਜਾਬ ਵਿਜੀਲੈਂਸ ਬਿਊਰੋ ਨੇ ਮੋਗਾ ਜ਼ਿਲ੍ਹੇ ਦੇ ਥਾਣਾ ਸਮਾਲਪੁਰ ਵਿੱਚ ਤਾਇਨਾਤ ਸਹਾਇਕ ਸਬ-ਇੰਸਪੈਕਟਰ (ਏਐਸਆਈ) ਹਰਬਿੰਦਰ ਸਿੰਘ (ਨੰਬਰ 115/ਮੋਗਾ) ਨੂੰ 10,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।



ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਮੁਹਿੰਮ ਦੌਰਾਨ ਉਕਤ ਮੁਲਜ਼ਮ ਨੂੰ ਫਰੀਦਕੋਟ ਜ਼ਿਲ੍ਹੇ ਦੇ ਕੋਟਕਪੂਰਾ ਕਸਬੇ ਦੇ ਇੱਕ ਨਿਵਾਸੀ ਦੁਆਰਾ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ‘ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਉਕਤ ਪੁਲਿਸ ਥਾਣੇ ਵਿੱਚ ਉਸਨੇ ਆਪਣੇ ਅਗਵਾ ਹੋਣ ਸਬੰਧੀ ਐਫ.ਆਈ.ਆਰ. ਦਰਜ ਕਰਵਾਈ ਹੈ ਅਤੇ ਉਕਤ ਏਐਸਆਈ ਇਸ ਕੇਸ ਦਾ ਜਾਂਚ ਅਧਿਕਾਰੀ ਹੈ। ਸ਼ਿਕਾਇਤਕਰਤਾ ਨੇ ਅੱਗੇ ਦੋਸ਼ ਲਗਾਇਆ ਕਿ ਉਕਤ ਪੁਲਿਸ ਮੁਲਾਜ਼ਮ ਨੇ ਮੁਲਜ਼ਮਾਂ ਵਿਰੁੱਧ ਕਾਰਵਾਈ ਕਰਨ ਲਈ ਉਸ ਤੋਂ ਰਿਸ਼ਵਤ ਮੰਗੀ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤ ਦੀ ਤਸਦੀਕ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਉਕਤ ਪੁਲਿਸ ਮੁਲਾਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 10000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ। ਇਸ ਸਬੰਧੀ ਵਿਜੀਲੈਂਸ ਬਿਊਰੋ ਦੇ ਥਾਣਾ ਫਿਰੋਜ਼ਪੁਰ ਰੇਂਜ ਵਿਖੇ ਮੁਲਜ਼ਮ ਵਿਰੁੱਧ ਕੇਸ ਦਰਜ ਕਰ ਲਿਆ ਗਿਆ ਹੈ ਅਤੇ ਉਸਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਸਬੰਧੀ ਕੇਸ ਦੀ ਅਗਲੇਰੀ ਜਾਂਚ ਜਾਰੀ ਹੈ।

# ਵਿਜੀਲੈਂਸ ਬਿਊਰੋ ਵੱਲੋਂ 25,000 ਰੁਪਏ ਰਿਸ਼ਵਤ ਲੈਂਦਾ ASI ਗ੍ਰਿਫ਼ਤਾਰ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 06 ਮਈ
INTERNATIONAL PAPER, 9463601616
hardipchumber57@gmail.com

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਰਿਸ਼ਵਤਖੋਰੀ ਵਿਰੁੱਧ ਅਪਣਾਈ ਗਈ ਨਾ-ਕਾਬਿਲ-ਏ-ਬਰਦਾਸ਼ਤ ਪਹੁੰਚ ਅਨੁਸਾਰ, ਪੰਜਾਬ ਵਿਜੀਲੈਂਸ ਬਿਊਰੋ ਨੇ ਮੰਗਲਵਾਰ ਨੂੰ ਅੰਮ੍ਰਿਤਸਰ ਜ਼ਿਲ੍ਹੇ ਦੇ ਥਾਣਾ ਘਰਿੰਡਾ ਅਧੀਨ ਪੈਂਦੀ ਖਾਸਾ ਪੁਲਿਸ ਚੌਕੀ ਦੇ ਇੰਚਾਰਜ, ਸਹਾਇਕ ਸਬ-ਇੰਸਪੈਕਟਰ (ਏਐਸਆਈ) ਅਜਾਇਬ ਸਿੰਘ ਨੂੰ 25,000 ਰੁਪਏ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰ ਕੀਤਾ ਹੈ।



ਅੱਜ ਇੱਥੇ ਇਹ ਖੁਲਾਸਾ ਕਰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਅੰਮ੍ਰਿਤਸਰ ਦੇ ਪਿੰਡ ਘੁੰਮਣਪੁਰਾ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਤੋਂ ਬਾਅਦ ਇਹ ਗ੍ਰਿਫ਼ਤਾਰੀ ਅਮਲ ਵਿੱਚ ਲਿਆਂਦੀ ਗਈ ਹੈ।

ਬੁਲਾਰੇ ਨੇ ਅੱਗੇ ਕਿਹਾ ਕਿ ਸ਼ਿਕਾਇਤਕਰਤਾ ਨੇ ਬਿਊਰੋ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਸੀ ਕਿ ਉਕਤ ਪੁਲਿਸ ਥਾਣੇ ਵਿੱਚ ਉਸਦੇ ਚਚੇਰੇ ਭਰਾ ਵਿਰੁੱਧ ਪੁਲਿਸ ਮੁਕੱਦਮਾ ਦਰਜ ਹੈ ਅਤੇ ਉਕਤ ਏਐਸਆਈ ਇਸ ਕੇਸ ਦਾ ਜਾਂਚ ਅਧਿਕਾਰੀ ਹੋਣ ਨਾਤੇ ਅਦਾਲਤ ਵਿੱਚ ਰਿਕਾਰਡ ਪੇਸ਼ ਕਰਨ ਅਤੇ ਜ਼ਮਾਨਤ ਦਿਵਾਉਣ ਵਿੱਚ ਮਦਦ ਕਰਨ ਬਦਲੇ 50,000 ਰੁਪਏ ਰਿਸ਼ਵਤ ਦੀ ਮੰਗ ਰਿਹਾ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਤਫਤੀਸ਼ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਉਕਤ ਪੁਲਿਸ ਮੁਲਾਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 25000 ਰੁਪਏ ਦੀ ਪਹਿਲੀ ਕਿਸ਼ਤ ਰਿਸ਼ਵਤ ਵਸੂਲਦਿਆਂ ਕਾਬੂ ਕਰ ਲਿਆ। ਇਸ ਸਬੰਧ ਵਿੱਚ ਉਕਤ ਮੁਲਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ, ਅੰਮ੍ਰਿਤਸਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਉਸਨੂੰ ਕੱਲ੍ਹ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।

# ਮੌਕ ਡ੍ਰਿਲ ਨੂੰ ਲੈ ਕੇ ਅਡਵਾਇਜ਼ਰੀ ਜਾਰੀ, ਦੇਖੋ ਕੀ ਕਰਨਾ, ਕੀ ਨਹੀਂ

## ਜੰਮੂ ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਤੇ ਪਾਕਿਸਤਾਨ ਵਿਚਕਾਰ ਚਲਦੇ ਤਣਾਅ ਦੌਰਾਨ ਭਾਰਤ ਵਿੱਚ ਭਲਕੇ ਸਿਵਲ ਡਿਫੈਂਸ ਮੌਕ ਡ੍ਰਿਲ ਕੀਤੀ ਜਾਵੇਗੀ।

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 06 ਮਈ
INTERNATIONAL PAPER, 9463601616
hardipchumber57@gmail.com

ਜੰਮੂ ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਤੇ ਪਾਕਿਸਤਾਨ ਵਿਚਕਾਰ ਚਲਦੇ ਤਣਾਅ ਦੌਰਾਨ ਭਾਰਤ ਵਿੱਚ ਭਲਕੇ ਸਿਵਲ ਡਿਫੈਂਸ ਮੌਕ ਡ੍ਰਿਲ ਕੀਤੀ ਜਾਵੇਗੀ। ਇਸ ਨੂੰ ਲੈ ਕੇ ਪ੍ਰਸ਼ਾਸਨ ਵੱਲੋਂ ਐਡਵਾਇਜ਼ਰੀ ਜਾਰੀ ਕੀਤੀ ਗਈ ਹੈ।

7 ਮਈ, 2025 ਲਈ: ਸਿਵਲ ਡਿਫੈਂਸ ਮੌਕ ਡ੍ਰਿਲ ਦੇ ਲਈ, ਜਨਤਾ ਨੂੰ ਨਿਮਨਲਿਖਤ ਸੁਨਿਸ਼ਚਿਤ ਕਰਨ ਦੀ ਤਾਕੀਦ ਕੀਤੀ ਜਾਂਦੀ ਹੈ:

**ਡ੍ਰਿਲ ਤੋਂ ਪਹਿਲਾਂ:**

-ਰਾਤ ਨੂੰ ਪਹਿਲਾਂ ਆਪਣਾ ਫੋਨ ਅਤੇ ਪਾਵਰ ਬੈਂਕ ਚਾਰਜ ਕਰ ਲਵੋ।

-ਬੁਨਿਆਦੀ ਸਮਾਨ / ਐਮਰਜੈਂਸੀ ਸਪਲਾਈ ਤਿਆਰ ਰੱਖੋ:

* ਬੈਟਰੀ/ਸੌਰ ਉਰਜਾ ਨਾਲ ਚਲਣ ਵਾਲੀ ਫਲੈਸ਼ਲਾਇਟ/ਟਾਰਚ, ਰੇਡੀਓ, ਗਲੋ ਸਟਿਕਸ
* ਵੈਧ ਆਈਡੀ ਕਾਰਡ
* ਪਰਿਵਾਰਕ ਐਮਰਜੈਂਸੀ ਕਿੱਟ ਤਿਆਰ ਰੱਖੋ: ਪਾਣੀ, ਸੁੱਕਾ ਭੋਜਨ,ਬੁਨਿਆਦੀ ਦਵਾਈਆਂ।

**-ਅਲਰਟਾਂ ਬਾਰੇ ਜਾਗਰੂਕਤਾ:**

* ਸਾਇਰਨ ਸਿਗਨਲ ਸਿੱਖੋ (ਜਿਵੇਂ ਕਿ ਲੰਬਾ ਨਿਰੰਤਰ = ਅਲਰਟ: ਛੋਟਾ =ਸਭ ਸਾਫ਼)



* ਅਧਿਕਾਰਤ ਅਪਡੇਟਾਂ ਦੇ ਲਈ ਰੇਡੀਓ/ਟੀਵੀ ਦੇਖਦੇ ਰਹੋ (ਜਿਵੇਂ ਕਿ ਆਕਾਸ਼ਵਾਣੀ, ਦੂਰਦਰਸ਼ਨ)

**-ਸੁਰੱਖਿਅਤ ਜ਼ੋਨ ਦੀ ਤਿਆਰੀ:**

* ਇੱਕ ਸੁਰੱਖਿਅਤ ਅੰਦਰੂਨੀ ਕਮਰੇ ਜਾਂ ਬੇਸਮੈਂਟ ਨੂੰ ਆਸਰੇ ਵਜੋਂ ਪਹਿਚਾਣੋ।
* ਪਰਿਵਾਰਕ ਅਭਿਆਸਾਂ ਦਾ ਅਭਿਆਸ ਕਰੋ: ਲਾਇਟਾਂ ਬੰਦ ਕਰੋ, 1-2 ਮਿੰਟਾਂ ਦੇ ਅੰਦਰ ਸੁਰੱਖਿਅਤ ਜ਼ੋਨ ਵਿੱਚ ਇਕੱਠੇ ਹੋਵੋ।

-ਐਮਰਜੈਂਸੀ ਨੰਬਰ ਨੋਟ ਕਰੋ:

* -ਪੁਲਿਸ: 112
* -ਅੱਗ: 101
* -ਐਂਬੂਲੈਂਸ: 120

-ਸ਼ਾਮ 7 ਤੋਂ 8 ਵਜੇ ਤੱਕ ਲਿਫਟ ਦੀ ਵਰਤੋਂ ਨਾ ਕਰੋ। ਲਿਫਟਾਂ ਨੂੰ ਡੀ-ਐਕਟੀਵੇਟ ਕਰੋ ਤਾਕਿ ਬਲੈਕਆਉਟ ਦੇ ਦੌਰਾਨ ਕੋਈ ਅਸੁਵਿਧਾ ਨਾ ਹੋਵੇ।

-ਬਜ਼ੁਰਗਾਂ/ਬੱਚਿਆਂ ਨੂੰ ਪਹਿਲਾਂ ਤੋਂ ਸੂਚਿਤ/ਤਿਆਰ ਕਰੋ।

**ਡ੍ਰਿਲ ਦੌਰਾਨ:**

– ਜੇਕਰ ਤੁਸੀਂ ਹਵਾਈ ਹਮਲੇ ਦੇ ਸਾਇਰਨ ਜਾਂ ਐਲਾਨ ਸੁਣਦੇ ਹੋ ਤਾਂ ਘਬਰਾਓ ਨਾ – “ਇਹ ਇੱਕ ਡ੍ਰਿਲ ਹੈ”।

– ਪੁਲਿਸ, ਸਕੂਲ ਅਧਿਕਾਰੀਆਂ, ਜਾਂ ਇਮਾਰਤ ਸੁਰੱਖਿਆ ਜਾਂ ਕਿਸੇ ਹੋਰ ਦੇ ਨਿਰਦੇਸ਼ਾਂ ਦਾ ਪਾਲਨ ਕਰੋ

-ਤੁਰੰਤ ਸੁਰੱਖਿਅਤ ਜ਼ੋਨ ਵਿੱਚ ਇਕੱਠੇ ਹੋਵੋ।

**ਬਲੈਕਆਉਟ ਦੌਰਾਨ:**

* ਘਰ ਦੇ ਅੰਦਰ ਰਹੋ ਅਤੇ ਖਿੜਕੀਆਂ ਤੋਂ ਦੂਰ ਰਹੋ। ਅਗਰ ਤੁਸੀਂ ਗੱਡੀ ਚਲਾ ਰਹੇ ਹੋ, ਤਾਂ ਆਪਣਾ ਵਾਹਨ ਸਾਇਡ ‘ਤੇ ਪਾਰਕ ਕਰੋ ਅਤੇ ਲਾਇਟਾਂ ਬੰਦ ਕਰੋ। ਤੁਸੀਂ ਜਿੱਥੇ ਵੀ ਹੋਵੋ ਉੱਥੇ ਹੀ ਰਹੋ ਅਤੇ ਇੱਧਰ-ਉੱਧਰ ਨਾ ਜਾਓ।
* ਇਨਵਰਟਰ ਜਾਂ ਵਿਕਲਪਿਕ ਬਿਜਲੀ ਸਪਲਾਈ ਡਿਸਕਨੈਕਟ ਕਰਨ ਸਮੇਤ ਅਲਰਟ ਦੌਰਾਨ ਸਾਰੀਆਂ ਇਨਡੋਰ ਅਤੇ ਆਊਟਡੋਰ ਲਾਇਟਾਂ ਬੰਦ ਕਰ ਦਿਉ।
* ਜਦੋਂ ਬਲੈਕਆਉਟ ਦਾ ਐਲਾਨ/ਸਾਇਰਨ ਸਰਗਰਮ ਹੋਣ ਤਾਂ ਗੈਸ/ਬਿਜਲੀ ਦੇ ਉਪਕਰਣ ਬੰਦ ਕਰ ਦਿਉ।
* ਇਹ ਸੁਨਿਸ਼ਚਿਤ ਕੀਤਾ ਜਾਣਾ ਚਾਹੀਦਾ ਹੈ ਕਿ ਬੱਚਿਆਂ, ਬਜ਼ੁਰਗਾਂ ਅਤੇ ਪਾਲਤੂ ਜਾਨਵਰਾਂ ਦੀ ਹਰ ਸਮੇਂ ਨਿਗਰਾਨੀ ਕੀਤੀ ਜਾਵੇ।
* ਖਿੜਕੀਆਂ ਦੇ ਨੇੜੇ ਫੋਨ ਜਾਂ ਐੱਲਈਡੀ ਡਿਵਾਇਸਾਂ ਦਾ ਇਸਤੇਮਾਲ ਨਾ ਕਰੋ।
* ਮੋਟੇ ਪਰਦਿਆਂ ਦਾ ਇਸਤੇਮਾਲ ਕਰੋ ਜਾਂ ਖਿੜਕੀਆਂ ਨੂੰ ਕਾਰਡਬੋਰਡ/ਪੈਨਲਾਂ ਨਾਲ ਢਕੋ।

– ਵਟਸਐਪ (WhatsApp) ਜਾਂ ਸੋਸ਼ਲ ਮੀਡੀਆ ‘ਤੇ ਗ਼ੈਰ-ਪ੍ਰਮਾਣਿਤ ਜਾਣਕਾਰੀ ਨਾ ਫੈਲਾਓ।

**ਡ੍ਰਿਲ ਦੇ ਬਾਅਦ**

– ਜਦੋਂ ਤੱਕ ਹੋਰ ਹਦਾਇਤ ਨਾ ਦਿੱਤੀ ਜਾਵੇ, ਆਮ ਗਤੀਵਿਧੀਆਂ ਨੂੰ ਮੁੜ ਸ਼ੁਰੂ ਕਰੋ।

– ਆਪਣੇ ਸਥਾਨਕ ਆਰਡਬਲਿਊਏ (RWA) ਜਾਂ ਪ੍ਰਸ਼ਾਸਨ ਨਾਲ ਆਪਣਾ ਫੀਡਬੈਕ ਸਾਂਝਾ ਕਰੋ।

– ਆਪਣੇ ਆਸ-ਪਾਸ ਦੇ ਬੱਚਿਆਂ ਜਾਂ ਬਜ਼ੁਰਗਾਂ ਨਾਲ ਗੱਲ ਕਰੋ – ਉਨ੍ਹਾਂ ਨੂੰ ਭਰੋਸਾ ਦਿਵਾਓ ਕਿ ਇਹ ਸਿਰਫ਼ ਇੱਕ ਤਿਆਰੀ-ਉਪਾਅ ਸੀ।

ਨੋਟ: ਇਹ ਮੌਕ ਡ੍ਰਿਲ ਅਭਿਆਸ ਮੈਡੀਕਲ ਸੰਸਥਾਵਾਂ, ਯਾਨੀ ਹਸਪਤਾਲਾਂ ਅਤੇ ਨਰਸਿੰਗ ਹੋਮਸ ‘ਤੇ ਲਾਗੂ ਨਹੀਂ ਹੁੰਦਾ ਹੈ। ਹਾਲਾਂਕਿ, ਉਨ੍ਹਾਂ ਨੂੰ ਡ੍ਰਿਲ ਦੇ ਦੌਰਾਨ ਸਾਰੀਆਂ ਖਿੜਕੀਆਂ ਨੂੰ ਮੋਟੇ ਪਰਦਿਆਂ ਨਾਲ ਢਕਣਾ ਚਾਹੀਦਾ ਹੈ ਅਤੇ ਸਤਰਕ ਰਹਿਣਾ ਚਾਹੀਦਾ ਹੈ।

ਇਸ ਡ੍ਰਿਲ ਦਾ ਉਦੇਸ਼ ਨਾਗਰਿਕ ਆਬਾਦੀ ਨੂੰ ਕਿਸੇ ਵੀ ਐਮਰਜੈਂਸੀ ਲਈ ਤਿਆਰ ਕਰਨਾ ਅਤੇ ਅਜਿਹੀ ਗੰਭੀਰ ਸਥਿਤੀ ਦੇ ਦੌਰਾਨ ਬੜੇ ਪੈਮਾਨੇ ‘ਤੇ ਦਹਿਸ਼ਤ ਦੀ ਸੰਭਾਵਨਾ ਨੂੰ ਘੱਟ ਕਰਨਾ ਹੈ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

# ਸਾਡੀ ਆਜ਼ਾਦੀ ਦੀ ਲੜਾਈ ਹਾਲੇ ਬਾਕੀ ਹੈ- ਬਾਬਾ ਸਾਹਿਬ

**ਬਾਬਾ ਸਾਹਿਬ ਕਹਿੰਦੇ ਹਨ**

ਇੰਜੀ. ਹਰਦੀਪ ਸਿੰਘ ਚੁੰਬਰ

**1935 ਦੇ ਐਕਟ ਦੇ ਲਾਗੂ ਹੋਣ ਤੋਂ ਬਾਅਦ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਨੇ 1937 ਵਿੱਚ ਭਾਰਤ ਦੇ ਅੱਧੇ ਰਾਜਾਂ ਵਿੱਚ ਸਰਕਾਰਾਂ ਬਣਾਈਆਂ ਅਤੇ ਚਤਰਵਰਨ ਦੇ ਹਿੰਦੂ ਲੋਕਾਂ ਨੇ 7 ਰਾਜਾਂ ਦੇ ਬ੍ਰਾਹਮਣ ਮੁੱਖ ਮੰਤਰੀ ਬਣਾਏ ਅਤੇ ਮੰਤਰੀ, ਵਿਧਾਇਕ ਬਣੇ ਅਤੇ ਸੰਸਦ ਮੈਂਬਰ ਆਦਿ ਵੀ ਬਣਨ ਲੱਗੇ। ਹੁਣ ਸ਼ਾਸਨ, ਪ੍ਰਸ਼ਾਸਨ ਦਾ ਪ੍ਰਬੰਧ ਭਾਰਤ ਚਤਰਵਰਨ ਦੇ ਲੋਕਾਂ ਦੇ ਹੱਥਾਂ ਵਿੱਚ ਸੀ, ਫਿਰ ਵੀ ਇਹ ਲੋਕ ਆਪਣੇ ਆਪ ਨੂੰ ਅੰਗਰੇਜ਼ਾਂ ਦਾ ਗੁਲਾਮ ਮੰਨਦੇ ਸਨ। 1947 ਵਿੱਚ ਸੱਤਾ ਬਦਲਣ ਤੋਂ ਬਾਅਦ, ਅਨੁਸੂਚਿਤ ਵਰਗ ਨੂੰ ਲਗਭਗ ਉਹ ਜਿਹੇ ਅਧਿਕਾਰਾਂ ਦੀ ਪ੍ਰਾਪਤੀ ਦਾ ਕੁੱਝ ਲਾਭ ਹੋਇਆ ਜਿਹੇ ਜਿਹਾ ਲਾਭ ਬ੍ਰਿਟਿਸ਼ ਸ਼ਾਸਨ ਕਾਲ ਦੌਰਾਨ ਚਤਰਵਰਨ ਦੇ ਹਿੰਦੂ ਲੋਕਾਂ ਨੂੰ ਹਾਸਲ ਹੋਇਆ ਸੀ। ਮੌਜੂਦਾ ਸਮੇਂ ਵੀ ਅਨੁਸੂਚਿਤ ਵਰਗ ਦੇ ਲੋਕ ਮੁੱਖ ਮੰਤਰੀ, ਮੰਤਰੀ, ਵਿਧਾਇਕ, ਸੰਸਦ ਮੈਂਬਰ ਬਣ ਜਾਂਦੇ ਹਨ, ਪਰ ਉਹ ਸਮਾਨਤਾ ਦੇ ਅਧਿਕਾਰਾਂ ਤੋਂ ਵਾਂਝੇ ਵਰਗ ਨੂੰ ਬਣਦਾ ਹੱਕ ਦਿਵਾਉਣ ਦੇ ਲਈ ਕੁੱਝ ਵੀ ਨਹੀਂ ਕਰ ਸਕਦੇ।**

## ਕਲ੍ਹ ਦੇ ਲੇਖ ਦਾ ਬਾਕੀ ਭਾਗ

ਡੱਬਾ 2.-

ਬੁੱਧ ਧਰਮ ਅਪਣਾਉਣ ਬਾਰੇ ਡਾ. ਬਾਬਾ ਸਾਹਿਬ ਦੇ ਵਿਚਾਰ "ਭਗਵਾਨ ਬੁੱਧ ਇਸ ਦੇਸ਼ ਵਿੱਚ ਰਹਿੰਦੇ ਸਨ, ਮੈਨੂੰ ਇਸ ਗੱਲ ਵਿੱਚ ਕੋਈ ਸ਼ੱਕ ਨਹੀਂ ਹੈ ਕਿ ਉਨ੍ਹਾਂ ਦਾ ਧਰਮ ਅੱਜ ਵੀ ਇਸ ਦੇਸ਼ ਦਾ ਧਰਮ ਬਣ ਰਿਹਾ ਹੈ।"

ਇਹ ਸੱਚਾ ਧਰਮ ਮਨੁੱਖਤਾ, ਸਮਾਨਤਾ, ਭਾਈਚਾਰੇ ਅਤੇ



ਪਿਆਰ ਤੋਂ ਬਣਿਆ ਹੈ। ਤੁਹਾਨੂੰ ਇਸ ਧਰਮ ਨੂੰ ਸਵੀਕਾਰ ਕਰਨਾ ਚਾਹੀਦਾ ਹੈ।

ਧਰਮ ਪਰਿਵਰਤਨ ਦੇ ਕੰਮ ਨੂੰ ਸਪਸ਼ਟ ਤੌਰ 'ਤੇ ਸਮਝੋ ਜੋ ਮੈਂ ਸ਼ੁਰੂ ਕੀਤਾ ਹੈ। ਇਸਦੀ ਮਹੱਤਤਾ ਨੂੰ ਜਾਣੋ, ਇਸਨੂੰ ਪਰਖੋ। ਉਸ ਤੋਂ ਬਾਅਦ ਹੀ ਕੋਈ ਫੈਸਲਾ ਲਓ। ਪਰ ਇੱਕ ਵਾਰ ਜਦੋਂ ਤੁਸੀਂ ਫੈਸਲਾ ਕਰ ਲੈਂਦੇ ਹੋ, ਤਾਂ ਪੁਰਾਣੀ ਚੀਜ਼ ਨੂੰ ਸੁੱਟ ਦਿਓ। ਮੈਂ ਪਿਛਲੇ 20 ਸਾਲਾਂ ਤੋਂ ਤੁਹਾਡੇ ਬਾਰੇ ਸੋਚ ਰਿਹਾ ਹਾਂ। ਮੈਂ ਉਨ੍ਹਾਂ ਵੱਖ-ਵੱਖ ਧਰਮਾਂ ਦਾ ਅਧਿਐਨ ਕੀਤਾ ਹੈ ਜਿਨ੍ਹਾਂ ਦਾ ਮਨੁੱਖ ਅਧਿਐਨ ਕਰ ਸਕਦਾ ਹੈ, ਅਤੇ ਮੇਰਾ ਅੰਤਮ ਅਨੁਭਵ ਇਹ ਰਿਹਾ ਹੈ ਕਿ ਬੁੱਧ ਧਰਮ ਤੋਂ ਇਲਾਵਾ ਦੁਨੀਆ ਲਈ ਢੁਕਵਾਂ ਕੋਈ ਧਰਮ ਨਹੀਂ ਹੈ। ਦੁਨੀਆਂ ਵਿੱਚ ਸਿਰਫ਼ ਬੁੱਧ ਧਰਮ ਹੀ ਬਚੇਗਾ।

ਡੱਬਾ 3.

"ਜੋ ਲੋਕ ਬੁੱਧ ਧਰਮ ਨੂੰ ਸਵੀਕਾਰ ਕਰਨਾ ਚਾਹੁੰਦੇ ਹਨ, ਉਨ੍ਹਾਂ ਨੂੰ ਮੇਰੇ ਨਾਲ ਜੁੜਨਾ ਚਾਹੀਦਾ ਹੈ। ਜਿਸ ਵਿਅਕਤੀ ਦਾ ਮਨ ਆਜ਼ਾਦ ਨਹੀਂ ਹੈ, ਉਹ ਆਜ਼ਾਦ ਨਹੀਂ ਹੈ। ਮੈਂ ਹਿੰਦੂ ਧਰਮ ਨੂੰ ਤਿਆਗਣ ਦਾ ਪੱਕਾ ਫੈਸਲਾ ਲਿਆ ਹੈ। ਜੋ ਲੋਕ ਹਿੰਦੂ ਧਰਮ ਨੂੰ ਤਿਆਗਣਾ ਚਾਹੁੰਦੇ ਹਨ, ਉਨ੍ਹਾਂ ਨੂੰ ਸਾਡੇ ਨਾਲ ਜੁੜਨਾ ਚਾਹੀਦਾ ਹੈ। ਮੈਂ ਉਹ ਫਰਜ਼ ਨਿਭਾਉਣ ਜਾ ਰਿਹਾ ਹਾਂ ਜੋ ਮੈਨੂੰ ਕਰਨਾ ਹੈ। ਮੇਰੀ ਜ਼ਿੰਦਗੀ ਵਿੱਚ ਬਹੁਤ ਸਾਰੇ ਕੰਮ ਕਰਨੇ ਬਾਕੀ ਹਨ। ਮੈਂ ਜਿੰਨਾ ਹੋ ਸਕੇ ਕੰਮ ਕਰਾਂਗਾ। ਮੇਰੇ ਪਿਤਾ ਜੀ ਹਿੰਦੂ ਧਰਮ ਵਿੱਚ ਮੌਤ ਹੋਈ ਸੀ। ਮੇਰਾ ਪਰਿਵਾਰ ਵੀ ਇਸ ਧਰਮ ਵਿੱਚ ਰਹਿੰਦੇ ਹੋਏ ਮਰ ਗਿਆ। ਮੈਂ ਹੁਣ ਹਿੰਦੂ ਧਰਮ ਵਿੱਚ ਰਹਿਣਾ ਸਵੀਕਾਰ ਨਹੀਂ ਕਰ ਸਕਦਾ। ਮੈਨੂੰ ਉਹ ਰਸਤਾ ਬਦਲਣਾ ਪਵੇਗਾ ਜੋ ਵਿਵਹਾਰਕਤਾ ਤੋਂ ਰਹਿਤ ਹੈ।

ਇਸ ਬੋਧੀ ਦੀਖਿਆ ਪ੍ਰੋਗਰਾਮ ਦੀ ਸਾਰੀ ਜ਼ਿੰਮੇਵਾਰੀ ਡਾ. ਬਾਬਾ ਸਾਹਿਬ ਅੰਬੇਡਕਰ ਦੁਆਰਾ ਸਥਾਪਿਤ ਭਾਰਤੀ ਬੁੱਧ ਐਸੋਸੀਏਸ਼ਨ ਦੀ ਨਾਗਪੁਰ ਸ਼ਾਖਾ ਨੂੰ ਸੌਂਪੀ ਗਈ ਸੀ। ਉਨ੍ਹਾਂ ਅਨੁਸਾਰ ਕਮੇਟੀ ਦੇ ਸਕੱਤਰ। ਧਾਰਮਿਕ ਦੀਖਿਆ ਦੇ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ, ਗੋਡਬੋਲੇ ਨੇ 21 ਸਤੰਬਰ 1956 ਨੂੰ ਕਮੇਟੀ ਵੱਲੋਂ ਇੱਕ ਸਰਕੂਲਰ ਜਾਰੀ ਕੀਤਾ ਅਤੇ ਇਸਨੂੰ ਭਾਰਤ ਵਿੱਚ ਅੰਬੇਡਕਰ ਅੰਦੋਲਨ ਵਿੱਚ ਸ਼ਾਮਲ ਬਹੁਤ ਸਾਰੇ ਲੋਕਾਂ ਨੂੰ ਭੇਜਿਆ। ਉਹ ਸਰਕੂਲਰ ਇਸ ਪ੍ਰਕਾਰ ਸੀ-

"MASS CONVERSION

Revered Dr. BABASAHEB AMBEDKAR, the Founder and President of the Buddhist Society of India & The Bhartiya Bouddha Jana Samiti & shall embrace Buddhism at the ceremony to be held at Nagpur at a.m. On the Vijaya Dashmi Day, Sunday, the 14th October, 1956. Venerable Bhikkhu Chandramani Maha Thera of Burma, now in India] shall perform the ceremony.

People desirous of getting themselves converted shall be able to do so at the very ceremony, and shall be required wear clean white garments.

APPEAL FOR FUNDS

In this benevolent ceremony the people of India, it is hoped, shall participate in lacs; and shall render every possible aid to the local branch of the Bhartiya Bouddha Jana Samiti to whom the Revered Baba has entrusted the task of managing this great ceremony. While rendering the financial aid the local benevolents shall insist on having receipts of the Samiti concerned. Outsiders will kindly remit money by money order-

Those who want to volunteer themselves to assist the management of the celebrations shall see the undersigned on or before the the 30th September, 1956.

(W. M. GODBOLE) Secretary.

Bhartiya Bouddha Jana Samiti (Nagpur&Branch),

Kothari Mansion, Sitabuldi, Nagpur.

"4

ਮਿਤੀ 21 ਸਤੰਬਰ, 1956

ਇਸੇ ਤਰ੍ਹਾਂ, ਕਮੇਟੀ ਦੁਆਰਾ 14 ਅਕਤੂਬਰ 1956 ਨੂੰ ਹੋਣ ਵਾਲੇ ਭਾਈਚਾਰਕ ਪਰਿਵਰਤਨ ਲਈ ਇੱਕ ਜਨਤਕ ਸਰਕੂਲਰ ਜਾਰੀ ਕੀਤਾ ਗਿਆ ਸੀ। ਇਹ 'ਪ੍ਰਬੁੱਧ ਭਾਰਤ ਵਿਸ਼ੇਸ਼ ਅੰਕ, ਮਿਤੀ 12 ਅਕਤੂਬਰ, 1956' ਵਿੱਚ ਪ੍ਰਕਾਸ਼ਿਤ ਹੋਇਆ ਸੀ। ਇਹ ਇਸ ਤਰ੍ਹਾਂ ਸੀ -

, ਨਮੋ ਤਾਸ ਭਗਵਤੋ ਅਰਹਤੋ ਸਮਾ ਸਮ੍ਬੁਦ੍ਧਸਃ ॥

ਭਾਈਚਾਰਕ ਪਰਿਵਰਤਨ

ਭਾਰਤੀ ਬੋਧੀ ਸੰਘ ਦੇ ਸੰਸਥਾਪਕ ਅਤੇ ਪ੍ਰਧਾਨ, ਪਰਮ ਪਾਵਨ ਡਾ. ਬਾਬਾ ਸਾਹਿਬ ਅੰਬੇਡਕਰ ਦੀ ਬੋਧੀ ਧਾਮ ਵਿੱਚ ਦੀਖਿਆ 14 ਅਕਤੂਬਰ, 1956 ਨੂੰ ਐਤਵਾਰ, ਯਾਨੀ ਦੁਸਹਿਰੇ ਵਾਲੇ ਦਿਨ ਨਾਗਪੁਰ ਵਿੱਚ ਬ੍ਰਹਮਾ ਦੇਸ਼ ਦੇ ਸਤਿਕਾਰਯੋਗ ਭਿਕਸ਼ੂ ਚੰਦਰਮਣੀ ਮਹਾਸਥਵੀਰ ਦੇ ਹੱਥੋਂ ਹੋਵੇਗੀ, ਜਿਸ ਸੰਬੰਧੀ ਇੱਕ ਸਰਕੂਲਰ ਪਹਿਲਾਂ ਹੀ ਜਨਤਕ ਤੌਰ 'ਤੇ ਪ੍ਰਕਾਸ਼ਿਤ ਕੀਤਾ ਜਾ ਚੁੱਕਾ ਹੈ।

ਨਾ ਸਿਰਫ਼ ਭਾਰਤ ਦੇ ਇਤਿਹਾਸ ਵਿੱਚ, ਸਗੋਂ ਪੂਰੇ ਬੋਧੀ ਸੰਸਾਰ ਦੇ ਇਤਿਹਾਸ ਵਿੱਚ, ਇਸ ਮਹਾਨ ਸ਼ੁਭ ਸਮਾਰੋਹ ਦਾ ਪਰਛਾਵਾਂ ਸਾਰਿਆਂ ਉੱਤੇ ਹੈ - ਜਵਾਨ ਅਤੇ ਬੁੱਢੇ, ਮਰਦ ਅਤੇ ਔਰਤਾਂ,

"ਇਕੁਐਲਿਟੀ ਐਂਡ ਜਸਟਿਸ" "Equality and Justice" स्वतंत्रता, समानता, भाईचारा Rs- 100/month

ਗੈਰ-ਬੋਧੀ ਅਤੇ ਬੋਧੀ। ਇਸ ਵਿੱਚ ਕੋਈ ਸ਼ੱਕ ਨਹੀਂ ਕਿ ਲੱਖਾਂ ਲੋਕ ਇਸ ਸ਼ਾਨਦਾਰ ਸਮਾਗਮ ਵਿੱਚ ਸ਼ਾਮਲ ਹੋਣਗੇ। ਬਾਬਾ ਜੀ ਦੇ ਇਸ ਮਹਾਨ ਜਸ਼ਨ ਦੇ ਆਯੋਜਨ ਦੀ ਜ਼ਿੰਮੇਵਾਰੀ ਇੰਡੀਅਨ ਬੋਧੀ ਪੀਪਲਜ਼ ਐਸੋਸੀਏਸ਼ਨ ਦੀ ਨਾਗਪੁਰ ਸ਼ਾਖਾ ਨੂੰ ਸੌਂਪੀ ਗਈ ਹੈ। ਇਸ ਵਾਰ ਇਹ ਜਨਤਾ, ਖਾਸ ਕਰਕੇ ਨਾਗਪੁਰ ਦੇ ਲੋਕਾਂ ਦੀ ਮਦਦ ਨਾਲ ਸਹਿਣ ਕੀਤਾ ਜਾਵੇਗਾ। ਇਹ ਜਾਣਦੇ ਹੋਏ ਕਿ ਕਿਸੇ ਦੇ ਪੂਰੇ ਜੀਵਨ ਵਿੱਚ ਅਜਿਹਾ ਕੋਈ ਹੋਰ ਪਵਿੱਤਰ ਸਮਾਗਮ ਨਹੀਂ ਹੋਵੇਗਾ, ਇਹ ਉਮੀਦ ਕੀਤੀ ਜਾਂਦੀ ਹੈ ਕਿ ਨਾਗਪੁਰ ਦੇ ਲੋਕ ਆਪਣੇ ਤਨ, ਮਨ ਅਤੇ ਧਨ ਨਾਲ ਮਦਦ ਕਰਨਗੇ। ਭਾਰਤੀ ਬੁੱਧ ਧਰਮ ਨਾਗਪੁਰ ਸ਼ਾਖਾ ਦੀਆਂ ਦਾਨ ਪੁਸਤਿਕਾਵਾਂ ਨਾਗਪੁਰ ਦੇ ਹਰ ਇਲਾਕੇ ਵਿੱਚ ਭੇਜੀਆਂ ਜਾ ਰਹੀਆਂ ਹਨ। ਵਿੱਤੀ ਮਦਦ ਦਿੰਦੇ ਸਮੇਂ, ਰਸੀਦ ਜ਼ਰੂਰ ਲਓ। ਪਿੰਡ ਤੋਂ ਬਾਹਰਲੇ ਲੋਕਾਂ ਨੂੰ ਮਨੀ ਆਰਡਰ ਰਾਹੀਂ ਕਮੇਟੀ ਦੇ ਸਕੱਤਰ ਨੂੰ ਦਾਨ ਭੇਜਣਾ ਚਾਹੀਦਾ ਹੈ। ਇਸ ਮਹਾਨ ਸਮਾਗਮ ਦੇ ਸਵਾਗਤ ਲਈ ਮੈਂਬਰਸ਼ਿਪ ਫੀਸ 25 ਰੁਪਏ ਹੈ। ਕੋਈ ਵੀ ਵਿਅਕਤੀ 10 ਅਕਤੂਬਰ, 1956 ਨੂੰ ਜਾਂ ਇਸ ਤੋਂ ਪਹਿਲਾਂ ਫੀਸ ਅਦਾ ਕਰਕੇ ਰਿਸੈਪਸ਼ਨ ਕਮੇਟੀ ਦਾ ਮੈਂਬਰ ਬਣ ਸਕਦਾ ਹੈ।

ਧੰਮ ਦਾ ਇਹ ਪਵਿੱਤਰ ਕਾਰਜ ਨਿਰਵਿਘਨ ਜਾਰੀ ਰਹੇਗਾ। ਇਸ ਲਈ, ਸਭ ਤੋਂ ਵੱਧ ਸਤਿਕਾਰਯੋਗ ਬਾਬਾ ਸਾਹਿਬ ਨੇ ਭਾਰਤੀ ਬੋਧੀ ਕਮੇਟੀ ਦੀ ਸਥਾਪਨਾ ਕੀਤੀ ਹੈ। ਇਹ ਤੁਹਾਡਾ ਸਭ ਤੋਂ ਵੱਡਾ ਫਰਜ਼ ਹੈ ਕਿ ਤੁਸੀਂ ਰੁਪਏ ਦਾਨ ਕਰਕੇ ਇਸਦਾ ਮੈਂਬਰ ਬਣੋ। ਸਾਲਾਨਾ 1 ਰੁਪਏ ਚੰਦਾ ਦੇ ਕੇ ਮੈਂਬਰਸ਼ਿਪ ਕਮੇਟੀ ਦੇ ਸੀਤਾਬੁਲਦੀ ਦਫ਼ਤਰ ਤੋਂ ਮਿਲ ਸਕਦੀ ਹੈ। ਮੁੰਬਈ ਸੈਂਟਰਲ ਕਮੇਟੀ ਆਯੂ ਦੇ ਸਕੱਤਰ ਡਾ. ਭ. ਐਸ. ਗਾਇਕਵਾੜ ਮੈਂਬਰਸ਼ਿਪ ਰਜਿਸਟਰ ਕਰਨ 'ਤੇ ਕੰਮ ਕਰ ਰਹੇ ਹਨ। ਇਸ ਲਈ, ਸਾਰਿਆਂ ਨੂੰ 1 ਰੁਪਏ ਦੇ ਕੇ ਆਪਣਾ ਨਾਮ ਰਜਿਸਟਰ ਕਰਵਾਉਣਾ ਚਾਹੀਦਾ ਹੈ। ਜਿਨ੍ਹਾਂ ਨੇ ਪਿਛਲੇ ਸਾਲ ਦਾਨ ਕੀਤਾ ਸੀ, ਉਹ ਇਸ ਸਾਲ ਦਾ ਦਾਨ ਵੀ ਦੇ ਕੇ ਰਸੀਦ ਲੈ ਲੈਣ।

ਇਸ ਸਮਾਗਮ ਲਈ ਕਿਸੇ ਵੀ ਤਰ੍ਹਾਂ ਦੀਆਂ ਟਿਕਟਾਂ ਨਹੀਂ ਹਨ। ਨਾ ਤਾਂ ਦੀਖਿਆ ਲੈਣ ਵਾਲਿਆਂ ਨੂੰ ਅਤੇ ਨਾ ਹੀ ਦਰਸ਼ਕਾਂ ਨੂੰ ਟਿਕਟਾਂ ਖਰੀਦਣੀਆਂ ਪੈਣਗੀਆਂ ਅਤੇ ਨਾ ਹੀ ਕੋਈ ਫੀਸ ਦੇਣੀ ਪਵੇਗੀ। ਸਾਰਿਆਂ ਨੂੰ ਇਸ ਸਮਾਗਮ ਵਿੱਚ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ।

**ਲੇਖ ਦਾ ਬਾਕੀ ਭਾਗ ਕਲ੍ਹ**

# ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਐਨ ਪੀ ਐਸ. ਮੁਲਾਜ਼ਮਾਂ ਵੱਲੋਂ ਕੀਤਾ ਵੱਡਾ ਐਲਾਨ

## ਮੁੱਖ ਮੰਤਰੀ ਭਗਵੰਤ ਮਾਨ ਦਾ ਹੁਸ਼ਿਆਰਪੁਰ ਵਿੱਚ ਆਉਣ ਤੇ ਕਾਲੀਆਂ ਝੰਡੀਆਂ ਨਾਲ ਹੋਵੇਗਾ ਵਿਰੋਧ : ਪ੍ਰਿੰਸ ਗੜ੍ਹਦੀਵਾਲਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

ਹੁਸ਼ਿਆਰਪੁਰ 6 ਮਈ ( ਤਰਸੇਮ ਦੀਵਾਨਾ ) ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਹੁਸ਼ਿਆਰਪੁਰ ਦੇ ਵਾਈਸ ਪ੍ਰਧਾਨ ਪ੍ਰਿੰਸ ਗੜ੍ਹਦੀਵਾਲਾ ਨੇ ਕਿਹਾ ਹੈ ਕਿ ਪੰਜਾਬ ਸਰਕਾਰ ਵੱਲੋਂ 18 ਨਵੰਬਰ 2022 ਨੂੰ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਸੀ। ਇਸ ਨੋਟੀਫਿਕੇਸ਼ਨ ਨੂੰ ਜਾਰੀ ਕੀਤਿਆਂ ਤਿੰਨ ਸਾਲ ਹੋਣ ਵਾਲੇ ਹਨ ਪਰ ਅਜੇ ਤੱਕ ਪੰਜਾਬ ਦੀ ਆਪ ਸਰਕਾਰ ਇਸ ਨੂੰ ਲਾਗੂ ਨਹੀਂ ਕਰ ਸਕੀ| ਪ੍ਰੈੱਸ ਨੋਟ ਜਾਰੀ ਕਰਦਿਆਂ ਉਹਨਾਂ ਕਿਹਾ ਕਿ ਦੋ ਸਾਲ ਪਹਿਲਾਂ ਦਿਵਾਲੀ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲਾਈਵ ਹੋ ਕੇ ਕਿਹਾ ਕਿ "ਜੋ ਅਸੀਂ ਕਹਿੰਦੇ ਹਾਂ, ਉਹ ਕਰਦੇ ਹਾਂ" ਅਤੇ ਜੋ ਅਸੀਂ ਨਹੀਂ ਕਰਨਾ ਉਹ ਕਹਿੰਦੇ ਹੀ ਨਹੀਂ, ਦੋ ਮਹੀਨਿਆਂ ਵਿੱਚ ਐਸ.ਓ.ਪੀ. ਬਣਾ ਕੇ ਪੁਰਾਣੀ ਪੈਨਸ਼ਨ ਲਾਗੂ ਕਰ ਦੇਵਾਂਗੇ | ਪਰ ਪੁਰਾਣੀ ਪੈਨਸ਼ਨ ਦੀ ਬਹਾਲੀ ਐਲਾਨ ਤੱਕ ਹੀ ਸੀਮਤ ਰਹੀ | ਜਦ ਧਰਾਤਲ ਤੇ ਪੰਜਾਬ ਦੇ ਕਿਸੇ ਕਰਮਚਾਰੀ ਨੂੰ ਇਸ ਦਾ ਲਾਭ ਨਹੀਂ ਮਿਲਿਆ | ਰਿਟਾਇਰ ਹੋਏ ਐਨ.ਪੀ. ਐਸ. ਕਰਮਚਾਰੀ 3500 ਰੁਪਏ ਪੈਨਸ਼ਨ ਲੈ ਰਹੇ ਹਨ, ਜਿਸ ਨਾਲ ਉਹਨਾਂ ਨੂੰ ਆਪਣੇ ਘਰ ਦਾ ਗੁਜ਼ਾਰਾ ਚਲਾਉਣ ਦੇ ਲਈ ਸੜਕਾਂ ਉੱਤੇ ਰੇਹੜੀਆਂ ਲਾਉਣ ਦੇ ਲਈ ਮਜਬੂਰ ਹੋਣਾ ਪੈ ਰਿਹਾ ਹੈ ਪਰ ਸਰਕਾਰ ਦੇ ਕੰਨ ਦੇ ਉੱਤੇ ਜੂੰ ਤੱਕ ਨਹੀਂ ਸਰਕਦੀ। ਉਹਨਾਂ ਕਿਹਾ ਕਿ ਸਰਕਾਰ ਦੀ ਡੰਗ ਟਪਾਊ ਨੀਤੀ ਤੋਂ ਦੁਖੀ ਹੋ ਕੇ ਪੰਜਾਬ ਦੇ 2 ਲੱਖ ਤੋਂ ਵੱਧ ਐਨ.ਪੀ.ਐਸ. ਮੁਲਾਜ਼ਮ ਮੁੱਖ ਮੰਤਰੀ ਪੰਜਾਬ ਦਾ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਆਉਣ 'ਤੇ ਅਤੇ ਹਰ ਜਿਲ੍ਹੇ ਦੇ ਵਿੱਚ ਜਾਣ 'ਤੇ ਹਰ ਦੌਰੇ ਸਮੇਂ ਕਾਲੀਆਂ ਝੰਡੀਆਂ ਨਾਲ ਵਿਰੋਧ ਕਰਨਗੇ ਅਤੇ ਸੰਘਰਸ਼ ਨੂੰ ਤੇਜ਼ ਕਰਨਗੇ| ਇਸ ਦੀ ਨਿਰੋਲ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ | ਪੰਜਾਬ ਸਰਕਾਰ ਨੇ ਪੰਜਾਬ ਦੇ ਮੁਲਾਜ਼ਮਾਂ ਦੇ ਨਾਲ ਮਤਰੇਈ ਮਾਂ ਵਾਲਾ ਸਲੂਕ ਕੀਤਾ ਹੈ ਨਾ ਤਾਂ ਪੁਰਾਣੀ ਪੈਨਸ਼ਨ ਨੂੰ ਲਾਗੂ ਕੀਤਾ ਗਿਆ ਹੈ ਅਤੇ ਨਾ ਹੀ ਕਿਸੇ ਪ੍ਰਕਾਰ ਦਾ ਕੋਈ ਡੀ. ਏ. ਮੁਲਾਜ਼ਮਾਂ ਨੂੰ ਦਿੱਤਾ ਗਿਆ ਅਤੇ ਨਾ ਹੀ ਕੱਚੇ ਮੁਲਾਜ਼ਮਾਂ ਨੂੰ ਪੱਕੇ ਕੀਤਾ ਗਿਆ ਅਤੇ ਨਾ ਹੀ ਕੰਪਿਊਟਰ ਅਧਿਆਪਕਾਂ ਦੀ ਕੋਈ ਗੱਲ ਸੁਣੀ ਗਈ| ਜਿਸ ਦਾ ਖਮਿਆਜਾ ਪੰਜਾਬ ਸਰਕਾਰ ਨੂੰ ਜਰੂਰ ਭੁਗਤਣਾ ਪਵੇਗਾ |



ਆਪ ਸਰਕਾਰ ਨੂੰ ਚਾਹੀਦਾ ਹੈ ਕਿ ਉਹਨਾਂ ਨੇ ਜੋ ਮੁਲਾਜ਼ਮਾਂ ਦੇ ਨਾਲ ਪੁਰਾਣੀ ਪੈਨਸ਼ਨ ਦੇਣ ਦਾ ਵਾਅਦਾ ਕੀਤਾ ਹੈ ਉਸ ਨੂੰ ਜਲਦੀ ਪੂਰਾ ਕਰੇ ਨਹੀਂ ਤਾਂ ਆਉਣ ਵਾਲੀਆਂ ਚੋਣਾਂ ਦੇ ਵਿੱਚ ਮੁਲਾਜ਼ਮ , ਮਾਪੇ ਅਤੇ ਉਹਨਾਂ ਦੇ ਰਿਸ਼ਤੇਦਾਰ ਸਰਕਾਰ ਵਿਰੁੱਧ ਭੁਗਤਣਗੇ ।

# ਪਾਕਿਸਤਾਨੀ ਸੈਨਾ ਉਤੇ ਵੱਡਾ ਹਮਲਾ, ਮੇਜਰ ਸਮੇਤ 6 ਫੌਜੀਆਂ ਦੀ ਮੌਤ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

ਪਾਕਿਸਤਾਨ ਫੌਜ ਉਤੇ ਅੱਜ ਵੱਡਾ ਹੋਇਆ ਹੈ। ਇਸ ਹਮਲੇ ਵਿੱਚ ਇਕ ਮੇਜਰ ਸਮੇਤ 6 ਫੌਜੀਆਂ ਦੀ ਮੌਤ ਹੋ ਗਈ। ਇਸ ਤੋਂ ਇਲਾਵਾ ਹੋਰ ਕਈ ਜ਼ਖਮੀ ਹੋਣ ਦੀ ਖਬਰ ਹੈ। ਬਲੂਚਿਤਸਤਾਨ ਦੇ ਬੋਲਾਨ ਖੇਤਰ ਵਿੱਚ ਪਾਕਿਸਤਾਨੀ ਫੌਜ ਦੀ ਇਕ ਗੱਡੀ ਨੂੰ ਨਿਸ਼ਾਨਾ ਬਣਾਇਆ ਕੇ ਹਮਲਾ ਕੀਤਾ ਗਿਆ ਹੈ। ਇਸ ਧਮਾਕੇ ਵਿੱਚ ਇਕ ਅਧਿਕਾਰੀ ਸਮੇਤ 6 ਫੌਜੀਆਂ ਦੀ ਮੌਤ ਹੋ ਗਈ, ਜਦੋਂ ਕਿ 5 ਹੋਰ ਫੌਜੀ ਜ਼ਖਮੀ



ਹੋ ਗਏ। ਇਹ ਹਮਲਾ ਉਸ ਸਮੇਂ ਹੋਇਆ ਜਦੋਂ ਫੌਜ ਦੀ ਗੱਡੀ ਇਕ ਗਸ਼ਤ ਕਰ ਰਹੀ ਸੀ। ਸਥਾਨਕ ਰਿਪੋਰਟਾਂ ਮੁਤਾਬਕ ਇਹ ਧਮਾਕਾ ਕਾਫੀ ਸ਼ਕਤੀਸ਼ਾਲੀ ਸੀ ਅਤੇ ਇਸ ਨਾਲ ਗੱਡੀ ਪੂਰੀ ਤਰ੍ਹਾਂ ਹਾਦਸਾਗ੍ਰਸਤ ਹੋ ਗਈ।

ਖਬਰਾਂ ਮੁਤਾਬਕ ਜ਼ਖਮੀਆਂ ਨੂੰ ਨਜ਼ਦੀਕੀ ਫੌਜੀ ਹਸਪਤਾਲ ਭਰਤੀ ਕਰਵਾਇਆ ਗਿਆ, ਜਿੱਥੇ ਕੁਝ ਦੀ ਹਾਲਤ ਗੰਭੀਰ ਬਣੀ ਹੋਈ ਹੈ। ਹਮਲੇ ਦੀ ਜ਼ਿੰਮੇਵਾਰੀ ਅਜੇ ਤੱਕ ਕਿਸੇ ਸੰਗਠਨ ਨੇ ਨਹੀਂ ਲਈ ਹੈ। ਇਹ ਇਲਾਕਾ ਉਗਰਵਾਦੀਆਂ ਦਾ ਗੜ੍ਹ ਰਿਹਾ ਹੈ।

# ਫੁੱਲੇ ਫ਼ਿਲਮ ਨੇ ਤੋੜੇ ਸਾਰੇ ਰਿਕਾਰਡ: ਸ਼ਹਿਰ ਪਾਤੜਾਂ ਦੀ ਸਿਨੇਮਾ ਹਾਲ ਵਿਚ ਲੱਗੀ ਫੁੱਲੇ ਫ਼ਿਲਮ-DAS-

## ਫ਼ਿਲਮ ਦੇਖਣ ਲਈ ਲੋਕਾਂ ਦਾ ਆਇਆ ਹੜ੍ਹ ਬਹੁਤ ਲੋਕਾਂ ਨੂੰ ਫ਼ਿਲਮ ਦੇਖਣ ਲਈ ਨਹੀਂ ਮਿਲੀ ਟਿਕਟ ਤੇ ਜਾਣਾ ਪਿਆ ਘਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

4 ਮਈ ਦਿਨ ਐਂਤਵਾਰ ਨੂੰ ਪਾਤੜਾਂ, ਜਿਲ੍ਹਾ ਪਟਿਆਲਾ ਦੇ ਓਮ ਜੀ ਸਿਨੇਮਾ ਹਾਲ ਵਿਚ ਫੁੱਲੇ ਫਿਲਮ ਦਾ ਸ਼ੋ ਲਗਾਇਆ ਗਿਆ ਜੋਕਿ ਮਹਾਤਮਾ ਜਯੋਤੀਰਾਓ ਫੁੱਲੇ ਅਤੇ ਮਾਤਾ ਸਾਵਿਤਰੀ ਬਾਈ ਫੁੱਲੇ ਜੀ ਦੇ ਜੀਵਨ ਸੰਘਰਸ਼ ਤੇ ਅਧਾਰਿਤ ਹੈ ਇਸ ਫਿਲਮ ਵਿਚ ਇਹ ਦਿਖਾਇਆ ਗਿਆ ਹੈ ਕਿ ਕਿਸ ਤਰ੍ਹਾਂ ਮਹਾਤਮਾ ਜਯੋਤੀ ਰਾਓ ਫੁੱਲੇ ਅਤੇ ਮਾਤਾ ਸਾਵਿਤਰੀ ਬਾਈ ਫੁੱਲੇ ਨੇ ਦੇਸ਼ ਦੀਆਂ ਮਹਿਲਾਵਾਂ ਨੂੰ ਪੜ੍ਹਾਈ ਦੇਣ ਲਈ ਅਤੇ ਗਰੀਬ ਲੋਕਾਂ ਨੂੰ ਪੜ੍ਹਾਈ ਦਾ ਮਹੱਤਵ ਸਮਝਾਉਣ ਲਈ ਕਿੰਨਾ ਸੰਘਰਸ਼ ਕੀਤਾ ਜਿਸ ਕਰਕੇ ਓਹਨਾ ਨੇ ਤਰ੍ਹਾਂ ਤਰ੍ਹਾਂ ਦੇ ਅਪਮਾਨ ਦਾ ਸਾਹਮਣਾ ਵੀ ਕਰਨਾ ਪਿਆ ਇਸ ਵਿਚ ਕੋਈ ਸ਼ੱਕ ਨਹੀਂ ਹੈ ਕਿ ਜੇਕਰ ਅੱਜ ਭਾਰਤ ਦੀਆਂ ਮਹਿਲਾਵਾਂ ਪੜ੍ਹ ਰਹੀਆਂ ਹਨ ਤਾਂ ਉਹ ਕੇਵਲ ਤੇ ਕੇਵਲ ਮਹਾਤਮਾ ਜਯੋਤੀ ਰਾਓ ਫੁੱਲੇ ਅਤੇ ਮਾਤਾ ਸਾਵਿਤਰੀ ਬਾਈ ਫੁੱਲ ਜੀ ਦੀ ਬਦੌਲਤ ਹੀ ਪੜ੍ਹ ਰਹੀਆਂ ਹਨ ਜਿਹਨਾਂ ਨੇ ਮਹਿਲਾਵਾਂ ਲਈ ਅਨੇਕਾਂ ਸਕੂਲ ਖੋਲ੍ਹੇ ਹਨ ਦੇ ਮਨੂਵਾਦੀ ਸਿਸਟਮ ਦੇ ਖਿਲਾਫ ਲੜਾਈ ਵੀ ਲੜੀ




ਹੈ ਇਸ ਲਈ ਮਹਿਲਾਵਾਂ ਨੂੰ ਤੇ ਦੇਸ਼ ਦੇ ਲੋਕਾਂ ਨੂੰ ਮਹਾਤਮਾ ਜਯੋਤੀ ਰਾਓ ਫੁੱਲੇ ਅਤੇ ਮਾਤਾ ਸਾਵਿਤਰੀ ਬਾਈ ਫੁੱਲੇ ਜੀ ਦੇ ਇਤਿਹਾਸ ਨੂੰ ਪੜ੍ਹਨਾ ਚਾਹੀਦਾ ਹੈ ਕਿਉਂਕਿ ਬਾਬਾ ਸਾਹਿਬ ਡਾ. ਅੰਬੇਡਕਰ ਜੀ ਨੇ ਵੀ ਇਹਨਾ ਨੂੰ ਅਪਣਾ ਗੁਰੂ ਮੰਨਿਆ ਹੈ ਤੇ ਸਾਹਿਬ ਕਾਂਸ਼ੀਰਾਮ ਜੀ ਨੇ ਵੀ ਇਹਨਾ ਬਹੁਜਨ ਮਹਾਂਪੁਰਸ਼ਾਂ ਤੋਂ ਸੇਧ ਲੈਂਦੇ ਹੋਏ ਇਹਨੀ ਵੱਡੀ ਬਹੁਜਨ ਮੂਵਮੇਂਟ ਨੂੰ ਖੜ੍ਹਾ ਕੀਤਾ ਹੈ । ਸੈਂਸਰ ਬੋਰਡ ਦੁਆਰਾ ਫੁੱਲੇ ਫਿਲਮ ਦੇ ਕਈ ਸੀਨ ਵਿਰੋਧ ਕਰਕੇ ਕੱਟ ਦਿੱਤੇ ਗਏ ਹਨ ਕਿਉਂਕਿ ਅੱਜ ਦੇ ਸਮੇਂ ਵਿਚ ਵੀ ਮਨੂਵਾਦੀ ਲੋਕਾਂ ਦੁਆਰਾ ਇਹੋ ਜਿਹੀਆ ਸੇਧ ਦੇਣ ਵਾਲੀਆਂ ਫਿਲਮ ਦਾ ਵਿਰੋਧ ਕੀਤਾ ਜਾ ਰਿਹਾ ਹੈ ਜਿਸ ਵਿਚ ਭਾਜਪਾ ਸਰਕਾਰ ਜਿੰਮੇਵਾਰ ਵੀ ਹੈ ਕਿਉਂਕਿ ਇਕ ਪਾਸੇ ਕਸ਼ਮੀਰ ਫਾਇਲਜ਼ ਵਰਗੀਆਂ ਫਿਲਮਾਂ ਨੂੰ ਟੈਕਸ ਫਰੀ ਕੀਤਾ ਜਾਂਦਾ ਹੈ ਸਿਰਫ ਇਕ ਧਰਮ ਨੂੰ ਅੱਗੇ ਲਿਜਾਣ ਵਾਸਤੇ ਤੇ ਦੂਜੇ ਪਾਸੇ ਫੁੱਲੇ ਵਰਗੀਆਂ ਸਮਾਜ ਨੂੰ ਸੇਧ ਦੇਣ ਵਾਲੀਆਂ ਅਤੇ ਸਮਾਜ ਸੁਧਾਰਕਾਂ ਤੇ ਬਣੀਆਂ ਫ਼ਿਲਮਾਂ ਨੂੰ ਸਿਨੇਮਾ ਹਾਲ ਵਿਚ ਦਿਖਾਇਆ ਵੀ ਨਹੀਂ ਜਾ ਰਿਹਾ ਤੇ ਨਾ ਹੀ ਪਰਮੋਟ ਕੀਤਾ ਜਾ ਰਿਹਾ ਹੈ ਇਹ ਸਰਕਾਰ ਦੇ ਮਨੂਵਾਦੀ ਹੋਣ ਦਾ ਸਬੂਤ ਦੇ ਰਿਹਾ ਹੈ ਤੇ ਇਸਤੋਂ ਜਾਹਿਰ ਹੁੰਦਾ ਹੈ ਕਿ ਮਨੂਵਾਦੀ ਲੋਕ ਤੇ ਸਰਕਾਰਾਂ ਅੱਜ ਦੇ ਸਮੇਂ ਵਿਚ ਵੀ ਵਰਨ ਵਿਵਸਥਾ ਨੂੰ ਲਾਗੂ ਰੱਖਣਾ ਚਾਹੁੰਦੀਆਂ ਹਨ ਤੇ ਸਮਾਨਤਾ ਦੀ ਵਿਚਾਰਧਾਰਾ ਦੇ ਖਿਲਾਫ ਹਨ । ਫਿਰ ਵੀ ਅਸੀਂ ਧੰਨਵਾਦ ਕਰਨਾ ਚਾਹੁੰਦੇ ਹਾਂ ਸਮੂਹ ਬਹੁਜਨ ਸਮਾਜ ਦਾ ਜਿਹੜਾ ਖੁਦ ਆਪਣੇ ਪੈਸਿਆਂ ਤੇ ਸ਼ੋ ਬੁੱਕ ਕਰਕੇ ਫਿਲਮ ਦੇਖ ਰਿਹਾ ਹੈ ਤੇ ਦਿਖਾ ਰਿਹਾ ਹੈ ਤੇ ਫਿਲਮ ਤੋਂ ਬਾਦ ਫੁੱਲੇ ਫਿਲਮ ਦੀ ਖੁਸ਼ੀ ਵਿੱਚ ਮਿਠਾਈ ਵੀ ਵੰਡ ਰਿਹਾ ਹੈ ਤੇ ਇਕ ਦਿਨ ਬਹੁਜਨ ਸਮਾਜ ਆਪਣਾ ਹੱਕ ਅਧਿਕਾਰ ਜਰੂਰ ਪ੍ਰਾਪਤ ਕਰੇਗਾ ਤੇ ਸਮੂਹ ਸਮਾਜ ਸੁਧਾਰਕਾ ਨੂੰ ਪੂਰਾ ਮਾਣ ਤੇ ਸਤਿਕਾਰ ਦੇਵੇਗਾ । ਆਖਿਰ ਬਹੁਜਨ ਸਮਾਜ ਫੁੱਲੇ ਫਿਲਮ ਬਣਾਉਣ ਵਾਲੇ ਡਾਇਰੈਕਟਰ ਆਨੰਤ ਨਰਾਇਣ ਮਹਾਂਦੇਵਨ ਦਾ ਵੀ ਬਹੁਤ ਬਹੁਤ ਧੰਨਵਾਦ ਕਰਦਾ ਹੈ ਜਿਹਨਾਂ ਨੇ ਸਮਾਜ ਨੂੰ ਸੇਧ ਦਿੰਦੀ ਇਹਨੀ ਮਹਾਨ ਫਿਲਮ ਬਣਾਈ ਤੇ ਅੱਗੇ ਬੇਨਤੀ ਵੀ ਕਰਦਾ ਹੈ ਕਿ ਇਕ ਫਿਲਮ ਪੇਰੀਆਰ ਰਾਮਾਸਵਾਮੀ ਜੀ ਦੇ ਜੀਵਨ ਤੇ ਵੀ ਬਣਾਈ ਜਾਵੇ । ਫਿਲਮ ਦੇਖਣ ਆਏ ਸਮੂਹ ਬਹੁਜਨ ਸਮਾਜ ਦਾ ਤੇ ਫਿਲਮ ਦਿਖਾਉਣ ਲਈ ਓਮ ਜੀ ਸਿਨੇਮਾ ਹਾਲ ਦਾ ਵੀ ਸਮੂਹ ਬਹੁਜਨ ਸਮਾਜ ਧੰਨਵਾਦ ਕਰਦਾ ਕਰਦਾ ਹੈ ਤੇ ਜਿਹੜੇ ਲੋਕ ਫਿਲਮ ਦੇਖਣ ਤੋਂ ਰਹਿ ਗਏ ਹਨ ਉਹ 6 ਮਈ ਦੇ ਦਿਨ ਇਸੀ ਓਮ ਜੀ ਸਿਨੇਮਾ ਵਿਚ ਇਹ ਫਿਲਮ ਦੇਖ ਸਕਦੇ ਹਨ ।

# ਨਸ਼ਾ ਮੁਕਤ ਭਰਤਗੜ੍ਹ ਵੱਲ ਇੱਕ ਢੁਕਵਾਂ ਕਦਮ" – ਡਾ. ਆਨੰਦ ਘਾਈ, ਸੀਨੀਅਰ ਮੈਡੀਕਲ ਅਫਸਰ

## ਸਕੂਲਾਂ, ਕਾਲਜਾਂ ਅਤੇ ਪਿੰਡਾਂ ਵਿੱਚ ਰੈਲੀਆਂ, ਲੇਕਚਰ, ਨਾਟਕ ਅਤੇ ਜਨ ਸੰਪਰਕ ਰਾਹੀਂ ਨੌਜਵਾਨਾਂ ਨੂੰ ਨਸ਼ਿਆਂ ਦੇ ਨੁਕਸਾਨ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

ਰੂਪਨਗਰ, ਭਰਤਗੜ੍ਹ, 06-05-2025: ਭਰਤਗੜ੍ਹ ਬਲਾਕ ਵਿੱਚ ਨਸ਼ਾ ਮੁਕਤੀ ਲਈ ਚਲ ਰਹੀ ਜਾਗਰੂਕਤਾ ਮੁਹਿੰਮ ਨੂੰ ਹੋਰ ਵੀ ਪ੍ਰਭਾਵਸ਼ਾਲੀ ਬਣਾਉਣ ਲਈ ਪੈਰਾ-ਮੈਡੀਕਲ ਸਟਾਫ ਵੱਲੋਂ ਨਿਰੰਤਰ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਯਤਨਾਂ ਤਹਿਤ 2 ਨਵੇਂ ਨਸ਼ਾ ਮੁਕਤੀ ਕੇਂਦਰ ਖੋਲ੍ਹੇ ਗਏ ਹਨ, ਜੋ ਨਸ਼ਾ ਪੀੜਤ ਮਰੀਜ਼ਾਂ ਲਈ ਇਲਾਜ ਅਤੇ ਸਹਾਇਤਾ ਦੇ ਕੇਂਦਰ ਬਣੇ ਹੋਏ ਹਨ।

ਇਸ ਦੇ ਨਾਲ-ਨਾਲ, ਨਸ਼ਾ ਮੁਕਤੀ ਲਈ ਰਣਨੀਤੀਆਂ ਤੇ ਯੋਜਨਾਵਾਂ ਤਿਆਰ ਕਰਨ ਵਾਸਤੇ ਵਿਸ਼ੇਸ਼ ਮੀਟਿੰਗਾਂ ਵੀ ਕਰਵਾਈਆਂ ਜਾ ਰਹੀਆਂ ਹਨ। ਇਨ੍ਹਾਂ ਮੀਟਿੰਗਾਂ ਵਿੱਚ ਡਾਕਟਰੀ ਟੀਮ, ਪੈਰਾ-



ਮੈਡੀਕਲ ਸਟਾਫ, ਸਥਾਨਕ ਸਰਪੰਚਾਂ ਅਤੇ ਸਮਾਜ ਸੇਵਕਾਂ ਨੇ ਹਿੱਸਾ ਲੈ ਕੇ ਨਵੀਆਂ ਤਕਨੀਕਾਂ ਅਤੇ ਵਿਧੀਆਂ 'ਤੇ ਵਿਚਾਰ-ਚਰਚਾ ਕੀਤੀ।

ਸਕੂਲਾਂ, ਕਾਲਜਾਂ ਅਤੇ ਪਿੰਡਾਂ ਵਿੱਚ ਰੈਲੀਆਂ, ਲੇਕਚਰ, ਨਾਟਕ ਅਤੇ ਜਨ ਸੰਪਰਕ ਰਾਹੀਂ ਨੌਜਵਾਨਾਂ ਨੂੰ ਨਸ਼ਿਆਂ ਦੇ ਨੁਕਸਾਨ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।

ਸਿਨੀਅਰ ਮੈਡੀਕਲ ਅਫਸਰ ਡਾ. ਆਨੰਦ ਘਾਈ ਨੇ ਕਿਹਾ ਕਿ ਕਿ ਨਸ਼ਾ ਮੁਕਤੀ ਸੈਂਟਰਾਂ ਦੀ ਸਥਾਪਨਾ, ਪੈਰਾ-ਮੈਡੀਕਲ ਸਟਾਫ ਦੀ ਨਿਸ਼ਠਾ ਅਤੇ ਵਿਸ਼ੇਸ਼ ਮੀਟਿੰਗਾਂ ਰਾਹੀਂ ਬਣਾਈਆਂ ਰਣਨੀਤੀਆਂ ਦੇ ਨਤੀਜੇ ਵਜੋਂ ਭਰਤਗੜ੍ਹ ਬਲਾਕ ਵਿਚ ਨਸ਼ਾ ਮੁਕਤੀ ਵੱਲ ਇੱਕ ਢੁਕਵਾਂ ਕਦਮ ਚੁੱਕਿਆ ਗਿਆ ਹੈ।

ਇਹ ਮੁਹਿੰਮ ਹੋਰ ਵੀ ਗਤੀਸ਼ੀਲ ਢੰਗ ਨਾਲ ਜਾਰੀ ਰਹੇਗੀ, ਤਾਂ ਜੋ ਭਵਿੱਖ ਵਿਚ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾ ਕੇ ਇੱਕ ਤੰਦਰੁਸਤ ਸਮਾਜ ਦੀ ਨਿਰਮਾਣ ਕੀਤਾ ਜਾ ਸਕੇ।

# ਜੁਗਨੂ ਦੀ ਪ੍ਰੇਰਣਾ: ਕੁਦਰਤੀ ਚਮਕ ਵਿੱਚ ਵਿਗਿਆਨਕ ਸੰਦੇਸ਼

ਡਾ. ਅਮਰ ਪ੍ਰਤਾਪ ਸਿੰਘ ਫਰਵਾਹਾ, ਪ੍ਰੋਫੈਸਰ, ਈਸੀਈ ਵਿਭਾਗ, ਸੰਤ ਲੌਂਗੋਵਾਲ ਇੰਜੀਨੀਅਰਿੰਗ ਅਤੇ ਤਕਨੀਕੀ ਸੰਸਥਾਨ, ਲੌਂਗੋਵਾਲ-148106, ਜਿਲਾ ਸੰਗਰੂਰ, ਪੰਜਾਬ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

ਕੁਦਰਤ ਦੀ ਰਚਨਾ ਅਦਭੁੱਤ ਹੈ। ਹਰ ਜੀਵ-ਜੰਤੂ, ਚਾਹੇ ਉਹ ਵੱਡਾ ਹੋਵੇ ਜਾਂ ਛੋਟਾ, ਆਪਣੇ ਆਪ ਵਿੱਚ, ਕੋਈ ਨਾ ਕੋਈ, ਲੁਕੀ ਹੋਈ, ਵਿਲੱਖਣ ਵਿਸ਼ੇਸ਼ਤਾ, ਰੱਖਦਾ ਹੈ। ਇਨ੍ਹਾਂ ਅਣਮੁੱਲੇ ਜੀਵਾਂ ਵਿੱਚੋਂ, ਇੱਕ ਹੈ, ਜੁਗਨੂ, ਇੱਕ ਐਸਾ ਨਿੱਕਾ ਕੀਟ, ਜੋ ਰਾਤ ਦੇ ਹਨੇਰੇ ਵਿੱਚ, ਆਪਣੇ ਸਰੀਰ ਦੀ ਰੌਸ਼ਨੀ ਰਾਹੀਂ, ਨਜ਼ਰ ਆਉਂਦਾ ਹੈ। ਜਦੋਂ ਅਸੀਂ ਬੱਚੇ ਹੁੰਦੇ ਹਾਂ, ਤਾਂ ਜੁਗਨੂ ਦੀ ਚਮਕ, ਸਾਨੂੰ ਕਿਸੇ ਪਰੀਆਂ ਦੀ ਦੁਨੀਆਂ ਦੀ, ਯਾਦ ਦਿਲਾਉਂਦੀ ਹੈ। ਪਰ ਜਿਵੇਂ ਜਿਵੇਂ, ਅਸੀਂ ਵਿਗਿਆਨ, ਸਮਝਣ ਲੱਗ ਪੈਂਦੇ ਹਾਂ, ਤਿਵੇਂ ਤਿਵੇਂ ਇਹ ਅਸਲ ਚਮਕ, ਵਿਗਿਆਨਕ ਤਥਾਂ ਦੀ ਚਮਕ, ਵਿੱਚ ਬਦਲ ਜਾਂਦੀ ਹੈ।

### ਜੁਗਨੂ ਦਾ ਵਿਗਿਆਨਕ ਰਾਜ:

ਜੁਗਨੂ ਦੀ ਰੌਸ਼ਨੀ, ਬਾਇਓਲੁਮਨੀਸੈਂਸ ਨਾਂ ਦੀ ਪ੍ਰਕਿਰਿਆ, ਰਾਹੀਂ ਪੈਦਾ ਹੁੰਦੀ ਹੈ। ਇਹ ਚਮਕ, ਉਸਦੇ ਪਿਛਲੇ ਹਿੱਸੇ ਵਿੱਚ, ਬਣੇ ਇਕ ਵਿਸ਼ੇਸ਼ ਅੰਗ, ਲੈਂਟਰਣ ਆਰਗਨ ਰਾਹੀਂ, ਨਿਕਲਦੀ ਹੈ। ਇਸ ਪ੍ਰਕਿਰਿਆ ਵਿੱਚ, ਹੇਠ ਲਿਖੇ ਤੱਤ, ਸ਼ਾਮਿਲ ਹੁੰਦੇ ਹਨ:

1.ਲੂਸੀਫੈਰਨ: ਇੱਕ ਰਸਾਇਣ, ਜੋ ਚਮਕਣ ਲਈ ਜ਼ਰੂਰੀ ਹੈ।

2.ਲੂਸੀਫੇਰੇਜ਼: ਇੱਕ ਇੰਜਾਈਮ, ਜੋ ਲੂਸੀਫਿਨ ਨੂੰ, ਆਕਸੀਜਨ ਨਾਲ ਮਿਲਾ ਕੇ, ਪ੍ਰਤੀਕਿਰਿਆ ਕਰਦਾ ਹੈ।

3.ਐਡੀਨੋਸੀਨ ਟਰਾਈ ਫਾਸਫੇਟ: ਇਹ ਊਰਜਾ ਦਾ ਸਰੋਤ ਹੈ ।

4.ਆਕਸੀਜਨ: ਇਹ ਪ੍ਰਤੀਕਿਰਿਆ ਲਈ ਇਕ ਲਾਜ਼ਮੀ ਤੱਤ ਹੈ।

ਇਹ ਸਭ ਮਿਲ ਕੇ, ਇੱਕ "ਠੰਢੀ ਰੌਸ਼ਨੀ" ਪੈਦਾ ਕਰਦੇ ਹਨ। ਇਸਦਾ ਅਰਥ ਹੈ, ਕਿ ਇੱਥੇ ਰੌਸ਼ਨੀ ਬਣਦੀ ਹੈ, ਪਰ ਗਰਮੀ ਨਹੀਂ।

### ਜੁਗਨੂ ਦੀ ਚਮਕ ਦੇ ਉਦੇਸ਼:

ਜੁਗਨੂ ਦੀ ਚਮਕ, ਸਿਰਫ਼ ਸੋਹਣੀ ਨਹੀਂ, ਬਲਕਿ ਉਦੇਸ਼ਪੂਰਨ, ਵੀ ਹੁੰਦੀ ਹੈ। ਕੁਝ ਮੁੱਖ ਕਾਰਨ ਹਨ:

1.ਜੀਵਨ ਸਾਥੀ ਦੀ ਖੋਜ: ਮਰਦ ਜੁਗਨੂ, ਵੱਖ-ਵੱਖ ਚਮਕਣ ਦੇ ਪੈਟਰਨ ਰਾਹੀਂ, ਮਾਦਾ ਨੂੰ ਆਕਰਸ਼ਿਤ ਕਰਦੇ ਹਨ। ਹਰ ਕਿਸਮ ਦੇ ਜੁਗਨੂ ਦਾ, ਆਪਣਾ ਆਪਣਾ ਪੈਟਰਨ ਹੁੰਦਾ ਹੈ। ਕਿਸੇ ਦਾ ਚਮਕਣ ਲੰਬਾ, ਕਿਸੇ ਦਾ ਛੋਟਾ ਜਾਂ ਕਿਸੇ ਦੀ ਆਵ੍ਰਿਤੀ ਤੇਜ਼ ਹੁੰਦੀ ਹੈ।



2.ਸ਼ਿਕਾਰੀ ਜੀਵਾਂ ਤੋਂ ਬਚਾਅ: ਕੁਝ ਜੁਗਨੂ, ਆਪਣੀ ਚਮਕ ਰਾਹੀਂ, ਸ਼ਿਕਾਰੀਆਂ ਨੂੰ ਚੇਤਾਵਨੀ ਦੇਂਦੇ ਹਨ, ਕਿ ਉਹ ਤਿੱਖੇ ਜਾਂ ਖਤਰਨਾਕ ਜਹਿਰ ਵਾਲੇ ਹਨ।

3.ਸ਼ਿਕਾਰ ਨੂੰ ਫਸਾਉਣਾ: ਕੁਝ ਜੁਗਨੂ, ਖਾਸ ਕਰਕੇ ਮਾਦਾ ਜੁਗਨੂ, ਹੋਰ ਕੀੜਿਆਂ ਨੂੰ ਆਕਰਸ਼ਿਤ ਕਰਕੇ, ਆਪਣਾ ਭੋਜਨ ਬਣਾਉਂਦੇ ਹਨ।

### ਵਾਤਾਵਰਣ ਵਿੱਚ ਭੂਮਿਕਾ:

ਜੁਗਨੂ, ਇੱਕ ਸੰਵੇਦਨਸ਼ੀਲ, ਜੀਵ ਹਨ। ਉਹ ਸਾਫ਼ ਹਵਾ, ਨਮੀ ਅਤੇ ਹਨੇਰੇ ਵਾਤਾਵਰਣ ਵਿੱਚ, ਵਧੀਆ ਜੀਉਂਦੇ ਹਨ। ਪਰ ਜਿਥੇ ਲਾਈਟ ਪੋਲੂਸ਼ਨ, ਰਸਾਇਣਕ ਖੇਤੀ ਜਾਂ ਜੰਗਲਾਂ ਦੀ ਕੱਟਾਈ ਹੋ ਰਹੀ ਹੋਵੇ, ਉਥੇ ਇਹਨਾਂ ਦੀ ਗਿਣਤੀ, ਘਟ ਜਾਂਦੀ ਹੈ। ਇਹ ਸਾਨੂੰ, ਸਿੱਧਾ ਸੰਦੇਸ਼ ਦਿੰਦੇ ਹਨ, ਕਿ ਕੁਦਰਤੀ ਜੀਵਨ ਤੰਤਰ ਦੀ ਰੱਖਿਆ, ਸਾਡੀ ਜ਼ਿੰਮੇਵਾਰੀ ਹੈ। ਜੁਗਨੂ ਦੀ ਚਮਕ, ਸਾਡੀ ਨੈਚਰਲ ਹੇਰੀਟੇਜ ਦੀ, ਨਿਸ਼ਾਨੀ ਹੈ।

### ਮਨੁੱਖਤਾ ਲਈ ਚਮਕਦਾਰ ਸੰਦੇਸ਼:

ਜੁਗਨੂ ਦੀ ਚਮਕ, ਸਾਨੂੰ ਇਹ ਸਿਖਾਉਂਦੀ ਹੈ ਕਿ:

1.ਜਿਵੇਂ ਉਹ ਹਨੇਰੇ ਵਿੱਚ, ਚਮਕਦਾ ਹੈ, ਅਸੀਂ ਵੀ, ਮੁਸ਼ਕਲ ਹਾਲਾਤ ਵਿੱਚ, ਆਸ ਦੀ ਰੌਸ਼ਨੀ, ਪੈਦਾ ਕਰ ਸਕਦੇ ਹਾਂ।

2.ਉਸ ਦੀ ਰੌਸ਼ਨੀ, ਸ਼ਾਂਤ ਹੁੰਦੀ ਹੈ, ਪਰ ਬਹੁਤ ਹੀ ਪ੍ਰਭਾਵਸ਼ਾਲੀ। ਇਸੇ ਤਰ੍ਹਾਂ, ਸਾਡੀ ਨਰਮੀ ਵੀ, ਬਹੁਤ ਕੁਝ ਬਦਲ ਸਕਦੀ ਹੈ।

3.ਹਰ ਵਿਅਕਤੀ, ਆਪਣੇ ਅੰਦਰ, ਇੱਕ ਜੁਗਨੂ ਵਾਂਗ, ਚਮਕ ਰੱਖਦਾ ਹੈ। ਜੀਵਨ ਦੀ ਇਹ ਚਮਕ ਜਾਂ ਕੋਈ ਨਾ ਕੋਈ ਹੋਰ ਵਿਸ਼ੇਸ਼ਤਾ, ਜੋ ਹੋਰਾਂ ਲਈ ਉਮੀਦ, ਬਣ ਸਕਦੀ ਹੈ।

### ਅੰਤ ਵਿਚ:

ਜੁਗਨੂ ਸਿਰਫ਼, ਇੱਕ



ਕੀਟ ਨਹੀਂ, ਬਲਕਿ ਕੁਦਰਤ ਦਾ, ਚਮਕਦਾ ਹੋਇਆ, ਸੰਦੇਸ਼ ਹੈ। ਉਹ ਸਾਨੂੰ, ਵਿਗਿਆਨ ਅਤੇ ਜੀਵਨ ਦੋਹਾਂ ਵਿੱਚ ਪ੍ਰੇਰਣਾ ਦਿੰਦੇ ਹਨ। ਅਸੀਂ ਜਦੋਂ ਵੀ, ਕਿਸੇ ਰਾਤ ਨੂੰ, ਇੱਕ ਜੁਗਨੂ ਨੂੰ ਚਮਕਦਿਆਂ ਦੇਖੀਏ, ਤਾਂ ਉਹ ਸਿਰਫ਼ ਸੋਹਣੀ ਦ੍ਰਿਸ਼ਟੀ ਨਹੀਂ, ਸਗੋਂ ਅੰਦਰੂਨੀ ਚਮਕ, ਦੀ ਯਾਦ ਵੀ ਕਰੀਏ। ਇਹ ਚਮਕ, ਸਾਡੀ ਵੀ ਹੋ ਸਕਦੀ ਹੈ, ਜੇ ਅਸੀਂ ਚਾਹੀਏ ਤਾਂ। ਇਸ ਲੇਖ ਰਾਹੀਂ, ਨੌਜਵਾਨ ਵਿਦਿਆਰਥੀਆਂ, ਨੂੰ ਅਜਿਹੀਆਂ ਨਵੀਂ ਤੇ ਰੋਚਕ ਤਕਨੀਕਾਂ ਵੱਲ, ਮੋੜਨ ਦੀ ਲੋੜ ਹੈ, ਜੋ ਨਿਰੇ ਕਿਤਾਬੀ ਗਿਆਨ ਤੋਂ ਉੱਪਰ ਚੜ੍ਹਕੇ, ਕੁਦਰਤ, ਸਮਾਜ ਅਤੇ ਵਿਗਿਆਨ ਦੇ ਤਾਲਮੇਲ ਰਾਹੀਂ, ਵਿਕਸਿਤ ਹੋਣ।

# ਵਿਦਿਆਰਥੀਆਂ ਵਿੱਚ ਦੇਸ਼ ਭਗਤੀ ਦਾ ਜਜ਼ਬਾ ਪੈਦਾ ਕੀਤਾ ਜਾਵੇ : ਹੀਰਾ ਲਾਲ ਸ਼ਰਮਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

ਜ਼ੀਰਾ 4 ਮਈ ( ਅੰਗਰੇਜ਼ ਬਰਾੜ ) - ਵਿਦਿਆਰਥੀਆਂ ਨੂੰ ਦੇਸ਼ ਦੇ ਚੰਗੇ ਨਾਗਰਿਕ ਬਣਾਉਣ ਲਈ ਉਹਨਾਂ ਅੰਦਰ ਦੇਸ਼ ਭਗਤੀ ਦਾ ਜਜ਼ਬਾ ਪੈਦਾ ਕੀਤਾ ਜਾਵੇ! ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਫਿਰੋਜਪੁਰ ਗਰੁੱਪ ਆਫ਼ ਕਾਲਜ ਫਿਰੋਜਸ਼ਾਹ ਦੇ ਚੇਅਰਮੈਨ ਡਾ ਹੀਰਾ ਲਾਲ ਸ਼ਰਮਾ ਨੇ ਫਿਰੋਜਪੁਰ ਵਿਖੇ ਪੱਤਰਕਾਰਾਂ ਕੋਲ ਕੀਤਾ! ਉਹਨਾਂ ਕਿਹਾ ਕਿ ਜੇਕਰ ਬੱਚਿਆਂ ਵਿੱਚ ਦੇਸ਼ ਪ੍ਰਤੀ ਪਿਆਰ ਹੋਵੇਗਾ ਤਾਂ ਉਹ ਦੇਸ਼ ਦੇ ਚੰਗੇ ਨਾਗਰਿਕ ਬਣਨ ਲਈ ਯਤਨ ਕਰਨਗੇ ਅਤੇ ਜੇਕਰ ਵਿਦਿਆਰਥੀ ਦੇਸ਼ ਦੇ ਚੰਗੇ ਨਾਗਰਿਕ ਬਣਨਗੇ ਤਾਂ ਉਹ ਆਪਣੀ ਜ਼ਿੰਦਗੀ ਵਿੱਚ ਸਫਲਤਾ ਹਾਸਲ ਵੀ ਜਰੂਰ ਕਰਨਗੇ, ਜਿਸ ਕਰਕੇ ਉਹਨਾਂ ਦਾ ਭਵਿੱਖ ਵੀ ਸੁਨਹਿਰੀ ਬਣ ਜਾਵੇਗਾ! ਡਾਕਟਰ ਹੀਰਾ ਲਾਲ ਸ਼ਰਮਾ ਨੇ ਅੱਗੇ ਕਿਹਾ ਕਿ ਵਿਦਿਆਰਥੀਆਂ ਨੂੰ ਤਕਨੀਕੀ ਅਤੇ ਮਿਆਰੀ ਪੜ੍ਹਾਈ ਕਰਵਾਉਣ ਦੇ ਨਾਲ



ਨਾਲ ਉਹਨਾਂ ਨੂੰ ਦੇਸ਼ ਭਗਤੀ ਪ੍ਰਤੀ ਵੀ ਪ੍ਰੇਰਿਤ ਕੀਤਾ ਜਾਵੇ! ਉਹਨਾਂ ਕਿਹਾ ਕਿ ਫਿਰੋਜਪੁਰ ਗਰੁੱਪ ਆਫ ਕਾਲਜ ਫਿਰੋਜਸ਼ਾਹ ਵਿੱਚੋਂ ਮਿਆਰੀ ਅਤੇ ਤਕਨੀਕੀ ਸਿੱਖਿਆ ਲੈ ਕੇ ਹਜ਼ਾਰਾਂ ਵਿਦਿਆਰਥੀ ਦੇਸ਼ ਦੀ ਆਰਮੀ ਵਿੱਚ ਆਪਣੇ ਦੇਸ਼ ਦੀ ਰੱਖਿਆ ਲਈ ਭਰਤੀ ਹੋਏ ਹਨ। ਡਾ ਹੀਰਾ ਲਾਲ ਸ਼ਰਮਾ ਨੇ ਇਹ ਵੀ ਕਿਹਾ ਕਿ ਜਿੱਥੇ ਬੇਰੁਜ਼ਗਾਰੀ ਦੂਰ ਕਰਨ ਲਈ ਵਿਦਿਆਰਥੀਆਂ ਨੂੰ ਹੁਨਰਮੰਦ ਕਾਮੇ ਬਣਾਉਣ ਦੀ ਲੋੜ ਹੈ, ਉੱਥੇ ਉਹਨਾਂ ਅੰਦਰ ਦੇਸ਼ ਭਗਤੀ ਦਾ ਜਜ਼ਬਾ ਵੀ ਪੈਦਾ ਕਰਨ ਦੀ ਬੇਹੱਦ ਲੋੜ ਹੈ! ਇਸ ਮੌਕੇ ਉਹਨਾਂ ਦੇ ਨਾਲ ਜਨਰਲ ਸੈਕਟਰੀ ਸ੍ਰੀ ਸ਼ਿਵਮ ਸ਼ਰਮਾ, ਟੀ ਬੀ ਐਸ ਇੰਟਰਨੈਸ਼ਨਲ ਪਬਲਿਕ ਸਕੂਲ ਫਿਰੋਜਸ਼ਾਹ ਦੇ ਮੈਨੇਜਿੰਗ ਡਾਇਰੈਕਟਰ ਮੈਡਮ ਦੀਪਾਲੀ ਸ਼ਰਮਾ, ਪ੍ਰਿੰਸੀਪਲ ਰੇਖਾ ਪਾਸੀ ਆਦਿ ਹਾਜ਼ਰ ਸਨ।

# ਲਿਫਟਿੰਗ ਦੇ ਸਹੀ ਪਰਬੰਧ ਨਾਂ ਹੋਣ ਕਰਕੇ ਮੰਡੀਆਂ ਵਿੱਚ ਰੁਲ ਰਿਹਾ ਅਨਾਜ ਮੁਖਤਿਆਰ ਸਿੰਘ ਦੀਨਾ ਸਾਹਿਬ ਸੂਬਾ ਮੀਤ ਪ੍ਰਧਾਨ ਲੱਖੋਵਾਲ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ INTERNATIONAL PAPER, 9463601616 hardipchumber57@gmail.com



ਬਲਾਕ ਨਿਹਾਲ ਸਿੰਘ ਵਾਲਾ ਦੇ ਵੱਖ ਵੱਖ ਪਿੰਡਾਂ ਵਿੱਚ ਬਣੀਆਂ ਸਬ ਮੰਡੀਆਂ ਵਿੱਚ ਬਿਨਾਂ ਸਟੈਗ ਕੀਤੇ ਤਕਰੀਬਨ ਬਹੁਤੀਆਂ ਮੰਡੀਆਂ ਵਿੱਚ ਹਜਾਰਾਂ ਦੀ ਗਿਣਤੀ ਵਿੱਚ ਕਣਕਾਂ ਦੀਆਂ ਬੋਰੀਆਂ ਉਸਦੇ ਤਰ੍ਹਾਂ ਹੀ ਖੁੱਲੇ ਮੈਦਾਨ ਵਿੱਚ ਅਨਾਜ ਰੁਲ ਰਿਹਾ ਹੈ ਖਰੀਦ ਦੇ ਚੌਵੀ ਘੰਟੇ ਬਾਅਦ ਚੁਕੱਣ ਦੇ ਫੈਸਲੇ ਦੇ ਮੂੰਹ ਚਿੜਾ ਰਹੇ ਹਨ ਮੰਡੀਆਂ ਵਿੱਚ ਪਏ ਭਰਿਆ ਬੋਲੀਆਂ ਦੇ ਅੰਬਾਰ ਅੱਜ ਨਿਹਾਲ ਸਿੰਘ ਵਾਲਾ ਪੱਤੇ ਹੀਰਾ ਸਿੰਘ ਗਾਜੀਆਣਾਂ ਦੀਨਾ ਸਾਹਿਬ ਅਤੇ ਹੋਰ ਕਈ ਮੰਡੀ ਵਿੱਚ ਜਾਕੇ ਵੇਖਿਆ ਗਿਆ ਸਾਰੇ ਥਾਵਾਂ ਉਪਰ ਇਹੇ ਹੀ ਹਾਲਾਤ ਵੇਖਣ ਨੂੰ ਮਿਲੇ ਆੜ੍ਹਤੀਆਂ ਦੇ ਮੁਨੀਮਾਂ ਨਾਲ ਸੰਪਰਕ ਕਰਨ ਤੇ ਉਨ੍ਹਾਂ ਦੱਸਿਆ ਕਿ ਜੇਕਰ ਕੁੱਝ ਦਿਨ ਤੱਕ ਲਿਫਟਿੰਗ ਨਾਂ ਹੋਈ ਤਾਂ ਸਾਨੂੰ ਵੱਡੇ ਪੱਧਰ ਤੇ ਘਟੌਤੀ ਦਾ ਸਾਹਮਣਾ ਕਰਨਾ ਪਵੇਗਾ ਇਸ ਸਾਡੀ ਸਰਕਾਰ ਨੂੰ ਅਪੀਲ ਹੈ ਕਿ ਜਲਦੀ ਤੋਂ ਜਲਦੀ ਕਣਕ ਦੀ ਵੱਖ ਵੱਖ ਮੰਡੀਆਂ ਵਿਚੋਂ ਲਿਫਟਿੰਗ ਕੀਤੀ ਜਾਵੇ ਕਿਸਾਨਾਂ ਵੱਲੋਂ ਕੇਂਦਰ ਸਰਕਾਰ ਤੋਂ ਇਹ ਮੰਗ ਕੀਤੀ ਗਈ ਕਿ ਪਿਛਲੇ ਸਾਲ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਕਿਸਾਨਾਂ ਨੇ ਵੱਡੇ ਪੱਧਰ ਤੇ ਪੀ ਆਰ 126ਝੋਨੇ ਦੀ ਕਾਸ਼ਤ ਕੀਤੀ ਸੀ ਪਰ ਕਿਸਾਨਾਂ ਨੂੰ ਵੇਚਣ ਸਮੇਂ ਵੱਡੀ ਮਾਰ ਝੱਲਣੀ ਪਈ ਉਨਾਂ ਨੂੰ ਸੱਤ ਤੋਂ ਲੈਕੇ ਦਸ ਗੱਟੇ ਤੱਕ ਪ੍ਰਤੀ ਸੈਂਕੜਾ ਕਾਟ ਦੇ ਕੇ ਆਪਣੀ ਫਸਲ ਵੇਚਣੀ ਪਈ ਸ਼ੈਲਰਾਂ ਵਾਲਿਆਂ ਦਾ ਕਹਿਣਾ ਸੀ ਕਿ ਸੈਲਿੰਗ ਵੇਲੇ ਪੀਆਰ 126ਝੋਨੇ ਵਿਚੋਂ ਤਿੰਨ ਤੋਂ ਚਾਰ ਕਿਲੋ ਤੱਕ ਪ੍ਰਤੀ ਕੁਇੰਟਲ ਚੌਲ ਘੱਟ ਨਿਕਲਣ ਕਾਰਨ ਸਾਨੂੰ ਵੱਡੇ ਨੁਕਸਾਨ ਦਾ ਸਾਹਮਣਾ ਕਰਨਾ ਪੈਂਦਾ ਹੈ ਇਸਲਈ ਅਸੀਂ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਨੂੰ ਇਸ ਪ੍ਰਤੀ ਜਲਦੀਤੋਂ ਜਲਦੀ ਕੋਈ ਠੋਸ ਫੈਸਲਾ ਲੈਣ ਦੀ ਅਪੀਲ ਕਰਦੇ ਹਾਂ ਕਿ ਪਿਛਲੇ ਸਾਲ ਦੀ ਤਰ੍ਹਾਂ ਇਸ ਵਾਰ ਵੀ ਕਿਸਾਨਾਂ ਨੂੰ ਕੋਈ ਪਰੇਸ਼ਾਨੀ ਨਾਂ ਹੋਵੇ ਇਸ ਸਮੇਂ ਦਰਸ਼ਨ ਸਿੰਘ ਸੇਗੋ ਸਿੰਘ ਪਰਮਜੀਤ ਸਿੰਘ ਬਲਵੀਰ ਸਿੰਘ ਚਮਕੀਲਾ ਸਿੰਘ ਦਰਸ਼ਨ ਸਿੰਘ ਦਰਾਕਾ ਰਾਂਮ ਰਾਂਮ ਪੱਤੇ ਸਰਪੰਚ ਪੂਰਨ ਸਿੰਘ ਜਗਸੀਰ ਸਿੰਘ ਪਰਮਜੀਤ ਸਿੰਘ ਪੱਤੇ ਹੀਰਾ ਸਿੰਘ ਆਦਿਕ ਅਨੇਕਾਂ ਕਿਸਾਨ ਹਾਜਰ ਹੋਏ

# ਪੈਨਸ਼ਨਰਾਂ ਨੂੰ ਪੈਨਸ਼ਨ ਭਵਨ ਬਣਾਕੇ ਦਿੱਤਾ ਜਾਵੇ।

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ INTERNATIONAL PAPER, 9463601616 hardipchumber57@gmail.com



06 ਮਈ (ਗਗਨਦੀਪ ਸਿੰਘ) ਭਗਤਾ ਭਾਈਕਾ: ਪੰਜਾਬ ਗੌਰਮਿੰਟ ਪੈਨਸ਼ਨਰ ਐਸੋਸੀਏਸ਼ਨ ਬਲਾਕ ਭਗਤਾ ਭਾਈਕਾ ਦੀ ਮੀਟਿੰਗ ਪ੍ਰਧਾਨ ਸ੍ਰੀ ਆਤਮਤੇਜ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਗੁਰਜੀਤ ਸਿੰਘ ਜਨਰਲ ਸਕੱਤਰ ਨੇ ਪਿਛਲੇ ਮਹੀਨੇ ਪੰਜਾਬ ਗੌਰਮਿੰਟ ਪੈਨਸ਼ਨਰ ਐਸੋਸੀਏਸ਼ਨ ਵੱਲੋ ਕੀਤੀਆਂ ਗਈਆਂ ਸਰਗਰਮੀਆਂ ਬਾਰੇ ਚਾਨਣਾ ਪਾਇਆ ਗਿਆ। 01/01/2016 ਤੋਂ 30/06/2021 ਤਕ ਦੇ ਏਰੀਅਰ ਬਾਰੇ ਦੱਸਿਆ ਗਿਆ। ਸ੍ਰੀ ਸੁਲੱਖਣ ਸਿੰਘ ਸੀਨੀਅਰ ਮੀਤ ਪ੍ਰਧਾਨ ਨੇ 01/01/2016 ਤੋਂ ਬਾਅਦ ਰਿਟਾਇਰ ਹੋਣ ਵਾਲੇ ਪੈਨਸ਼ਨਰਾਂ ਨੂੰ ਮਿਲਣ ਵਾਲੇ ਏਰੀਅਰ ਅਤੇ ਲੀਵ ਇਨਕੈਸ਼ਮੈਂਟ ਦੇ ਬਕਾਏ ਬਾਰੇ ਦੱਸਿਆ ਗਿਆ। ਸ੍ਰੀ ਨਰਿੰਦਰਪਾਲ ਜੀ ਨੇ ਪੁਲਵਾਮਾ ਵਿੱਚ ਮਾਰੇ ਗਏ ਸੈਲਾਨੀਆ ਬਾਰੇ ਵਿਸਥਾਰ ਪੂਰਵਕ ਦੱਸਿਆ। ਸ੍ਰੀ ਰਣਧੀਰ ਸਿੰਘ ਨੇ ਆਪਣੇ ਸਮਾਜ ਨਾਲ ਨੇੜੇ ਦੇ ਸਬੰਧ ਬਣਾਉਣ ਲਈ ਸਾਰੇ ਪੈਨਸ਼ਨਰਾਂ ਨੂੰ ਪ੍ਰੇਰਤ ਕੀਤਾ। ਮੀਟਿੰਗ ਦੇ ਅੰਤ ਵਿੱਚ ਪ੍ਰਧਾਨ ਸ੍ਰੀ ਆਤਮਤੇਜ ਸ਼ਰਮਾ ਨੇ ਬਹੁਤ ਸਾਰੇ ਵਿਸ਼ਿਆ ਉਪਰ ਚਾਨਣਾ ਪਾਇਆ ਅਤੇ ਵਖ ਵਖ ਮਤਿਆਂ ਉਪਰ ਪੈਨਸ਼ਨਰਾਂ ਦੀ ਰਾਇ ਜਾਣੀ। ਸਾਰੇ ਪੈਨਸ਼ਨਰਾਂ ਨੇ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਕਿ ਪੈਨਸ਼ਨਰਾਂ ਨੂੰ ਮੀਟਿੰਗ ਕਰਨ ਸਬੰਧੀ ਆਉਂਦੀ ਸਮਸਿਆ ਅਤੇ ਹੋਰ ਸਰਗਰਮੀਆਂ ਕਰਨ ਲਈ ਬਲਾਕ ਭਗਤਾ ਭਾਈਕਾ ਦੇ ਤਹਿਸੀਲ ਕੰਪਲੈਕਸ ਵਿੱਚ ਇੱਕ ਪੈਨਸ਼ਨ ਭਵਨ ਬਣਾਇਆ ਜਾਵੇ। ਇਸ ਮਤੇ ਉਪਰ 100 ਤੋਂ ਵਧ ਪੈਨਸ਼ਨਰਾਂ ਨੇ ਆਪਣੇ ਦਸਤਖਤ ਕੀਤੇ ਜੋ ਡਿਪਟੀ ਕਮਿਸ਼ਨਰ ਬਠਿੰਡਾ ਨੂੰ ਦਿਤਾ ਜਾਵੇਗਾ।ਮੀਟਿੰਗ ਵਿਚ ਮਾਸਟਰ ਨਛੱਤਰ ਸਿੰਘ,ਮਾਸਟਰ ਗੁਰਦੀਪ ਸਿੰਘ, ਮਾਸਟਰ ਹਰਮੇਲ ਸਿੰਘ,ਸ੍ਰੀ ਬੂਟਾ ਸਿੰਘ,ਮਾਸਟਰ ਦਿਲਬਾਰਾ ਸਿੰਘ,ਸ੍ਰੀ ਗੁਰਦੀਪ ਸਿੰਘ,ਮਾਸਟਰ ਲਾਭ ਸਿੰਘ,ਮਾਸਟਰ ਰਣਜੋਧ ਸਿੰਘ,ਸ੍ਰੀ ਗੁਰਜੰਟ ਸਿੰਘ,ਸ੍ਰੀ ਰੇਸ਼ਮ ਸਿੰਘ,ਮਾਸਟਰ ਪਰਮਜੀਤ ਸਿੰਘ,ਮਾਸਟਰ ਬਲਵਿੰਦਰ ਸਿੰਘ,ਸ੍ਰੀ ਕੰਵਰ ਕੌਰ ਸਿੰਘ,ਮਾਸਟਰ ਜੇਰਾ ਸਿੰਘ,ਸ੍ਰੀ ਸੁਰਜਣ ਸਿੰਘ,ਪਟਵਾਰੀ ਦਰਸ਼ਨ ਸਿੰਘ,ਮਾਸਟਰ ਮੇਜਰ ਸਿੰਘ ਆਦਿ ਹਾਜ਼ਰ ਸਨ।

# ਪਾਣੀਆਂ ਦੇ ਮੁੱਦੇ ਤੇ ਮੁੱਖ ਮੰਤਰੀ ਦਾ ਸਟੈਂਡ ਸਲਾਂਘਾਯੋਗ : ਸਰਪੰਚ ਸੁਖਦੇਵ ਸਿੰਘ ਸੰਧੂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ INTERNATIONAL PAPER, 9463601616 hardipchumber57@gmail.com

ਜ਼ੀਰਾ 6 ਮਈ ( ਅੰਗਰੇਜ਼ ਬਰਾੜ ) - ਮਾਨਯੋਗ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਪਾਣੀ ਦੇ ਮੁੱਦੇ ਤੇ ਲਿਆ ਗਿਆ ਸਪਸ਼ਟ ਸਟੈਂਡ ਸ਼ਲਾਂਗਾਯੋਗ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਪਿੰਡ ਮਣਕਿਆਂ ਵਾਲੀ ਦੇ ਸਰਪੰਚ ਸਰਦਾਰ ਸੁਖਦੇਵ ਸਿੰਘ ਸੰਧੂ ਨੇ ਜ਼ੀਰਾ ਵਿਖੇ ਪੱਤਰਕਾਰਾਂ ਕੋਲ ਕੀਤਾ। ਉਹਨਾਂ ਕਿਹਾ ਕਿ ਮੁੱਖ ਮੰਤਰੀ ਵੱਲੋਂ ਪਾਣੀਆਂ ਦੇ ਮੁੱਦੇ ਤੇ ਸਰਬ ਪਾਰਟੀ ਮੀਟਿੰਗ ਬੁਲਾਉਣੀ ਵੀ ਸ਼ਲਾਂਗਾ ਯੋਗ ਹੈ, ਮੁੱਖ ਮੰਤਰੀ ਨੇ ਇਹ ਸਾਬਤ ਕਰ ਦਿੱਤਾ ਹੈ, ਕਿ ਉਹ ਪੰਜਾਬ ਦੇ ਹਿੱਤਾਂ ਲਈ ਅਤੇ ਪੰਜਾਬ ਦੇ ਲੋਕਾਂ ਲਈ ਹਮੇਸ਼ਾ ਉਹਨਾਂ ਦੇ ਨਾਲ ਖੜ੍ਹੇ ਹਨ। ਸਰਪੰਚ ਸੁਖਦੇਵ ਸਿੰਘ ਸੰਧੂ ਨੇ ਇਹ ਵੀ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਕਿਸਾਨਾਂ ਅਤੇ ਪੰਜਾਬ ਦੇ ਲੋਕਾਂ ਦੇ ਨਾਲ ਖੜੀ ਹੋਣ ਕਾਰਨ ਪਿਛਲੇ ਤਿੰਨ ਸਾਲਾਂ ਤੋਂ ਕਦੇ ਵੀ ਕਿਸਾਨਾਂ ਨੂੰ ਰਾਤ ਸਮੇਂ ਆਲੂ ਜਾਂ ਹੋਰ ਫਸਲਾਂ ਨੂੰ ਪਾਣੀ ਲਗਾਉਣ ਸਮੇਂ ਜਾਗਣਾ ਨਹੀਂ ਪਿਆ ਕਿਉਕਿ ਬਿਜਲੀ 24 ਘੰਟੇ ਚਲਦੀ ਰਹਿੰਦੀ ਹੈ। ਉਹਨਾਂ ਕਿਹਾ ਕਿ ਇਸੇ ਤਰ੍ਹਾਂ ਲੋਕਾਂ ਨੂੰ ਬਿਜਲੀ ਮੁਫ਼ਤ ਮਿਲ ਜਾਣ ਕਾਰਨ ਬਿੱਲ ਭਰਨ ਲਈ ਕਦੇ ਲਾਈਨਾਂ ਵਿੱਚ ਵੀ ਲੱਗਣਾ ਨਹੀਂ ਪਿਆ, ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਭਲਾਈ ਲਈ ਦਿਨ ਰਾਤ ਕੰਮ ਕਰ ਰਹੀ ਹੈ। ਵਿਧਾਨ ਸਭਾ ਹਲਕਾ ਜ਼ੀਰਾ ਬਾਰੇ ਗੱਲ ਕਰਦਿਆਂ ਸਰਪੰਚ ਸੁਖਦੇਵ ਸਿੰਘ ਸੰਧੂ ਨੇ ਕਿਹਾ ਕਿ ਉਹ ਲਗਭਗ 25 ਸਾਲਾਂ ਤੋਂ ਹਲਕਾ ਜ਼ੀਰਾ ਦੇ ਵਿਧਾਇਕ ਨਰੇਸ਼ ਕਟਾਰੀਆ ਨੂੰ ਜਾਣ ਦੇ ਆ ਰਹੇ ਹਨ। ਨਰੇਸ਼ ਕਟਾਰੀਏ ਵਰਗਾ ਇਮਾਨਦਾਰ ਅਤੇ ਨਿਮਰਤਾ ਵਾਲਾ ਲੀਡਰ ਹੋਰ ਕਿਸੇ ਵੀ ਪਾਰਟੀ ਕੋਲ ਨਹੀਂ



ਹੈ। ਉਹਨਾਂ ਕਿਹਾ ਕਿ ਨਰੇਸ਼ ਕਟਾਰੀਆ ਨੇ ਆਪਣੇ ਕਿਸੇ ਵੀ ਸਾਥੀ ਜਾਂ ਵਰਕਰ ਨੂੰ ਕਦੇ ਪਿੱਠ ਨਹੀਂ ਦਿਖਾਈ! ਸਰਪੰਚ ਸੁਖਦੇਵ ਸਿੰਘ ਸੰਧੂ ਨੇ ਇਹ ਵੀ ਕਿਹਾ ਕਿ ਹਲਕਾ ਵਿਧਾਇਕ ਜ਼ੀਰਾ ਹਲਕੇ ਨੂੰ ਨਮੂਨੇ ਦਾ ਹਲਕਾ ਬਣਾਉਣ ਲਈ ਯਤਨਸ਼ੀਲ ਹਨ।

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ INTERNATIONAL PAPER, 9463601616 hardipchumber57@gmail.com

# ਕਵੀਰਾਜ ਡਾ.ਰਵਿੰਦਰ ਨਾਥ ਟੈਗੋਰ ਦੇ ਜਨਮ ਦਿਨ 'ਤੇ ਵਿਸ਼ੇਸ਼

(7 ਮਈ 1861-7 ਅਗਸਤ 1941 )



ਅਸਿਸਟੈਂਟ ਪ੍ਰੋ.ਗਗਨਦੀਪ ਕੌਰ ਧਾਲੀਵਾਲ, ਆਰੀਆ ਭੱਟ ਕਾਲਜ ਬਰਨਾਲਾ।

ਡਾ.ਰਵਿੰਦਰ ਨਾਥ ਟੈਗੋਰ ਇੱਕ ਪ੍ਰਭਾਵਸ਼ਾਲੀ ਵਿਅਕਤੀ ਸਨ। ਰਵਿੰਦਰ ਨਾਥ ਟੈਗੋਰ ਇੱਕ ਮਹਾਨ ਦੇਸ਼ ਭਗਤ ਸਨ।ਉਨ੍ਹਾਂ ਨੂੰ ਮਾਤ -ਭੂਮੀ ਨਾਲ ਬਹੁਤ ਪਿਆਰ ਸੀ। ਉਨ੍ਹਾਂ "ਜਨ ਗਣ ਮਨ " ਕੌਮੀ ਗੀਤ ਰਵਿੰਦਰ ਨਾਥ ਟੈਗੋਰ ਦੀ ਅਦੁੱਤੀ ਰਚਨਾ ਕੀਤੀ ।ਡਾ. ਰਵਿੰਦਰ ਨਾਥ ਟੈਗੋਰ ਨੂੰ ਭਾਰਤ ਦਾ ਕਵੀਰਾਜ ਕਿਹਾ ਜਾਂਦਾ ਹੈ।ਉਹ ਉੱਘੇ ਨਾਵਲਕਾਰ ਵੀ ਸਨ।ਡਾ.ਰਵਿੰਦਰ ਨਾਥ ਟੈਗੋਰ ਨੂੰ ਭਾਰਤ ਦੇ ਸੱਚੇ ਦੇਸ਼ ਭਗਤ ਹੋਣ ਦਾ ਮਾਣ ਪ੍ਰਾਪਤ ਹੈ । ਡਾ.ਰਵਿੰਦਰ ਨਾਥ ਟੈਗੋਰ ਮਹਾਂ ਰਿਸ਼ੀ ਦਵਿੰਦਰ ਨਾਥ ਠਾਕੁਰ ਦੇ ਪੁੱਤਰ ਸਨ।ਉਨ੍ਹਾਂ ਦੇ ਮਾਤਾ ਜੀ ਦਾ ਨਾਂ ਸ਼ਾਰਦਾ ਦੇਵੀ ਸੀ।ਉਨ੍ਹਾਂ ਦਾ ਜਨਮ 7 ਮਈ 1861 ਈ. ਨੂੰ ਜੋਗ ਸਾਂਕੋ' (ਸ਼ਹਿਰ) ਠਾਕਰ ਬਾੜੀ, ਕੋਲਕਾਤਾ ਵਿਖੇ ਹੋਇਆ ।ਉਨ੍ਹਾਂ ਨੇ 12 ਸਾਲ ਦੀ ਉਮਰ ਵਿੱਚ 'ਪ੍ਰਿਥਵੀਰਾਜ ਪਰਾਜਯ 'ਨਾਮੀ ਨਾਟਕ ਲਿਖਿਆ ਸੀ।ਅੰਮ੍ਰਿਤ ਬਜ਼ਾਰ ਪੱਤ੍ਰਕਾ ਨੇ ਉਹਨਾਂ ਦੀ ਕਵਿਤਾ ਨੂੰ 1875ਈ.ਵਿੱਚ ਛਾਪਿਆ। ਰਵਿੰਦਰ ਨਾਥ ਟੈਗੋਰ ਦਾ ਵਿਆਹ 'ਮ੍ਰਿਨਲਿਨੀ ਦੇਵੀ' ਨਾਲ ਹੋਇਆ ।ਰਾਵਿੰਦਰ ਨਾਥ ਟੈਗੋਰ 1898 ਈ: ਵਿੱਚ 'ਭਾਰਤੀ' ਮੈਗਜ਼ੀਨ ਦੇ ਸੰਪਾਦਕ ਬਣੇ। 1901 ਈ: ਵਿੱਚ 'ਬੰਗਦਰਸ਼ਨ' ਪੱਤ੍ਰਿਕਾ ਦੀ ਸੰਪਾਦਨਾਂ ਕਵੀ ਟੈਗੋਰ ਨੇ ਕੀਤੀ ।1912 ਈ: ਵਿੱਚ ਉਨ੍ਹਾਂ ਦੀ ਮਹਾਨ ਰਚਨਾ 'ਗੀਤਾਂਜਲੀ' ਛਪੀ ਜਿਸ ਨੂੰ 1913 ਈ: ਵਿੱਚ 'ਨੋਬਲ ਇਨਾਮ' ਪ੍ਰਾਪਤ ਹੋਇਆ।

ਡਾ.ਰਵਿੰਦਰ ਨਾਥ ਟੈਗੋਰ ਨੇ ਸ਼ਾਮ ਦੇ ਗੀਤ', 'ਪ੍ਰਭਾਤ ਦੇ ਗੀਤ', 'ਤਸਵੀਰਾਂ ਦਾ ਰਾਗ', 'ਨਵਾਂ ਚੰਨ, 'ਪ੍ਰਾਰਥਨਾ', 'ਭੁੱਖੇ ਪੱਥਰ', 'ਤਾਰਾ', 'ਕਾਬਲੀ ਵਾਲਾ" ਜਿਹੀਆਂ ਪ੍ਰਸਿੱਧ ਰਚਨਾਵਾਂ ਲਿਖ ਕੇ ਸਾਹਿਤ ਜਗਤ ਵਿੱਚ ਹਿੱਸਾ ਪਾਇਆ । ਡਾ.ਰਵਿੰਦਰ ਨਾਥ ਟੈਗੋਰ ਨੇ 35 ਕਾਵਿ-ਸੰਗ੍ਰਹਿ, 50 ਲੇਖ ਸੰਗ੍ਰਹਿ, 40 ਨਾਟਕ, 11 ਕਹਾਣੀ ਸੰਗ੍ਰਹਿ ਲਿਖੇ।ਕਲਕੱਤਾ ਯੂਨੀਵਰਸਿਟੀ ਵੱਲੋਂ ਡੀ. ਲਿਟ ਦੀ ਉਪਾਧੀ ਦਿੱਤੀ ਗਈ।ਡਾ.ਰਵਿੰਦਰ ਨਾਥ ਟੈਗੋਰ ਨੇ 'ਬੰਗਾਲ ਦੀ ਵੰਡ 'ਦਾ ਕੱਟੜ ਵਿਰੋਧ ਕੀਤਾ । ਵਿਦਿਆਰਥੀਆਂ ਨੂੰ ਮੁਫ਼ਤ ਵਿਦਿਆ ਦੇਣ ਲਈ ਸੰਸਥਾ ਸਥਾਪਿਤ ਕੀਤੀ ਜਿਸਨੂੰ ਸ਼ਾਂਤੀ ਨਿਕੇਤਨ ਕਿਹਾ ਗਿਆ।

13 ਅਪ੍ਰੈਲ 1919 ਨੂੰ ਜਿਲ੍ਹਿਆਂ ਵਾਲੇ ਬਾਗ ਦਾ ਹੱਤਿਆ ਕਾਂਡ ਹੋਇਆ ਸੀ।ਜਦ ਪੰਜਾਬ ਵਿੱਚ ਹੋਏ ਅੱਤਿਚਾਰਾਂ ਦੀ ਖ਼ਬਰ ਦੂਸਰੇ ਹਿੱਸਿਆਂ ਵਿੱਚ ਪੁੱਜੀ ਤਾਂ ਸਾਰੇ ਭਾਰਤਵਰਸ਼ ਵਿੱਚ ਅਸਾਧਾਰਨ ਜੋਸ਼ ਫੈਲ ਗਿਆ।ਜਿਸ ਵਿੱਚ ਅਨੇਕਾਂ ਹੀ ਮਾਸੂਮ ਲੋਕ ਮਾਰੇ ਗਏ ਸਨ। ਡਾ.ਰਵਿੰਦਰ ਨਾਥ ਟੈਗੋਰ ਨੇ ਸਰਕਾਰ ਦੀ ਨੀਤੀ ਸੰਬੰਧੀ ਰੋਸ ਪ੍ਰਗਟ ਕਰਦਿਆਂ ਹੋਇਆ "ਜਿਲ੍ਹਿਆਂ ਵਾਲਾ



ਬਾਗ ਹੱਤਿਆ ਕਾਂਡ 'ਦੇ ਸਮੇਂ ਆਪਣੀ ਨਾਈਟਹੁੱਡ 'ਸਰ ' ਦੀ ਉਪਾਧੀ (30 ਮਈ 1919 ਈ.)ਦਾ ਤਿਆਗ ਕਰ ਦਿੱਤਾ ।ਇਸੇ ਕਰਕੇ ਮਹਾਤਮਾ ਗਾਂਧੀ ਜੀਡਾ.ਰਵਿੰਦਰ ਨਾਥ ਟੈਗੋਰ ਨੂੰ ਆਪਣਾ 'ਗੁਰੂਦੇਵ' ਕਹਿੰਦੇ ਸਨ। ਉਨ੍ਹਾਂ ਨੇ ਵਾਇਸਰਾਏ ਦੇ ਨਾਮ ਇੱਕ ਚਿੱਠੀ ਲਿਖੀ ਸੀ ਜਿਸ ਵਿੱਚ ਉਨ੍ਹਾਂ ਨੇ ਆਪਣੇ ਦੇਸ਼ ਵਾਸੀਆਂ ਉੱਤੇ ਸਰਕਾਰ ਦੇ ਅੱਤਿਆਚਾਰਾਂ ਦੀ ਸਖ਼ਤ ਨਿੰਦਾ ਕੀਤੀ ਸੀ । ਅੰਤ 7 ਅਗਸਤ 1941 ਈ. ਵਿਚ 80 ਸਾਲ ਦੀ ਉਮਰ ਵਿੱਚ ਡਾ.ਰਵਿੰਦਰ ਨਾਥ ਟੈਗੋਰ ਦਾ ਦੇਹਾਂਤ ਹੋ ਗਿਆ।

# ਵਿਰੋਧੀ ਧਿਰ ਤੇ ਕੌਂਸਲਰਾਂ ਨੇ ਨਗਰ ਕੌਂਸਲ ਪ੍ਰਧਾਨ ਦੀ ਕਾਰਗੁਜ਼ਾਰੀ ਤੇ ਉਠਾਏ ਸਵਾਲ

## ਆਪਣੇ ਵਾਰਡਾਂ ਵਿੱਚ ਸਫਾਈ ਅਤੇ ਵਿਕਾਸ ਕਾਰਜ ਨਾ ਕਰਵਾਏ ਜਾਣ ਦਾ ਉਠਾਇਆ ਮੁੱਦਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ INTERNATIONAL PAPER, 9463601616 hardipchumber57@gmail.com

ਲੌਂਗੋਵਾਲ,6 ਮਈ (ਜਗਸੀਰ ਸਿੰਘ )- ਅੱਜ ਨਗਰ ਕੌਂਸਲ ਲੌਂਗੋਵਾਲ ਵਿਖੇ ਸਮੁੱਚੇ ਕੌਂਸਲਰਾਂ ਦੀ ਹੋਈ ਮੀਟਿੰਗ ਤੋਂ ਬਾਅਦ ਵਿਰੋਧੀ ਧਿਰ ਦੇ ਕੌਂਸਲਰਾਂ ਨੇ ਨਗਰ ਕੌਂਸਲ ਪ੍ਰਧਾਨ ਸ਼੍ਰੀਮਤੀ ਪਰਮਿੰਦਰ ਕੌਰ ਬਰਾੜ ਤੇ ਆਪਣੇ ਵਾਰਡਾਂ ਵਿੱਚ ਵਿਕਾਸ ਕਾਰਜ ਅਤੇ ਸਫਾਈ ਨਾ ਹੋਣ ਦੇ ਦੋਸ਼ ਲਗਾਏ। ਇਸ ਮੌਕੇ ਗੱਲਬਾਤ ਕਰਦਿਆਂ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਅਤੇ ਮੌਜੂਦਾ ਕੌਂਸਲਰ ਸ਼੍ਰੀਮਤੀ ਰੀਤੂ ਗੋਇਲ,ਕੌਂਸਲਰ ਬਲਜਿੰਦਰ ਕੌਰ, ਨਗਰ ਕੌਂਸਲ ਦੀ ਸਾਬਕਾ ਮੀਤ ਪ੍ਰਧਾਨ ਬੀਬੀ ਨਸੀਬ ਕੌਰ ਚੇਟੀਆਂ, ਕੌਂਸਲਰ ਸ਼ੁਕਰਪਾਲ ਸਿੰਘ ਬੀਜੇਪੀ ਦੇ ਸੀਨੀਅਰ ਆਗੂ ਵਿਜੇ ਗੋਇਲ ,ਕਾਂਗਰਸ ਦੇ ਸੀਨੀਅਰ ਆਗੂ ਗੁਰਮੇਲ ਸਿੰਘ ਚੇਟੀਆਂ ਅਤੇ ਡਾਕਟਰ ਬਲਵੰਤ ਸਿੰਘ ਗੁਮਟੀ ਵਾਲਾ ਨੇ ਆਰੋਪ ਲਗਾਇਆ ਕਿ ਸਾਡੇ ਵਾਰਡਾਂ ਵਿੱਚ ਸਫਾਈ ਅਤੇ ਕੋਈ ਵੀ ਨਵੇਂ ਵਿਕਾਸ ਕਾਰਜਾਂ ਨਹੀਂ ਕਰਵਾਏ ਜਾ ਰਹੇ ਜਿਸ ਕਾਰਨ ਵਿੱਚ ਜਿਸ ਕਾਰਨ ਸਾਡੇ ਵਾਰਡਾਂ ਵਿੱਚ ਗੰਦਗੀ ਕਾਰਨ ਬੁਰਾ ਹਾਲ ਹੋ ਚੁੱਕਿਆ ਹੈ,ਅਤੇ ਲੋਕ ਸਾਨੂੰ ਮਸਲੇ ਦੇ ਹੱਲ ਲਈ ਸ਼ਿਕਾਇਤਾਂ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅਸੀਂ ਬਾਰ-ਬਾਰ ਕੌਂਸਲ ਪ੍ਰਧਾਨ ਨੂੰ ਬੇਨਤੀਆਂ ਵੀ ਕੀਤੀਆਂ ਪਰ ਕੋਈ ਸੁਣਵਾਈ ਨਹੀਂ ਹੋਈ। ਵਿਰੋਧੀ ਧਿਰ ਦੇ ਕੌਂਸਲਰਾਂ ਨੇ ਅੱਗੇ ਕਿਹਾ ਸਾਡੇ ਵਾਰਡਾਂ ਵਿੱਚ ਪੀਣ ਵਾਲੇ ਪਾਣੀ ਦੀਆਂ ਮੋਟਰਾਂ ਵੀ ਨਹੀਂ ਲਗਾਈਆਂ ਗਈਆਂ ਅਤੇ ਕਸਬੇ ਦੇ ਵਾਰਡ ਨੰਬਰ ਇੱਕ ਅਤੇ ਦੋ ਵਿੱਚ ਵਾਟਰ ਸਪਲਾਈ ਵਿਭਾਗ ਵੱਲੋਂ ਲਗਾਤਾਰ ਗੰਦੇ ਪਾਣੀ ਦੀ ਸਪਲਾਈ ਦਿੱਤੀ ਜਾ ਰਹੀ ਹੈ ਜਿਸ ਨਾਲ ਕਸਬੇ ਵਿੱਚ ਕੋਈ ਭਿਆਨਕ ਬਿਮਾਰੀ ਫੈਲਣ ਦਾ ਡਰ ਹੈ ਇਸ ਦਾ ਵੀ ਨਗਰ ਕੌਂਸਲ ਵੱਲੋਂ ਕੋਈ ਉਚਿਤ ਹੱਲ ਨਹੀਂ ਕੱਢਿਆ ਜਾ ਰਿਹਾ ।ਇਸ ਤੋਂ ਇਲਾਵਾ ਲੌਂਗੋਵਾਲ ਸਰਕਾਰੀ ਹਸਪਤਾਲ ਵਿੱਚ ਆਧੁਨਿਕ ਸਹੂਲਤਾਂ ਨਾਲ ਲੈਸ ਬਿਲਡਿੰਗ ਤਾਂ ਜਰੂਰ ਨਵੀਂ ਬਣਾਈ ਜਾ ਰਹੀ ਹੈ ਪਰ ਜੋ ਡਾਕਟਰਾਂ ਦੀ ਕਾਫੀ ਲੰਬੇ ਸਮੇਂ ਤੋਂ ਘਾਟ ਹੈ ਉਸ ਨੂੰ ਅਜੇ ਤੱਕ ਪੂਰਾ ਨਹੀਂ ਕੀਤਾ ਗਿਆ ਬਿਲਡਿੰਗ ਬਣਾਉਣ ਤੋਂ ਪਹਿਲਾਂ ਇੱਥੇ ਸਾਰੇ ਰੋਗਾਂ ਦੇ ਡਾਕਟਰਾਂ ਦੀਆਂ ਪੋਸਟਾਂ ਭਰੀਆਂ ਜਾਣ ਤਾਂ ਜੋ ਇਲਾਕਾ ਨਿਵਾਸੀਆਂ ਨੂੰ ਕੁਝ ਫਾਇਦਾ ਹੋ ਸਕੇ ।

ਇਸ ਤੋਂ ਇਲਾਵਾ ਲੰਮੇ ਸਮੇਂ ਤੋਂ ਲਟਕਦੀ ਆ ਰਹੀ ਮੀਤ ਪ੍ਰਧਾਨ ਦੀ ਚੋਣ ਸਬੰਧੀ ਵੀ ਕੌਂਸਲ ਪ੍ਰਧਾਨ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ ਉਸ ਚੋਣ ਨੂੰ ਵੀ ਜਲਦੀ ਤੋਂ ਜਲਦੀ ਕਰਵਾਇਆ ਜਾਵੇ ,ਜੇਕਰ ਇੰਨਾ ਸਾਰੇ ਮਸਲਿਆਂ ਦਾ ਜਲਦ ਹੱਲ ਨਾ ਕੀਤਾ ਗਿਆ ਤਾਂ ਸਮੁੱਚੀ ਵਿਰੋਧੀ ਧਿਰ ਵੱਲੋਂ ਸੰਘਰਸ਼ ਵਿੱਢਿਆ ਜਾਵੇਗਾ । ਇਨ੍ਹਾਂ ਸਵਾਲਾਂ ਸਬੰਧੀ ਜਦੋਂ ਨਗਰ ਕੌਂਸਲ ਦੇ ਪ੍ਰਧਾਨ ਸ਼੍ਰੀਮਤੀ ਪਰਮਿੰਦਰ ਕੌਰ ਬਰਾੜ ਨਾਲ ਗੱਲਬਾਤ ਕੀਤੀ ਗਈ ਤਾਂ ਉਹਨਾਂ ਕਿਹਾ ਕਿ ਨਗਰ ਕੌਂਸਲ ਦੇ ਮੀਤ ਪ੍ਰਧਾਨ ਦੀ ਨਿਯੁਕਤੀ ਸਬੰਧੀ ਮਾਣਯੋਗ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨਾਲ ਗੱਲਬਾਤ ਕਰਕੇ ਜਲਦੀ ਹੀ ਮੀਤ ਪ੍ਰਧਾਨ ਦੀ ਚੋਣ ਕਰਵਾਈ ਜਾਵੇਗੀ, ਇਸ ਤੋਂ ਇਲਾਵਾ ਵਾਰਡਾਂ ਦੀ ਸਫਾਈ



ਅਤੇ ਵਿਕਾਸ ਕਾਰਜਾਂ ਸਬੰਧੀ ਪੁੱਛੇ ਗਏ ਸਵਾਲ ਪੁੱਛੇ ਦਾ ਜਵਾਬ ਦਿੰਦਿਆ ਉਹਨਾਂ ਕਿਹਾ ਹਾੜ੍ਹੀ ਦਾ ਸੀਜ਼ਨ ਹੋਣ ਕਾਰਨ ਨਾਲੀਆਂ ਵਿੱਚ ਤੂੜੀ ਵਗੈਰਾ ਭਰ ਗਈ ਸੀ ,ਜਿਸ ਨੂੰ ਸਾਫ ਕਰਵਾਇਆ ਜਾ ਰਿਹਾ ਹੈ ਤੇ ਜਲਦ ਹੀ ਕੁਝ ਹੋਰ ਸਫਾਈ ਸੇਵਕਾਂ ਦੀ ਵੀ ਭਰਤੀ ਕੀਤੀ ਜਾ ਰਹੀ ਹੈ ।ਉਨ੍ਹਾਂ ਕਿਹਾ ਕਿ ਕਸਬੇ ਦੇ ਸਾਰੇ ਵਾਰਡਾਂ ਵਿੱਚ ਇੱਕ ਸਾਰ ਸਫਾਈ ਅਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਕਸਬੇ ਦੇ ਕੁਝ ਵਾਰਡਾਂ ਵਿੱਚ ਜੋ ਗੰਦੇ ਪਾਣੀ ਦੀ ਸਪਲਾਈ ਦੀ ਸਮੱਸਿਆ ਆਈ ਹੈ ਉਸ ਸਬੰਧੀ ਵਾਟਰ ਸਪਲਾਈ ਵਿਭਾਗ ਦੇ ਐਸਡੀਓ ਨਾਲ ਗੱਲਬਾਤ ਕੀਤੀ ਗਈ ਹੈ ਅਤੇ ਜਲਦ ਹੀ ਇਸ ਸਮੱਸਿਆ ਦਾ ਹੱਲ ਵੀ ਕੀਤਾ ਜਾਵੇਗਾ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 06 ਮਈ
INTERNATIONAL PAPER, 9463601616
hardipchumber57@gmail.com

# ਪ੍ਰੋ.ਕੁਲਬੀਰ ਸਿੰਘ 'ਮੀਡੀਆ ਆਲੋਚਕ ਦੀ ਆਤਮਕਥਾ' ਪ੍ਰੇਰਨਾਦਾਇਕ ਪੁਸਤਕ

ਉਜਾਗਰ ਸਿੰਘ

ਪ੍ਰੋ.ਕੁਲਬੀਰ ਸਿੰਘ ਮੁੱਢਲੇ ਤੌਰ 'ਤੇ ਇੱਕ ਅਧਿਆਪਕ ਹੈ, ਪ੍ਰੰਤੂ ਉਸਦੀ ਸਮਾਜਿਕ ਖੇਤਰ ਵਿੱਚ ਮੀਡੀਆ ਆਲੋਚਕ ਦੇ ਤੌਰ ਪਛਾਣ ਸਥਾਪਤ ਹੈ। ਅਧਿਆਪਕ ਸਮਾਜ ਦੇ ਉਸਰਈਏ ਹੁੰਦੇ ਹਨ, ਪ੍ਰੰਤੂ ਪ੍ਰੋ.ਕੁਲਬੀਰ ਸਿੰਘ ਦਾ ਸਮਾਜ ਨੂੰ ਦੋਹਰੇ ਉਸਰਈਏ ਦੇ ਤੌਰ 'ਤੇ ਯੋਗਦਾਨ ਹੈ। ਜਿਥੇ ਉਸਨੇ ਨੌਜਵਾਨੀ ਦੀ ਸਿੱਖਿਆ ਦੇ ਖੇਤਰ ਵਿੱਚ ਅਗਵਾਈ ਕੀਤੀ ਹੈ, ਉਸਦੇ ਨਾਲ ਹੀ ਉਸਨੇ ਸਮਾਜ ਦੀ ਰਹਿਨਮਾਈ ਮੀਡੀਆ ਆਲੋਚਕ/ ਕਾਲਮ ਨਵੀਸ ਬਣਕੇ ਕੀਤੀ ਹੈ। ਇਹ ਪੁਸਤਕ ਉਸਦੀ ਸਵੈ-ਜੀਵਨੀ ਹੀ ਹੈ, ਭਾਵੇਂ ਇਹ ਸਵੈ-ਜੀਵਨੀ ਅਧਿਆਪਕ ਨਾਲੋਂ ਇੱਕ ਮੀਡੀਆ ਆਲੋਚਕ ਦੀ ਜ਼ਿਆਦਾ ਹੈ। ਮੀਡੀਆ ਵਿੱਚ ਬਹੁਤ ਸਾਰੀ ਜਾਣਕਾਰੀ ਸਮਾਜ ਨੂੰ ਦਿੱਤੀ ਜਾਂਦੀ ਹੈ। ਪ੍ਰੋ.ਕੁਲਬੀਰ ਸਿੰਘ ਨੇ ਮੀਡੀਆ ਦੀ ਜਾਣਕਾਰੀ ਦੀ ਸਾਰਥਿਕਤਾ ਦੀ ਤਸਵੀਰ ਖਿਚਕੇ ਰੱਖ ਦਿੱਤੀ ਤਾਂ ਜੋ ਲੋਕਾਂ ਨੂੰ ਉਸ ਜਾਣਕਾਰੀ ਦੀ ਅਸਲੀਅਤ ਦਾ ਪਤਾ ਲੱਗ ਸਕੇ। ਸਵੈ-ਜੀਵਨੀ ਤਾਂ ਹੀ ਲੋਕਾਂ ਲਈ ਲਾਹੇਵੰਦ ਹੋ ਸਕਦੀ ਹੈ, ਜੇਕਰ ਸਮਾਜ ਨੂੰ ਕੋਈ ਪ੍ਰੇਰਨਾ ਦੇ ਸਕੇ। ਇਹ ਜੀਵਨੀ ਇਸ ਕਰਕੇ ਪ੍ਰੇਰਨਾਦਾਇਕ ਹੈ ਕਿਉਂਕਿ ਪ੍ਰੋ.ਕੁਲਬੀਰ ਸਿੰਘ ਦੀ ਜ਼ਿੰਦਗੀ ਜਦੋਜਹਿਦ ਵਾਲੀ ਹੈ। ਹਰ ਇਨਸਾਨ ਨੂੰ ਜਦੋਜਹਿਦ ਕਰਨ ਲਈ ਪ੍ਰੇਰਨਾ ਦਿੰਦੀ ਹੈ। ਉਸਨੇ ਇਸ ਪੁਸਤਕ ਦੇ ਛੋਟੇ-ਛੋਟੇ 62 ਚੈਪਟਰ ਬਣਾਏ ਹਨ। ਇਨ੍ਹਾਂ ਚੈਪਟਰਾਂ ਵਿੱਚ ਵੱਖ-ਵੱਖ ਸਮੇਂ ਕੀਤੇ ਕਾਰਜਾਂ ਦਾ ਵੇਰਵਾ ਹੈ। ਇਹ ਪੁਸਤਕ ਨਿਰੀ ਸਵੈ-ਜੀਵਨੀ ਵੀ ਨਹੀਂ, ਇੱਕ ਖੋਜੀ ਪੁਸਤਕ ਹੈ, ਜਿਸ ਵਿੱਚ ਬਹੁਤ ਸਾਰੇ ਖੇਤਰਾਂ ਦੀ ਬੇਸ਼ਕੀਮਤੀ ਜਾਣਕਾਰੀ ਹੈ। ਲੰਬੀ ਉਮਰ ਵਿੱਚ ਤੰਦਰੁਸਤ ਰੱਖਣ ਦੇ ਢੰਗ ਤਰੀਕੇ, ਜ਼ਿੰਦਗੀ ਨੂੰ ਖ਼ੂਬਸੂਰਤ ਰੱਖਣ, ਮੀਡੀਆ, ਸ਼ੋਸ਼ਲ ਮੀਡੀਆ, ਫੇਸ ਬੁਕ, ਵਟਸ ਅਪ, ਸਮਾਰਟ ਫ਼ੋਨ ਤੇ ਉਸਦੀ ਗ਼ੁਲਾਮੀ, ਗੂਗਲ ਮੈਪਸ, ਡਿਜਿਟਲ ਮੀਡੀਆ ਅਤੇ ਪ੍ਰਿੰਟ ਮੀਡੀਆ ਵਿੱਚ ਜੋ ਨਵੇਂ ਰੁਝਾਨ ਸ਼ੁਰੂ ਹੋਏ ਹਨ, ਉਨ੍ਹਾਂ ਬਾਰੇ ਵੀ ਬਾਰੀਕੀ ਅਤੇ ਤਫ਼ਸੀਲ ਨਾਲ ਜਾਣਕਾਰੀ ਦਿੱਤੀ ਹੈ। ਸ਼ੋਸ਼ਲ ਮੀਡੀਆ ਬਾਰੇ ਵਿਸਤਾਰ ਨਾਲ ਲਿਖਿਦਿਆਂ ਇਸਨੂੰ ਮਾਨਸਿਕ ਰੋਗ ਪੈਦਾ ਕਰਨ ਵਾਲਾ ਕਿਹਾ ਹੈ। ਨਵੀਆਂ ਤਕਨੀਕਾਂ ਅਲੈਕਸ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਲਾਭ ਤੇ ਨੁਕਸਾਨ ਹੈਰਾਨੀਜਨਕ ਹਨ। ਪ੍ਰੋ.ਕੁਲਬੀਰ ਸਿੰਘ ਦਾ ਗਿਆਨ ਤੇ ਜਾਣਕਾਰੀ ਦਾ ਖ਼ਜ਼ਾਨਾ ਵਿਸ਼ਾਲ ਹੈ। ਪ੍ਰੋ.ਕੁਲਬੀਰ ਸਿੰਘ ਨੇ ਮਹੱਤਵਪੂਰਨ ਸੈਰ ਸਪਾਟਾ ਥਾਵਾਂ ਦੀ ਸੈਰ ਕੀਤੀ ਤੇ ਮੁਲਾਂਕਣ ਕੀਤਾ ਹੈ, ਜਿਨ੍ਹਾਂ ਵਿੱਚ ਫਿਲਮ ਸਿਟੀ ਹੈਦਰਾਬਾਦ, ਮਸੂਰੀ ਅਤੇ ਜੰਮੂ 'ਤੇ ਕਸ਼ਮੀਰ ਬਾਰੇ ਲਿਖਿਆ ਹੈ। ਸੰਗੀਤ ਦੇ ਰੂਹ ਦੀ ਖ਼ੁਰਾਕ ਤੋਂ ਵਿਓਪਾਰ ਤੱਕ ਪਹੁੰਚਣ ਦਾ ਸਫ਼ਰ ਵੀ ਦੱਸਿਆ ਹੈ। 'ਮੇਰਾ ਜੀਵਨ ਮੇਰਾ ਅਨੁਭਵ' ਚੈਪਟਰ ਵਿੱਚ ਲੋਕਾਂ ਨੂੰ ਜੀਵਨ ਜਿਉਣ ਦੀ ਜਾਚ ਬਾਰੇ ਵਿਸਤਾਰ ਪੂਰਬਕ ਜਾਣਕਾਰੀ ਦਿੱਤੀ ਹੈ। ਜੇਕਰ ਲੋਕ ਜੀਵਨ ਜਾਚ ਦੇ ਇਨ੍ਹਾਂ ਢੰਗਾਂ 'ਤੇ ਅਮਲ ਕਰ ਲੈਣ ਤਾਂ ਹਰ ਇਨਸਾਨ ਆਪਣੀ ਜ਼ਿੰਦਗੀ ਵਿੱਚ ਸਫਲਤਾ ਪ੍ਰਾਪਤ ਕਰ ਸਕਦਾ ਹੈ। ਇਹ ਚੈਪਟਰ ਸਭ ਤੋਂ ਵੱਡਾ ਤੇ ਸਭ ਤੋਂ ਮਹੱਤਵਪੂਰਨ ਹੈ। ਨਿਸ਼ਾਨਾ ਨਿਸ਼ਚਤ ਕਰਨਾ, ਮਿਹਨਤ ਕਰਨੀ, ਖ਼ੁਸ਼ ਰਹਿਣਾ, ਪੁਸਤਕਾਂ ਪੜ੍ਹਨੀਆਂ, ਹੌਸਲਾ ਨਾ ਹਾਰਨਾ, ਚੁਣੌਤੀ ਦਾ ਮੁਕਾਬਲਾ ਕਰਨਾ, ਰੁਝੇਵੇਂ ਰੱਖਣਾ, ਸੰਤੁਸ਼ਟ ਰਹਿਣਾ, ਕਿਸੇ ਦੀ ਸਫਲਤਾ ਤੇ ਖੁੰਦਕ ਨਾ ਖਾਣਾ, ਗਿਣਤੀ ਨਾਲੋਂ ਗੁਣਵਤਾ ਰੱਖਣਾ, ਸੰਗੀਤ ਸੁਣਨਾ, ਸਪਨੇ ਸਿਰਜਣਾ, ਪ੍ਰਤੀਕਰਮ ਨਾ ਦੇਣਾ, ਕਸਰਤ ਕਰਨਾ, ਬਹੁਤਾ ਸੋਚਣਾ ਨਾ, ਲੋਕਾਂ ਦੇ ਗੁਣਾਂ ਦੀ ਪ੍ਰਸ਼ੰਸਾ ਕਰਨਾ, ਸ਼ਾਂਤ ਰਹਿਣਾ ਜਦੋਜਹਿਦ ਕਰਦੇ ਰਹਿਣਾ, ਗ਼ਲਤ ਨੂੰ ਸਹੀ ਨਾ ਕਹਿਣਾ, ਸਹੀ ਨੂੰ ਗ਼ਲਤ ਨਾ ਕਹਿਣਾ ਅਤੇ ਝੂਠ ਨਾ ਬੋਲਣਾ ਵਰਗੇ ਨੁਕਤਿਆਂ ਤੇ ਅਮਲ ਕਰਨ ਨਾਲ ਸਫਲਤਾ ਪੈਰ ਚੁੰਮੇਗੀ। ਬਚਪਨ ਦੀਆਂ ਯਾਦਾਂ, ਸਕੂਲ, ਕਾਲਜ ਅਤੇ ਯੂਨੀਵਰਸਿਟੀ ਦੀਆਂ ਪ੍ਰਾਪਤੀਆਂ ਮਿਹਨਤ ਦੇ ਨਤੀਜੇ ਦੇ ਸਿੱਟੇ ਵਜੋਂ ਹੋਈਆਂ ਨੌਜਵਾਨੀ ਲਈ ਰਾਹ ਦਸੇਰਾ ਬਣਨਗੀਆਂ। ਯੂਨੀਵਰਸਿਟੀਆਂ ਦੀਆਂ ਸਿਆਸਤਾਂ ਵਿਦਿਆਰਥੀਆਂ ਦੀ ਕਾਬਲੀਅਤ ਦੀ ਬਲੀ ਦੇ ਦਿੰਦੀਆਂ ਹਨ। ਮੈਰਿਟ ਅਣਡਿਠ ਨਹੀਂ ਕੀਤੀ ਜਾ ਸਕਦੀ ਭਾਵੇਂ ਕੁਝ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।

ਦਫ਼ਤਰਾਂ ਦੇ ਅਧਿਕਾਰੀਆਂ ਅਤੇ ਬਾਬੂਆਂ ਦੀਆਂ ਕਿੜਾਂ ਕੱਢਣ ਦੀਆਂ ਰੁਚੀਆਂ ਬਾਰੇ ਵੀ ਲਿਖਿਆ। ਪਹਿਲਾਂ ਪ੍ਰਾਈਵੇਟ ਕਾਲਜਾਂ ਵਿੱਚ ਨੌਕਰੀ ਕੀਤੀ ਤੇ ਫਿਰ ਸਰਕਾਰੀ ਕਾਲਜਾਂ ਵਿੱਚ। ਨੌਕਰੀ ਸਮੇਂ ਬਦਲੀਆਂ ਦੀ ਸਿਆਸਤ ਬਾਰੇ ਵੀ ਜਾਣਕਾਰੀ ਦਿੱਤੀ ਗਈ, ਕਿਸ ਪ੍ਰਕਾਰ ਪਹਿਲੇ ਦਰਜੇ 'ਤੇ ਆਉਣ 'ਤੇ ਵੀ ਬਦਲੀਆਂ ਸਮੇਂ ਸਿਆਸਤ ਚਲਦੀ ਰਹੀ। 1987 ਵਿੱਚ ਜਲੰਧਰ ਬਦਲਕੇ ਆਇਆ ਤੇ ਫਿਰ ਦੂਰਦਰਸ਼ਨ ਦਾ ਰਾਹ ਖੁਲ੍ਹਿਆ। ਪਹਿਲਾਂ ਪੋਜੇਵਾਲ ਤੇ ਫਿਰ 1993 ਵਿੱਚ ਆਰਟਸ ਤੇ ਸਪੋਰਟਸ ਕਾਲਜ ਜਲੰਧਰ ਵਿੱਚ ਨੌਕਰੀ ਜਾਇਨ ਕੀਤੀ। ਨੌਕਰੀ ਵਿੱਚ ਹੀ ਦੂਰਦਰਸ਼ਨ ਸੰਬੰਧੀ 'ਟੈਲੀਵਿਜ਼ਨ ਸਮੀਖਿਆ ਕਾਲਮ' ਲਿਖਣ ਦਾ ਕੰਮ ਸ਼ੁਰੂ ਹੋਇਆ ਤੇ ਫਿਰ ਆਪਣੀ ਮਿਹਨਤ ਨਾਲ ਨਵੇਂ




ਖੇਤਰ ਵਿੱਚ ਵੀ ਅਜਿਹਾ ਨਾਮਣਾ ਖੱਟਿਆ, ਜਿਸਨੇ ਦੇਸ਼ ਵਿਦੇਸ਼ ਵਿੱਚ ਪਹਿਚਾਣ ਬਣਾ ਦਿੱਤੀ। ਇਸ ਦਾ ਅਰਥ ਇਹ ਹੈ ਕਿ ਕੰਮ ਭਾਵੇਂ ਕੋਈ ਵੀ ਹੋਵੇ ਪ੍ਰੋ. ਕੁਲਬੀਰ ਸਿੰਘ ਦੀ ਤਰ੍ਹਾਂ ਮਿਹਨਤ, ਦਿਆਨਤਦਾਰੀ, ਲਗਨ ਤੇ ਦ੍ਰਿੜ੍ਹਤਾ ਵਰਗੀਆਂ ਆਦਤਾਂ ਹੋਣ ਤਾਂ ਸਫਲਤਾ ਨੂੰ ਕੋਈ ਰੋਕ ਨਹੀਂ ਸਕਦਾ। ਟੈਲੀਵਿਜ਼ਨ ਦੀ ਸਮੀਖਿਆ ਨੇ ਇਨ੍ਹਾਂ ਅਦਾਰਿਆਂ ਨਾਲ ਸੰਬੰਧਤ ਸੈਮੀਨਾਰ, ਵਿਸ਼ਵ ਪੰਜਾਬੀ ਮੀਡੀਆ ਕਾਨਫਰੰਸਾਂ ਆਯੋਜਤ ਕਰਨ, ਗਲੋਬਲ ਮੀਡੀਆ ਅਕੈਡਮੀ ਦੀ ਸਥਾਪਨਾ ਤੇ ਚੇਅਰਮੈਨੀ ਕਰਨ ਦਾ ਇਤਫਾਕ ਬਣਿਆ, ਜਿਸਨੇ ਅਧਿਆਪਕ ਦੀ ਪਹਿਚਾਣ ਨੂੰ ਮੀਡੀਆ ਆਲੋਚਕ ਵਿੱਚ ਬਦਲਕੇ ਸੰਸਾਰ ਵਿੱਚ ਨਾਮ ਚਮਕਣ ਲਾ ਦਿੱਤਾ। ਇਹ ਤਾਂ ਹੀ ਸੰਭਵ ਹੋਇਆ ਜੇਕਰ ਸਹੀ ਤੱਥਾਂ ਅਤੇ ਸਬੂਤਾਂ ਸਮੇਤ ਸਮੀਖਿਆ ਕੀਤੀ ਗਈ। ਸਚਾਈ ਦਾ ਪੱਲਾ ਫੜੀ ਰੱਖਿਆ। ਪਾਠਕਾਂ ਨੂੰ ਗ਼ਲਤ ਰਾਹ ਪੈਣ ਤੋਂ ਵਰਜਿਆ। ਕਾਲਮਨਵੀਸੀ ਨੇ ਨਵੇਂ ਰਾਹ ਖੋਲ੍ਹੇ, ਜਿਸ ਕਰਕੇ ਖੋਜ ਪੇਪਰ ਲਿਖੇ ਅਤੇ ਛਪਵਾਏ ਗਏ, ਜੋ ਇਤਿਹਾਸ ਦਾ ਹਿੱਸਾ ਬਣੇ। 2000 ਲੇਖ ਵੱਖ-ਵੱਖ ਅਖ਼ਬਾਰਾਂ ਦਾ ਸ਼ਿੰਗਾਰ ਬਣੇ। ਪੱਤਰਕਾਰਤਾ, ਸਾਹਿਤਕ, ਸਮਾਜਿਕ, ਸਿਖਿਆ ਅਤੇ ਸਮੀਖਿਆ ਖੇਤਰ ਦੀਆਂ ਵੱਡੀਆਂ ਹਸਤੀਆਂ ਨਾਲ ਤਾਲ ਮੇਲ ਦੇ ਮੌਕੇ ਮਿਲੇ। ਦੇਸ਼-ਵਿਦੇਸ਼ ਵਿੱਚ ਵਿਚਰਣ ਦੇ ਮੌਕੇ ਮਿਲਦੇ ਰਹੇ। ਇਹ ਸਾਰਾ ਕੁਝ ਪਤਨੀ ਪ੍ਰੋ ਕਵਲਜੀਤ ਕੌਰ ਅਤੇ ਪਰਿਵਾਰ ਦੇ ਸਹਿਯੋਗ ਨਾਲ ਹੀ ਸੰਭਵ ਹੋਇਆ। ਇਸ ਸਵੈ-ਜੀਵਨੀ ਤੋਂ ਇਹ ਇਹ ਸਿਖਿਆ ਮਿਲਦੀ ਹੈ ਕਿ ਕਦੀ ਕਿਸੇ ਕੰਮ ਨੂੰ ਔਖਾਂ ਜਾਂ ਨਵਾਂ ਸਮਝ ਕੇ ਇਨਕਾਰ ਨਾ ਕਰੇ, ਸਗੋਂ ਹੋਰ ਕਈ ਨਵੇਂ ਰਾਹ ਖੁਲ੍ਹ ਸਕਦੇ ਹਨ। ਵੱਡੇ ਸਾਹਿਤਕਾਰਾਂ, ਕਲਾਕਾਰਾਂ ਅਤੇ ਸੰਗੀਤਕਾਰਾਂ ਨਾਲ ਬਤੌਰ ਐਂਕਰ ਇੰਟਰਵਿਊ ਕੀਤੀਆਂ, ਜਿਨ੍ਹਾਂ ਨੇ ਨਵੇਂ ਦਿਸਹੱਦੇ ਬਣਾਏ ਪ੍ਰੰਤੂ ਜਾਬਤੇ ਵਿੱਚ ਰਹਿਣ ਦਾ ਬਲ ਬਖ਼ਸ਼ਿਆ।' 'ਇੱਕ ਖ਼ਬਰ:ਇੱਕ ਨਜ਼ਰ' ਲੰਬਾ ਸਮਾਂ ਵੱਖ-ਵੱਖ ਪੱਤਰਕਾਰਾਂ ਨਾਲ ਐਂਕਰ ਦੇ ਤੌਰ 'ਤੇ ਕੰਮ ਕੀਤਾ, ਜਿਸਦੇ ਤਜ਼ਰਬਿਆਂ ਨੇ ਗਿਆਨ ਵਿਸ਼ਾਲ ਕੀਤਾ। ਮੁਲਾਕਾਤਾਂ ਵਿੱਚ ਹਿੱਸਾ ਲੈਣ ਵਾਲਿਆਂ ਲਈ ਸਮੇਂ ਦੀ ਪਾਬੰਦੀ ਵੀ ਅਹਿਮੀਅਤ ਰੱਖਦੀ ਹੈ। ਕਈ ਸੰਜੀਦਾ ਵੀ ਨਹੀਂ ਹੁੰਦੇ, ਜਿਸ ਕਰਕੇ ਅਦਾਰੇ ਦੇ ਵਕਾਰ ਤੇ ਸੱਟ ਵੱਜਦੀ ਹੈ। ਇਨ੍ਹਾਂ ਇੰਟਰਵਿਊ ਨਾਲ ਮਾਹਿਰਾਂ ਦੀਆਂ ਦਿਲਚਸਪ ਪ੍ਰਾਪਤੀਆਂ ਦਾ ਪਤਾ ਲੱਗਾ ਤੇ ਪੁਸਤਕਾਂ ਪੜ੍ਹਨ ਵਿੱਚ ਦਿਲਚਸਪੀ ਬਣੀ ਰਹੀ। ਇਨ੍ਹਾਂ ਇੰਟਰਵਿਊ ਲਈ ਤਿਆਰੀ ਕਰਨ ਨਾਲ ਗਿਆਨ ਵਿੱਚ ਚੋਖਾ ਵਾਧਾ ਹੋਇਆ। ਜਲੰਧਰ ਦੂਰਦਰਸ਼ਨ ਵਿੱਚ ਪੰਜਾਬੀ ਦੇ ਚਾਹੁਣ ਵਾਲੇ ਕਈ ਨਿਰਦੇਸ਼ਕਾਂ ਨੇ ਪੰਜਾਬੀ ਦੀ ਪ੍ਰਫੁਲਤਾ ਲਈ ਪ੍ਰੋਗਰਾਮ ਉਲੀਕੇ। ਭਾਵੇਂ ਪ੍ਰੋ.ਕੁਲਬੀਰ ਸਿੰਘ ਨੂੰ ਇੱਕ ਦਰਜਨ ਮਾਨ ਸਨਮਾਨ ਵੀ ਮਿਲੇ ਪ੍ਰੰਤੂ ਉਨ੍ਹਾਂ ਭਾਸ਼ਾ ਵਿਭਾਗ ਦੇ ਸਨਮਾਨਾ ਲਈ ਸਿਫ਼ਾਰਸ਼ ਦਾ ਹੋਣਾ ਜ਼ਰੂਰੀ ਕਿਹਾ ਹੈ ਕਿਉਂਕਿ ਉਥੇ ਕਾਬਲੀਅਤ ਅਣਡਿਠ ਕੀਤੀ ਜਾਂਦੀ ਹੈ। ਉਨ੍ਹਾਂ ਦੂਰਦਰਸ਼ਨ ਅਤੇ ਰੇਡੀਓ ਦੇ ਪ੍ਰੋਗਰਾਮਾ ਅਤੇ ਐਂਕਰਾਂ ਦੀ ਕਾਰਗੁਜ਼ਾਰੀ ਵਿੱਚ ਆਈ ਗਿਰਾਵਟ ਤੇ ਚਿੰਤਾ ਪ੍ਰਗਟ ਕੀਤੀ ਹੈ। ਦੂਰਦਰਸ਼ਨ ਦੇ ਪ੍ਰੋਗਰਾਮਾ ਵਿੱਚ ਸਾਹਿਤ ਤੇ ਸੰਗੀਤ ਸੰਬੰਧੀ ਕੋਈ ਪ੍ਰੋਗਰਾਮ ਨਹੀਂ ਜਦੋਂ ਕਿ ਸਾਹਿਤ ਤੇ ਸੰਗੀਤ ਰੂਹ ਦੀ ਖ਼ੁਰਾਕ ਹੁੰਦੇ ਹਨ। ਅਜੋਕੇ ਸਮੇਂ ਟੈਲੀਵਿਜ਼ਨ ਦੇ ਪ੍ਰੋਗਰਾਮਾ ਦੀ ਗੁਣਵਤਾ ਦੀ ਥਾਂ ਗਿਣਤੀ ਤੇ ਜ਼ੋਰ ਹੈ। ਪ੍ਰੋਗਰਾਮ ਟੀ.ਆਰ.ਪੀ.ਲੈਣ ਦੇ ਮੰਤਵ ਨਾਲ ਉਲੀਕੇ ਜਾਂਦੇ ਹਨ। ਡਿਸਕਵਰੀ ਚੈਨਲ ਬਹੁਤ ਹੀ ਲਾਭਦਾਇਕ ਹਨ। ਵਿਦੇਸ਼ਾਂ ਵਿੱਚ ਪੰਜਾਬੀ ਦੀ ਬੱਲੇ-ਬੱਲੇ ਹੈ। ਪਰਵਾਸੀ ਪੰਜਾਬੀ ਮੀਡੀਆ ਦਾ ਯੋਗਦਾਨ ਵਰਣਨਯੋਗ ਹੈ। ਸੁਚਾਰੂ ਜ਼ਿੰਦਗੀ ਜਿਉਣ ਲਈ ਮਨ ਦੀ ਸ਼ਾਂਤੀ ਜ਼ਰੂਰੀ ਤੇ ਨਾਲ ਹੀ ਲੜਾਈ ਝਗੜੇ ਤੋਂ ਦੂਰ ਰਹਿਣ ਦੀ ਤਾਕੀਦ ਵੀ ਕੀਤੀ ਹੈ। ਉਨ੍ਹਾਂ ਪੰਜਾਬ ਸਰਕਾਰ ਦੀ ਖੇਡਾਂ ਦੀ ਸਰਪ੍ਰਸਤੀ ਤੋਂ ਪਾਸਾ ਵੱਟਣ 'ਤੇ ਅਫ਼ਸੋਸ ਪ੍ਰਗਟ ਕੀਤਾ ਹੈ। ਲਾਕ ਡਾਊਨ ਦੇ ਲਾਭ ਤੇ ਨੁਕਸਾਨ ਵੀ ਦੱਸੇ ਗਏ ਹਨ। ਉਨ੍ਹਾਂ ਉਸ ਸਮੇਂ ਦੌਰਾਨ 4 ਪੁਸਤਕਾਂ 'ਤੇ ਕੰਮ ਕੀਤਾ।ਪ੍ਰੋ.ਕੁਲਬੀਰ ਸਿੰਘ ਨੇ ਵਿਰਾਸਤੀ ਘਰਾਂ ਅਤੇ ਕਾਰਾਂ ਦੇ ਆਪਣੇ ਸ਼ੌਕ ਬਾਰੇ ਬਾਖ਼ੂਬੀ ਵਰਣਨ ਕੀਤਾ ਹੈ, ਜਿਸ ਤੋਂ ਸਬਕ ਮਿਲਦਾ ਹੈ ਕਿ ਜ਼ਿੰਦਗੀ ਦਾ ਲੁਤਫ਼ ਲੈਣਾ ਚਾਹੀਦਾ ਹੈ। ਕੁਲਬੀਰ ਸਿੰਘ ਦਾ ਜਨਮ 15 ਜਨਵਰੀ 1957 ਨੂੰ ਚਾਨਣ ਸਿੰਘ ਦੇ ਘਰ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਛੱਜਲਵੱਡੀ ਵਿੱਚ ਹੋਇਆ। ਬਚਪਨ ਵਿੱਚ ਹੀ ਮਾਂ ਸਵਰਗ ਸਿਧਾਰ ਗਈ ਸੀ। ਮੁੱਢਲੀ ਪੜ੍ਹਾਈ ਦਸਵੀਂ ਤੱਕ ਪਿੰਡ ਦੇ ਸਕੂਲ ਤੋਂ ਹੀ ਪ੍ਰਾਪਤ ਕੀਤੀ। ਬੀ.ਏ. ਮੋਦੀ ਕਾਲਜ ਪਟਿਆਲਾ ਤੋਂ ਐਮ.ਏ.ਪੰਜਾਬੀ ਆਨਰਜ਼ ਵਿੱਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਫਸਟ ਆ ਕੇ ਗੋਲਡ ਮੈਡਲ ਨਾਲ 1979 ਵਿੱਚ ਪਾਸ ਕੀਤੀ। ਐਮ.ਫਿਲ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਕੀਤੀ। ਇੱਕ ਦਰਜਨ ਪੁਸਤਕਾਂ ਪ੍ਰਕਾਸ਼ਤ ਹੋ ਚੁੱਕੀਆਂ ਹਨ। 288 ਪੰਨਿਆਂ, 200 ਰੁਪਏ ਭਾਰਤੀ ਅਤੇ 5 ਸ਼ਿਲੰਗ ਕੀਮਤ ਵਾਲੀ ਇਹ ਪੁਸਤਕ ਕੈਫ਼ੇ ਵਰਲਡ ਬਠਿੰਡਾ ਅਤੇ ਜਲੰਧਰ ਨੇ ਪ੍ਰਕਾਸ਼ਤ ਕੀਤੀ ਹੈ।

ਸਾਬਕਾ ਜਿਲ੍ਹਾ ਲੋਕ ਸੰਪਰਕ ਅਧਿਕਾਰੀ
ਮੋਬਾਈਲ-94178 13072
ujagarsingh48@yahoo.com

# ਮੰਡੀ ਗੋਬਿੰਦਗੜ੍ਹ ਵਿੱਚ ਮਹਿਲਾ ਨਸ਼ਾ ਤਸਕਰਾਂ ਦੀ ਨਾਜਾਇਜ਼ ਉਸਾਰੀ ਢਾਹੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 06 ਮਈ
INTERNATIONAL PAPER, 9463601616
hardipchumber57@gmail.com



ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰਾਜ ਨੂੰ ਨਸ਼ਾ ਮੁਕਤ ਕਰਨ ਲਈ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਜੰਗੀ ਪੱਧਰ 'ਤੇ ਜਾਰੀ ਹੈ।

ਇਸੇ ਲੜੀ ਤਹਿਤ ਅੱਜ ਜ਼ਿਲ੍ਹਾ ਪੁਲਿਸ ਤੇ ਪ੍ਰਸ਼ਾਸਨ ਨੇ ਜ਼ਿਲ੍ਹਾ ਪੁਲਿਸ ਮੁਖੀ ਸ਼ੁਭਮ ਅਗਰਵਾਲ ਦੀ ਨਿਗਰਾਨੀ ਹੇਠ ਮੰਡੀ ਗੋਬਿੰਦਗੜ੍ਹ ਦੀ ਮਾਸਟਰ ਕਲੋਨੀ ਵਿਖੇ ਦੋ ਮਹਿਲਾ ਨਸ਼ਾ ਤਸਕਰਾਂ ਦੁਆਰਾ ਕੀਤੀ ਗਈ ਨਜਾਇਜ਼ ਉਸਾਰੀ ਨੂੰ ਢਾਹੁੰਦੇ ਹੋਏ ਨਸ਼ਿਆਂ ਦੇ ਮਾੜੇ ਕਾਰੋਬਾਰ ਨਾਲ ਜੁੜੇ ਹੋਏ ਵਿਅਕਤੀਆਂ ਨੂੰ ਇਹ ਸਖ਼ਤ ਤੇ ਸਪੱਸ਼ਟ ਸੁਨੇਹਾ ਦਿੱਤਾ ਗਿਆ ਕਿ ਪੰਜਾਬ ਸਰਕਾਰ ਇਸ ਸਮਾਜਿਕ ਕੁਰੀਤੀ ਦਾ ਮੁਕੰਮਲ ਸਫਾਇਆ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਕਿਸੇ ਵੀ ਨਸ਼ਾ ਤਸਕਰ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

ਪੁਲਿਸ ਤੇ ਪ੍ਰਸ਼ਾਸਨ ਦੀ ਕਾਰਵਾਈ ਦਾ ਜਾਇਜ਼ਾ ਲੈਂਦੇ ਹੋਏ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਦੇ ਮਿੱਥੇ ਟੀਚੇ ਨੂੰ ਸਾਕਾਰ ਕੀਤਾ ਜਾ ਰਿਹਾ ਹੈ ਅਤੇ ਨਸ਼ਿਆਂ ਵਿਰੁੱਧ ਚਲਾਈ ਇਹ ਮੁਹਿੰਮ ਜ਼ਮੀਨੀ ਪੱਧਰ ਉੱਤੇ ਲਾਗੂ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਵਿਧਾਨ ਸਭਾ ਹਲਕਾ ਅਮਲੋਹ ਅੰਦਰ ਦੋ ਵਾਰ ਨਸ਼ਾ ਤਸਕਰਾਂ ਦੀਆਂ ਕਾਲੀ ਕਮਾਈ ਨਾਲ ਬਣਾਈਆਂ ਜਾਇਦਾਦਾਂ ਨੂੰ ਢਹਿ ਢੇਰੀ ਕੀਤਾ ਗਿਆ ਹੈ।

ਮੌਕੇ ਉੱਤੇ ਮੌਜੂਦ ਐਸ.ਐਸ. ਪੀ ਸ਼ੁਭਮ ਅਗਰਵਾਲ ਨੇ ਐਸ ਪੀ ਰਾਕੇਸ਼ ਕੁਮਾਰ ਯਾਦਵ ਅਤੇ ਭਾਰੀ ਪੁਲਿਸ ਫੋਰਸ ਦੀ ਮੌਜੂਦਗੀ ਵਿੱਚ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਕੋਹੜ ਦਾ ਮੁਕੰਮਲ ਖ਼ਾਤਮਾ ਕਰਨ ਦਾ ਟੀਚਾ ਮਿਥਿਆ ਗਿਆ ਹੈ ਜਿਸ ਨੂੰ ਜ਼ਿਲ੍ਹੇ ਵਿੱਚ ਸਫਲਤਾ ਨਾਲ ਲਾਗੂ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਕਲੋਨੀ ਵਿੱਚ ਮਹਿਲਾ ਨਸ਼ਾ ਤਸਕਰ ਸਾਨੀਆ ਅਤੇ ਉਸਦੀ ਸੱਸ ਸੁਰਿੰਦਰ ਕੌਰ, ਜਿਨ੍ਹਾਂ ਖ਼ਿਲਾਫ਼ ਐਨਡੀਪੀਐਸ ਤਹਿਤ ਕੇਸ ਦਰਜ ਹਨ, ਵੱਲੋਂ ਸਰਕਾਰੀ ਜ਼ਮੀਨ ਉੱਤੇ ਕੀਤੇ ਨਜਾਇਜ਼ ਕਬਜ਼ੇ ਨੂੰ ਤੋੜਨ ਦੀ ਕਾਰਵਾਈ ਦੌਰਾਨ ਪੁਲਿਸ ਵੱਲੋਂ ਅਮਨ ਤੇ ਕਾਨੂੰਨ ਦੀ ਸਥਿਤੀ ਕਾਇਮ ਰੱਖੀ ਗਈ। ਇਸ ਮੌਕੇ ਬੁਲਡੋਜ਼ਰਾਂ ਰਾਹੀਂ ਨਜ਼ਾਇਜ਼ ਉਸਾਰੀ ਨੂੰ ਢਾਹੁਣ ਦੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ।

ਉਹਨਾਂ ਕਿਹਾ ਕਿ ਸਬੰਧਤ ਮਹਿਲਾਵਾਂ ਖ਼ਿਲਾਫ਼ ਨਸ਼ਾ ਤਸਕਰੀ ਸਮੇਤ ਵੱਖ-ਵੱਖ ਧਾਰਾਵਾਂ ਤਹਿਤ ਪਰਚੇ ਦਰਜ ਹਨ ਅਤੇ ਉਹ ਨਾਭਾ ਜੇਲ੍ਹ ਵਿੱਚ ਬੰਦ ਹਨ। ਉਨ੍ਹਾਂ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਫਤਹਿਗੜ੍ਹ ਸਾਹਿਬ ਜ਼ਿਲ੍ਹੇ ਵਿੱਚ ਹੁਣ ਤੱਕ 150 ਤੋਂ ਵੱਧ ਪੁਲਿਸ ਕੇਸ ਦਰਜ ਕਰਕੇ 250 ਤੋਂ ਵੱਧ ਮੁਲਜ਼ਮ ਗ੍ਰਿਫ਼ਤਾਰ ਕੀਤੇ ਜਾ ਚੁੱਕੇ ਹਨ।

ਐਸ.ਐਸ.ਪੀ. ਸ਼ੁਭਮ ਅਗਰਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਪੁਲਿਸ, ਪ੍ਰਸ਼ਾਸਨ, ਆਮ ਲੋਕਾਂ ਅਤੇ ਮੀਡੀਆ ਵੱਲੋਂ ਨਸ਼ਾ ਤਸਕਰਾਂ ਖਿਲਾਫ ਵਿੱਢੀ ਇਸ ਜੰਗ ਦੇ ਹੁਣ ਤੱਕ ਕਾਫੀ ਵੱਡੇ ਪੱਧਰ 'ਤੇ ਸਾਰਥਕ ਨਤੀਜੇ ਸਾਹਮਣੇ ਆਏ ਹਨ। ਉਹਨਾਂ ਨੇ ਜਿਲਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਕਿਸੇ ਕੋਲ ਕਿਸੇ ਨਸ਼ਾ ਤਸਕਰ ਬਾਰੇ ਪੁਖਤਾ ਜਾਣਕਾਰੀ ਹੈ ਤਾਂ ਉਹ ਇਸ ਸਬੰਧੀ ਸਟੇਟ ਹੈਲਪਲਾਈਨ ਨੰਬਰ ਜਾਂ ਜ਼ਿਲ੍ਹਾ ਪੁਲਿਸ ਦੀ ਹੈਲਪਲਾਈਨ ਨੰਬਰ ਉੱਤੇ ਇਸ ਬਾਰੇ ਸੂਚਨਾ ਦੇ ਸਕਦਾ ਹੈ ਜਿਸਨੂੰ ਪੂਰੀ ਤਰਹਾਂ ਗੁਪਤ ਰੱਖਿਆ ਜਾਂਦਾ ਹੈ।

ਸ਼ੁਭਮ ਅਗਰਵਾਲ ਨੇ ਇਹ ਵੀ ਕਿਹਾ ਕਿ ਇਸ ਮੁਹਿੰਮ ਤਹਿਤ ਹੁਣ ਤੱਕ 50 ਤੋਂ ਵਧੇਰੇ ਅਜਿਹੇ ਵਿਅਕਤੀਆਂ ਨੂੰ ਨਸ਼ਾ ਮੁਕਤੀ ਕੇਂਦਰਾਂ ਵਿੱਚ ਦਾਖਲ ਕਰਵਾ ਕੇ ਉਚਿਤ ਇਲਾਜ ਕਰਵਾਇਆ ਜਾ ਰਿਹਾ ਹੈ ਜਿਹੜੇ ਨਸ਼ਿਆਂ ਦੀ ਦਲਦਲ ਵਿੱਚ ਫਸੇ ਹੋਏ ਸਨ। ਉਨ੍ਹਾਂ ਕਿਹਾ ਕਿ "ਯੁੱਧ ਨਸ਼ਿਆਂ ਵਿਰੁੱਧ ਮੁਹਿੰਮ" ਨਿਰੰਤਰ ਜਾਰੀ ਰਹੇਗੀ ਅਤੇ ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਤਸਕਰਾਂ ਨੂੰ ਕਿਸੇ ਵੀ ਹਾਲਤ ਵਿੱਚ ਬਖ਼ਸ਼ਿਆ ਨਹੀਂ ਜਾਵੇਗਾ।

# ਬ੍ਰਹਮਲੀਨ ਸੰਤ ਬਾਬਾ ਪੂਰਨ ਦਾਸ ਦੀ 59ਵੀਂ ਬਰਸੀ ਮੌਕੇ ਪਿੰਡ ਰੋੜੇਵਾਲ, ਪਟਿਆਲਾ ਵਿਖੇ ਅੰਤਰਰਾਸ਼ਟਰੀ ਕੁਸ਼ਤੀ ਦੰਗਲ 9 ਮਈ ਨੂੰ ਹੋਣਗੇ, ਬਲਵਿੰਦਰ ਕੰਗ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 06 ਮਈ
INTERNATIONAL PAPER, 9463601616
hardipchumber57@gmail.com

ਪਟਿਆਲਾ ਜਗਤਾਰ ਸਿੰਘ ਰੋੜੇਵਾਲ -- ਸ੍ਰੀ ਗੁਰੂ ਗ੍ਰੰਥ ਸਾਹਿਬ ਜੀਆਂ ਦੀ ਅਪਾਰ ਕਿਰਪਾ ਸਦਕਾ ਸੱਚਖੰਡ ਵਾਸੀ ਬ੍ਰਹਮਲੀਨ ਸੰਤ ਬਾਬਾ ਪੂਰਨ ਦਾਸ ਜੀ ਮਹਾਰਾਜ ਦੀ 59ਵੀਂ ਬਰਸੀ ਸਮਾਗਮ 7-8-9 ਮਈ ਨੂੰ ਪ੍ਰਚੀਨ ਉਦਾਸੀਨ ਡੇਰਾ ਗੁਰਦੁਆਰਾ ਗੁਫਾਸਰ ਸਾਹਿਬ ਪਿੰਡ ਰੋੜਗੜ੍ਹ (ਰੋੜੇਵਾਲ) ਪਟਿਆਲਾ ਵਿਖੇ ਬਾਬਾ ਗੁਰਚਰਨ ਸਿੰਘ ਜੀ ਮੌਜੂਦਾ ਗੱਦੀਨਸ਼ੀਨ ਦੀ ਦੇਖਰੇਖ ਹੇਠ ਕਰਵਾਏ ਜਾ ਰਹੇ ਹਨ। ਇਲਾਕਾ ਨਿਵਾਸੀਆਂ, ਸੰਤ ਖਾਲਸਾ ਦਲ ਦੀਆਂ ਸਮੂਹ ਸੰਗਤਾਂ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਹਰ ਸਾਲ ਇਹ ਬਰਸੀ ਸਮਾਗਮ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾਂਦਾ ਹੈ। ਇਸ ਬਰਸੀ ਸਮਾਗਮ ਮੌਕੇ ਸੰਗਤਾਂ ਦੇਸ਼ਾਂ ਵਿਦੇਸ਼ਾਂ ਤੋਂ ਹਾਜ਼ਰੀ ਭਰਦੀਆਂ ਹਨ ਉਥੇ ਇਲਾਕੇ ਦੀਆਂ ਸੰਗਤਾਂ ਵੀ ਵੱਡੀ ਗਿਣਤੀ ਵਿੱਚ ਨਮਸਤਕ ਹੁੰਦੀਆਂ ਹਨ। ਸੰਤ ਬਾਬਾ ਗੁਰਚਰਨ ਸਿੰਘ ਜੀ ਮੌਜੂਦਾ ਗੱਦੀਨਸ਼ੀਨ ਵਾਲਿਆਂ ਵਲੋਂ ਇਲਾਕੇ ਦੀਆਂ ਸੰਗਤਾਂ ਨੂੰ ਬੇਨਤੀ ਹੈ ਕਿ ਹਰ ਸਾਲ ਦੀ ਤਰ੍ਹਾਂ ਵੱਡੀ ਗਿਣਤੀ ਵਿੱਚ ਸੰਗਤਾਂ ਤਿੰਨੇ ਦਿਨ ਦੀਵਾਨਾਂ ਵਿੱਚ ਸ਼ਾਮਲ ਹੋ ਕੇ ਗੁਰਬਾਣੀ ਕੀਰਤਨ ਦੇ ਲਾਹੇ ਪ੍ਰਾਪਤ ਕਰਨ। 9 ਮਈ ਨੂੰ ਬਾਅਦ ਦੁਪਹਿਰ ਅੰਤਰਰਾਸ਼ਟਰੀ ਕੁਸ਼ਤੀ ਦੰਗਲ ਕਰਵਾਇਆ



ਜਾਵੇਗਾ। ਅੰਤਰਰਾਸ਼ਟਰੀ ਭਲਵਾਨ ਪ੍ਰੀਤਪਾਲ ਫਗਵਾੜਾ, ਕਮਲ ਡੂਮਛੇੜੀ , ਮਿਰਜ਼ਾ ਈਰਾਨ, ਗੋਰਵ ਮਾਛੀਵਾੜਾ ਆਦਿ ਭਲਵਾਨੀ ਦੇ ਜੋਹਰ ਦਿਖਾਉਣਗੇ।

# ਦਯਾਵੰਤੀ ਫਾਊਂਡੇਸ਼ਨ ਨੇ ਸ਼ਿਵ ਮੰਦਿਰ ਪੱਕਾ ਬਾਗ ਵਿਖੇ ਲਗਾਇਆ ਫਰੀ ਆਯੁਰਵੈਦਿਕ ਕੈਂਪ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com



ਫਗਵਾੜਾ 6 ਮਈ (ਸ਼ਿਵ ਕੌੜਾ) ਦਯਾਵੰਤੀ ਆਯੂਕੇਅਰ ਚੈਰੀਟੇਬਲ ਡਿਸਪੈਂਸਰੀ, ਬੰਸੀ ਲਾਲ ਮਾਰਕੀਟ, ਬੰਗਾ ਰੋਡ, ਫਗਵਾੜਾ ਵਲੋਂ ਫਾਊਂਡੇਸ਼ਨ ਦੇ ਚੇਅਰਮੈਨ ਸ਼੍ਰੀ ਸਤੀਸ਼ ਕੁਮਾਰ ਬੱਤਰਾ (ਫਰੰਟੀਅਰ ਕਲੌਥ ਹਾਊਸ) ਦੇ ਨਿਰਦੇਸ਼ਾਂ ਅਨੁਸਾਰ ਸ਼ਿਵ ਮੰਦਿਰ, ਪੱਕਾ ਬਾਗ ਸਟਾਰਚ ਮਿੱਲ ਫਗਵਾੜਾ ਵਿਖੇ ਫਰੀ ਕੈਂਪ ਲਗਾਇਆ। ਫਾਊਂਡੇਸ਼ਨ ਦੇ ਮੈਨੇਜਰ ਪਰਮਜੀਤ ਸਿੰਘ ਚੱਗਰ ਅਤੇ ਜਨਰਲ ਸਕੱਤਰ ਮਲਕੀਅਤ ਸਿੰਘ ਰਘਬੋਤਰਾ ਦੀ ਨਿਗਰਾਨੀ ਹੇਠ ਆਯੋਜਿਤ ਇਸ ਕੈਂਪ ਦਾ ਉਦਘਾਟਨ ਸ਼੍ਰੀਮਤੀ ਅਰਚਨਾ ਬੱਤਰਾ ਪਤਨੀ ਸਤੀਸ਼ ਕੁਮਾਰ ਬੱਤਰਾ ਨੇ ਕੀਤਾ। ਉਨ੍ਹਾਂ ਦਯਾਵੰਤੀ ਫਾਊਂਡੇਸ਼ਨ ਦੇ ਯਤਨਾਂ ਦੀ ਭਰਪੂਰ ਪ੍ਰਸ਼ੰਸਾ ਕੀਤੀ। ਕੈਂਪ ਦੌਰਾਨ ਡਾ. ਵਿਕਾਸ ਕੁਮਾਰ (ਬੀਏਐਮਐਸ) ਅਤੇ ਸਹਾਇਕ ਪਰਮਿੰਦਰ ਸਿੰਘ ਦੀ ਅਗਵਾਈ ਵਾਲੀ ਟੀਮ ਨੇ 67 ਲੋੜਵੰਦਾਂ ਦੀਆਂ ਵੱਖ-ਵੱਖ ਬਿਮਾਰੀਆਂ ਦੀ ਜਾਂਚ ਕੀਤੀ ਅਤੇ ਲੋੜ ਅਨੁਸਾਰ ਬਿਲਕੁਲ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ। ਲੋੜਵੰਦਾਂ ਨੂੰ ਇਕ ਹਫਤੇ ਦੀ ਫਰੀ ਦਵਾਈ ਦੇਣ ਦੇ ਨਾਲ ਲੋੜ ਹੋਣ ਤੇ ਵਾਧੂ ਦਵਾਈ ਬੰਗਾ ਰੋਡ ਸਥਿਤ ਡਿਸਪੈਂਸਰੀ ਤੋਂ ਪ੍ਰਾਪਤ ਕਰਨ ਦੀ ਹਦਾਇਤ ਕੀਤੀ। ਮਲਕੀਅਤ ਸਿੰਘ ਰਘਬੋਤਰਾ ਨੇ ਹਾਜਰੀਨ ਨੂੰ ਦੱਸਿਆ ਕਿ ਮਹਾਰਿਸ਼ੀ ਚਰਕ ਦੇ ਅਨੁਸਾਰ ਇੱਕ ਸਿਹਤਮੰਦ ਵਿਅਕਤੀ ਦੀ ਸਿਹਤ ਦੀ ਰੱਖਿਆ ਕਰਨ ਅਤੇ ਮਰੀਜ਼ ਦੀ ਬਿਮਾਰੀ ਨੂੰ ਜੜ੍ਹ ਤੋਂ ਖਤਮ ਕਰਨ ਦਾ ਗਿਆਨ ਆਯੁਰਵੇਦ ਪ੍ਰਣਾਲੀ ਵਿੱਚ ਮੌਜੂਦ ਹੈ। ਹਜ਼ਾਰਾਂ ਸਾਲ ਪੁਰਾਣੀ ਆਯੁਰਵੈਦਿਕ ਪ੍ਰਣਾਲੀ ‘ਚ ਬਿਮਾਰੀ ਨੂੰ ਜੜ੍ਹ ਤੋਂ ਖਤਮ ਕਰਨ ਦੀ ਤਾਕਤ ਹੈ ਅਤੇ ਇਸਦਾ ਸਰੀਰ ‘ਤੇ ਕੋਈ ਮਾੜਾ ਪ੍ਰਭਾਵ ਨਹੀਂ ਹੈ। ਆਯੁਰਵੈਦਿਕ ਦਵਾਈਆਂ ਇੱਕ ਸਿਹਤਮੰਦ ਵਿਅਕਤੀ ਦੁਆਰਾ ਵੀ ਵਰਤੀਆਂ ਜਾ ਸਕਦੀਆਂ ਹਨ ਕਿਉਂਕਿ ਇਹ ਸਾਡੀ ਆਧੁਨਿਕ ਜੀਵਨ ਸ਼ੈਲੀ ਨੂੰ ਸਹੀ ਦਿਸ਼ਾ ਦਿੰਦੀਆਂ ਹਨ ਅਤੇ ਸਿਹਤ ਲਈ ਲਾਭਦਾਇਕ ਆਦਤਾਂ ਵਿਕਸਤ ਕਰਦੀਆਂ ਹਨ। ਆਯੁਰਵੈਦਿਕ ਦਵਾਈਆਂ ਜੜ੍ਹੀ ਬੂਟੀਆਂ ਅਤੇ ਹੋਰ ਕੁਦਰਤੀ ਚੀਜ਼ਾਂ ਤੋਂ ਤਿਆਰ ਕੀਤੀਆਂ ਜਾਂਦੀਆਂ ਹਨ। ਜਿਸਦੀ ਵਰਤੋਂ ਨਾਲ ਜੀਵਨ ਖੁਸ਼ਹਾਲ, ਤਣਾਅ ਮੁਕਤ ਅਤੇ ਬਿਮਾਰੀ ਮੁਕਤ ਹੋ ਜਾਂਦਾ ਹੈ। ਅਖੀਰ ਵਿੱਚ ਫਾਊਂਡੇਸ਼ਨ ਦੇ ਮੈਨੇਜਰ ਪਰਮਜੀਤ ਸਿੰਘ ਨੇ ਸਾਰਿਆਂ ਦਾ ਸਹਿਯੋਗ ਲਈ ਧੰਨਵਾਦ ਕੀਤਾ। ਇਸ ਮੌਕੇ ਮੰਦਿਰ ਕਮੇਟੀ ਦੇ ਸਕੱਤਰ ਇੰਦਰਜੀਤ ਕਾਲੜਾ, ਮੋਹਨ ਲਾਲ ਤਨੇਜਾ, ਵਿਸ਼ਵਾਮਿੱਤਰ ਸ਼ਰਮਾ, ਵਿਪਨ ਖੁਰਾਨਾ ਪ੍ਰਧਾਨ ਜਨਤਾ ਸੇਵਾ ਸੰਮਤੀ, ਜੁਗਲ ਕਿਸ਼ੋਰ ਚਾਨਾ, ਸੰਦੀਪ ਸ਼ਰਮਾ, ਦਵਿੰਦਰ ਕੁਮਾਰ ਬਿੱਲਾ, ਮਨੂੰ ਕੌੜਾ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਮਾਨ ਨੇ 13 ਲੱਖ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜਾਂ ਦੀ ਕਰਵਾਈ ਸ਼ੁਰੂਆਤ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com



ਫਗਵਾੜਾ 5 ਮਈ (ਸ਼ਿਵ ਕੌੜਾ) ਆਮ ਆਦਮੀ ਪਾਰਟੀ ਦੇ ਸੂਬਾ ਸਪੋਕਸ ਪਰਸਨ ਹਰਨੂਰ ਸਿੰਘ ਹਰਜੀ ਮਾਨ ਨੇ ਅੱਜ ਵਿਧਾਨਸਭਾ ਹਲਕਾ ਫਗਵਾੜਾ ਦੇ ਪਿੰਡ ਮਾਨਾਂਵਾਲੀ ਵਿਖੇ 13 ਲੱਖ ਰੁਪਏ ਦੀ ਲਾਗਤ ਨਾਲ ਵੱਖ ਵੱਖ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਉਹਨਾਂ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਇਸ ਰਕਮ ਦੇ ਨਾਲ ਪਿੰਡ ਦੀਆਂ ਗਲੀਆਂ, ਨਾਲੀਆਂ ਦੀ ਉਸਾਰੀ, ਗੰਦੇ ਪਾਣੀ ਦੀ ਨਿਕਾਸੀ ਦਾ ਪ੍ਰਬੰਧ ਅਤੇ ਸ਼ਮਸ਼ਾਨਘਾਟ ਸਮੇਤ ਹੋਰ ਵਿਕਾਸ ਦੇ ਕੰਮ ਕਰਵਾਏ ਜਾ ਰਹੇ ਹਨ। ਉਹਨਾਂ ਭਰੋਸਾ ਦਿੱਤਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪਿੰਡ ਦਾ ਸਮੁੱਚਾ ਵਿਕਾਸ ਯਕੀਨੀ ਬਣਾਇਆ ਜਾਵੇਗਾ। ਹਰਜੀ ਮਾਨ ਨੇ ਪਿੰਡ ਵਾਸੀਆਂ ਨੂੰ ਪੁਰਜੋਰ ਅਪੀਲ ਕੀਤੀ ਕਿ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿਮ ਨੂੰ ਸਹਿਯੋਗ ਦੇਣ ਤਾਂ ਜੋ ਗੁਰੂਆਂ ਪੀਰਾਂ ਦੀ ਧਰਤੀ ਪੰਜਾਬ ਨੂੰ ਪੂਰੀ ਤਰ੍ਹਾਂ ਨਸ਼ਾ ਮੁਕਤ ਸੂਬਾ ਬਣਾਇਆ ਜਾ ਸਕੇ। ਸਰਪੰਚ ਹਰਜਿੰਦਰ ਕੌਰ ਅਤੇ ਸਮੁੱਚੀ ਪੰਚਾਇਤ ਨੇ ਪਿੰਡ ਦੇ ਵਿਕਾਸ ਕਾਰਜ ਸ਼ੁਰੂ ਕਰਵਾਉਣ ਲਈ ਹਰਜੀ ਮਾਨ ਤੋਂ ਇਲਾਵਾ ਆਪ ਪਾਰਟੀ ਦੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਅਤੇ ਪੰਜਾਬ ਸਰਕਾਰ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਅਵਤਾਰ ਸਿੰਘ ਪੰਚ, ਪਵਿੱਤਰਜੀਤ ਸਿੰਘ ਪੰਚ, ਸੁਰਿੰਦਰ ਪਾਲ ਪੰਚ, ਕੁਲਵੰਤ ਸਿੰਘ ਪੰਚ ਤੋਂ ਇਲਾਵਾ ਹਰਵਿੰਦਰ ਸਿੰਘ, ਵਰਿੰਦਰ ਸਿੰਘ, ਭੁਪਿੰਦਰ ਸਿੰਘ, ਲਖਵੀਰ ਸਿੰਘ ਸਮੇਤ ਪਿੰਡ ਦੇ ਹੋਰ ਪਤਵੰਤੇ ਹਾਜਰ ਸਨ

# ਵੋਕੇਸ਼ਨਲ ਟ੍ਰੇਨਿੰਗ ਸੈਂਟਰ ਦਾ ਯੂ.ਕੇ ਦੇ ਪਰਿਵਾਰ ਨੇ ਕੀਤਾ ਦੌਰਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com




ਫਗਵਾੜਾ (ਸ਼ਿਵ ਕੌੜਾ) ਸਰਬ ਨੌਜਵਾਨ ਸਭਾ ਰਜਿ. ਫਗਵਾੜਾ ਤੇ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ ਰਜਿ. ਫਗਵਾੜਾ ਵੱਲੋਂ ਸੌਸਵਾ ਪੰਜਾਬ ਦੇ ਸਹਿਯੋਗ ਨਾਲ ਚਲਾਏ ਜਾ ਰਹੇ ਵੋਕੇਸ਼ਨਲ ਟ੍ਰੇਨਿੰਗ ਸੈਂਟਰ ਹੁਸ਼ਿਆਰਪੁਰ ਰੋਡ ਦਾ ਸ਼੍ਰੀ ਗੁਰਨਾਮ ਟੂਰਾ ਤੇ ਸ਼੍ਰੀਮਤੀ ਕਸ਼ਮੀਰ ਕੌਰ ਟੂਰਾ ਯੂ. ਕੇ. ਨੇ ਆਪਣੀ ਸਪੁੱਤਰੀ ਸੋਨੀਆ ਨਾਲ ਸੈਂਟਰ ਦਾ ਦੌਰਾ ਕੀਤਾ। ਇਸ ਮੌਕੇ ਜਨਰਲ ਸਕੱਤਰ ਡਾ. ਵਿਜੈ ਕੁਮਾਰ ਤੇ ਸਮਾਜ ਸੇਵਕ ਮਦਨ ਲਾਲ ਕੋਰੋਟਾਨੀਆ ਨੇ ਸੈਂਟਰ ਵਿੱਚ ਚੱਲ ਰਹੇ ਕੋਰਸਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਤੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਕਰਵਾਏ ਜਾਣ ਵਾਲੇ 35 ਵੇਂ ਸਾਲਾਨਾ ਲੋੜਵੰਦ ਧੀਆਂ ਦੇ ਵਿਆਹ ਜੋ ਕਿ 11 ਅਕਤੂਬਰ 2025, ਦਿਨ ਸ਼ਨੀਵਾਰ ਨੂੰ ਗੁਰਦੁਆਰਾ ਸਿੰਘ ਸਭਾ ਮਾਡਲ ਟਾਊਨ ਫਗਵਾੜਾ ਵਿਖੇ ਕਰਵਾਏ ਜਾਣੇ ਹਨ ਦਾ ਸੱਦਾ ਪੱਤਰ ਵੀ ਦਿੱਤਾ ਗਿਆ। ਇਸ ਮੌਕੇ ਟੂਰਾ ਪਰਿਵਾਰ ਵੱਲੋਂ ਸਭਾ ਨੂੰ ਇਸ ਕਾਰਜ ਲਈ ਹਰ ਸੰਭਵ ਮਦਦ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਪ੍ਰਧਾਨ ਸੁਖਵਿੰਦਰ ਸਿੰਘ, ਨਰਿੰਦਰ ਸੈਣੀ ,ਮਨਦੀਪ ਬਾਸੀ, ਮੈਡਮ ਤਨੁ , ਮੈਡਮ ਆਸ਼ੂ ਬੱਗਾ, ਮੈਡਮ ਸਪਨਾ ਸ਼ਾਰਦਾ ਹਾਜ਼ਰ ਸਨ।

# ਸਰਬ ਨੌਜਵਾਨ ਸਭਾ ਵਲੋਂ ਲੜਕੀਆਂ ਨੂੰ ਆਤਮ ਨਿਰਭਰ ਬਨਾਉਣ ਦਾ ਉਪਰਾਲਾ ਸ਼ਲਾਘਾਯੋਗ- ਕੁਲਾਰ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com





ਫਗਵਾੜਾ 6 ਮਈ (ਸ਼ਿਵ ਕੌੜਾ) ਸਰਬ ਨੌਜਵਾਨ ਸਭਾ ਵੱਲੋਂ ਸਕੀਮ ਨੰਬਰ 3, ਹੁਸ਼ਿਆਰਪੁਰ ਰੋਡ ਫਗਵਾੜਾ ਵਿਖੇ ਸੋਸਵਾ ਪੰਜਾਬ ਦੇ ਸਹਿਯੋਗ ਨਾਲ ਚਲਾਏ ਜਾ ਰਹੇ ਲੜਕੀਆਂ ਦੇ ਵੋਕੇਸ਼ਨਲ ਟਰੇਨਿੰਗ ਸੈਂਟਰ ਨੂੰ ਐਨ.ਆਰ. ਆਈ ਗੁਰਦਿਆਲ ਸਿੰਘ ਕੁਲਾਰ (ਯੂ.ਐਸ.ਏ.) ਵਲੋਂ ਜਰਨੇਟਰ ਭੇਟ ਕੀਤਾ ਗਿਆ ਹੈ। ਇਸ ਮੌਕੇ ਗੱਲਬਾਤ ਕਰਦਿਆਂ ਉਹਨਾਂ ਦੱਸਿਆ ਕਿ ਸਰਬ ਨੌਜਵਾਨ ਸਭਾ ਵਲੋਂ ਵੁਮੈਨ ਇੰਪਾਵਰਮੈਂਟ ਅਤੇ ਲੜਕੀਆਂ ਨੂੰ ਆਤਮ ਨਿਰਭਰ ਬਨਾਉਣ ਦੇ ਕੀਤੇ ਜਾ ਰਹੇ ਉਪਰਾਲੇ ਤੋਂ ਉਹ ਬਹੁਤ ਪ੍ਰਭਾਵਿਤ ਹੋਏ ਹਨ। ਸੈਂਟਰ ‘ਚ ਬਿਜਲੀ ਕਟੌਤੀ ਸਮੇਂ ਲੜਕੀਆਂ ਦੀ ਟ੍ਰੇਨਿੰਗ ਪ੍ਰਭਾਵਿਤ ਨਾ ਹੋਵੇ, ਇਸ ਲਈ ਉਹਨਾਂ ਨੇ ਜਨਰੇਟਰ ਭੇਂਟ ਕੀਤਾ ਹੈ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਐਨ.ਆਰ. ਆਈ. ਗੁਰਦਿਆਲ ਸਿੰਘ ਤੋਂ ਇਲਾਵਾ ਸਭਾ ਦੇ ਚੇਅਰਮੈਨ ਸੁਰੇਸ਼ ਮੱਲ੍ਹਣ ਅਮਰੀਕਾ, ਹੁਸਨ ਲਾਲ ਜਨਰਲ ਮੈਨੇਜਰ ਵਰਧਮਾਨ ਚੰਡੀਗੜ੍ਹ ਅਤੇ ਸਵਰਨ ਸਿੰਘ ਪ੍ਰਧਾਨ ਹਲਵਾਈ ਯੂਨੀਅਨ ਦਾ ਵੀ ਜਨਰੇਟਰ ‘ਚ ਆਰਥਕ ਸਹਿਯੋਗ ਲਈ ਤਹਿ ਦਿਲੋਂ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਇਹ ਜਨਰੇਟਰ ਸੈਂਟਰ ਅਤੇ ਸਭਾ ਵਲੋਂ ਕੀਤੇ ਜਾਣ ਵਾਲੇ ਸਮਾਜਕ ਭਲਾਈ ਕਾਰਜਾਂ ਲਈ ਬਹੁਤ ਲਾਹੇਵੰਦ ਬਣੇਗਾ। ਉਹਨਾਂ ਕਿਹਾ ਕਿ ਇਸ ਤਰ੍ਹਾਂ ਦੇ ਸਹਿਯੋਗ ਨਾਲ ਸਭਾ ਦੀ ਸਮੁੱਚੀ ਟੀਮ ਦੀ ਹੌਂਸਲਾ ਅਫਜਾਈ ਹੁੰਦੀ ਹੈ ਅਤੇ ਹੋਰ ਤਨਦੇਹੀ ਨਾਲ ਸੇਵਾ ਕਾਰਜ ਕਰਨ ਦੀ ਪ੍ਰੇਰਣਾ ਮਿਲਦੀ ਹੈ। ਸਭਾ ਵਲੋਂ ਐਨ.ਆਰ. ਆਈ. ਗੁਰਦਿਆਲ ਸਿੰਘ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਸਭਾ ਦੇ ਜਨਰਲ ਸਕੱਤਰ ਵਿਜੇ ਕੁਮਾਰ, ਨਰਿੰਦਰ ਸੈਣੀ, ਗੁਰਸ਼ਰਨ ਬਾਸੀ, ਮੈਡਮ ਤਨੁ, ਮੈਡਮ ਆਸ਼ੂ ਬੱਗਾ, ਮੈਡਮ ਸਪਨਾ ਸ਼ਾਰਦਾ, ਮੈਡਮ ਨਵਜੋਤ ਕੌਰ, ਮਨਦੀਪ ਬਾਸੀ ਤੇ ਸਤਪਾਲ ਚੱਕਪ੍ਰੇਮਾ ਤੋਂ ਇਲਾਵਾ ਸੈਂਟਰ ਦੀਆਂ ਸਿੱਖਿਆਰਥਣਾਂ ਸਿਮਰਨ, ਅਮਨਪ੍ਰੀਤ, ਕੋਮਲ, ਹਰਮਨ, ਕਿਰਨ, ਮਮਤਾ, ਹਰਮੀਨ, ਅੰਜਲੀ ਕੁਮਾਰੀ, ਪ੍ਰਿਯੰਕਾ, ਨੇਹਾ, ਗਗਨਦੀਪ, ਸੰਜਨਾ, ਪਰਭਜੋਤ, ਖੁਸ਼ੀ, ਅੰਜਲੀ ਹੀਰ, ਸਵੀਟੀ, ਨੀਰਜ, ਸਨੇਹਾ, ਜਸਪ੍ਰੀਤ, ਪ੍ਰਿਆ, ਰੀਤਾ, ਨੇਹਾ, ਰਿੰਪੀ ਰਾਣੀ, ਸੁਰਜੀਤ, ਖੁਸ਼ੀ, ਰਜਨੀ, ਜਸਪ੍ਰੀਤ ਕੌਰ, ਸੀਮਾ, ਨਿਸ਼ਾ, ਜਯੋਤੀ, ਰਮਨ, ਕਮਲ, ਲਵਪ੍ਰੀਤ, ਅੰਜਨਾ, ਕੌਂਸ਼ਲਿਆ, ਰੋਸ਼ਨੀ, ਪਿੰਕੀ, ਗੁਰਪ੍ਰੀਤ ਕੌਰ, ਮਨਪ੍ਰੀਤ ਕੌਰ, ਹਰਪ੍ਰੀਤ ਕੌਰ, ਦਿਲਜੋਤ, ਅਮਨਦੀਪ, ਮਨਰਾਜ, ਕਮਲ, ਗੁਰਪ੍ਰੀਤ ਕੌਰ, ਰਮਨਦੀਪ, ਜਯੋਤੀ, ਰੇਨੁਕਾ, ਜੈਸਮੀਨ, ਲਵਲੀਨ, ਮੇਘਾ, ਬਲਜੀਤ, ਕਮਲਪ੍ਰੀਤ, ਗੁਰਪ੍ਰੀਤ, ਪ੍ਰਿਯੰਕਾ, ਕਾਜਲ, ਅਮਨਪ੍ਰੀਤ, ਅਮਨਦੀਪ, ਕਾਮਨੀ , ਭਾਵਨਾ, ਲਵਲੀਨ, ਜ਼ਸ਼ਨ, ਹਰਪ੍ਰੀਤ, ਦਿਲਜੋਤ ਆਦਿ ਹਾਜ਼ਰ ਸਨ।

# ਰਸਮ ਪਗੜੀ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com



ਫਗਵਾੜਾ (ਸ਼ਿਵ ਕੌੜਾ) ਕੌੜਾ ਕੇਲ ਡਿਪੂ ਬੰਗਾ ਰੋਡ ਦੇ ਰਜਿੰਦਰ ਕੌੜਾ (ਜੰਗੀ) ਦੇ ਪਿਤਾ ਸੁਰਿੰਦਰ ਕੌੜਾ (ਛਿੰਡਾ) ਦੀ ਰਸਮ ਪੱਗੜੀ 7 ਮਈ ਬੁੱਧਵਾਰ ਨੂੰ ਦੁਪਹਿਰ 2 ਤੋਂ 3 ਵਜੇ ਤੱਕ ਸ਼ਨੀਦੇਵ ਮੰਦਿਰ, ਧੋਬੀਘਾਟ ਸਰਾਏ ਰੋਡ, ਫਗਵਾੜਾ ਵਿਖੇ ਹੋਵੇਗੀ|

# ਭਾਰਤੀ ਜਨਤਾ ਪਾਰਟੀ ਵਲੋਂ ਬਿਹਾਰ ਦੀਆਂ ਚੋਣਾਂ ਜਿੱਤਣ ਲਈ ਜਾਤੀ ਜਨਗਣਨਾ ਕਰਾਉਣ ਦਾ ਜੁਮਲਾ ਹੀ ਜਾਪਦਾ ਹੈ --ਚਮਕੌਰ ਸਿੰਘ ਵੀਰ

## ਕੇਂਦਰ ਨੇ ਜਾਤੀ ਜਨਗਣਨਾ ਕਰਵਾਉਣ ਲਈ ਕੋਈ ਸਮਾਂ ਨਹੀਂ ਮਿਥਿਆ ਗਿਆ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com



ਸੰਗਰੂਰ( ) ਦੇਸ਼ ਦੀ ਜਾਤੀ ਜਨਗਣਨਾ ਕਾਫੀ ਲੰਬੇ ਸਮੇਂ ਤੋਂ ਡਿਊ ਹੈ ਪਰ ਭਾਰਤੀ ਜਨਤਾ ਪਾਰਟੀ ਅਤੇ ਆਰ ਐਸ ਐਸ ਜਾਣ ਬੁਝ ਕੇ ਜਾਤੀ ਜਨਗਣਨਾ ਨਹੀਂ ਕਰਵਾਉਣਾ ਚਾਹੁੰਦੀ, ਹੁਣ ਵੀ ਇਸ ਸਾਲ ਬਿਹਾਰ ਦੀਆਂ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਲਾਹਾ ਲੈਣ ਲਈ ਜਾਤੀ ਜਨਗਣਨਾ ਕਰਾਉਣ ਦਾ ਜੋ ਲੋਲੀਪੋਪ ਦਿੱਤਾ ਜਾਪਦਾ ਹੈ ਪਰ ਹਾਲੇ ਤੱਕ ਕੇਂਦਰ ਸਰਕਾਰ ਵੱਲੋਂ ਇਸ ਕੰਮ ਨੂੰ ਸਮਾਂਵੱਧ ਨਹੀਂ ਕੀਤਾ ਗਿਆ। ਇਸ ਗੱਲ ਦਾ ਪ੍ਰਗਟਾਵਾ ਸ੍ਰ ਚਮਕੌਰ ਸਿੰਘ ਵੀਰ ਜਨਰਲ ਸਕੱਤਰ ਬਹੁਜਨ ਸਮਾਜ ਪਾਰਟੀ ਪੰਜਾਬ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਾਂਝਾ ਕੀਤਾ ਉਹਨਾਂ ਇਹ ਵੀ ਕਿਹਾ ਕਿ ਦੇਸ਼ ਆਜ਼ਾਦ ਹੋਏ ਨੂੰ 78 ਸਾਲ ਹੋ ਗਏ ਹਨ ਪਰ ਹਾਲੇ ਤੱਕ ਆਮਦਨ ਦੇ ਸਰੋਤਾਂ ਦੀ ਵੰਡ ਅਬਾਦੀ ਦੇ ਅਨੁਪਾਤ ਅਨੁਸਾਰ ਆਮਦਨ ਦੇ ਸਰੋਤਾਂ ਦੀ ਵੰਡ ਤਾਂ ਮਨੂੰਵਾਦੀ ਸਰਕਾਰਾਂ ਨੇ ਤਾਂ ਕੀ ਕਰਨੀ ਸੀ ਬਲਕਿ ਸਮੇ ਸਿਰ ਜਾਤੀ ਜਨਗਣਨਾ ਵੀ ਨਹੀਂ ਕਰਵਾਈ ਗਈ ਹੁਣ ਜੋ ਬਿਆਨਬਾਜੀ ਹੋ ਰਹੀ ਹੈ ਇਸ ਵਿੱਚ ਵੀ ਭਾਜਪਾ ਸਰਕਾਰ ਦੀ ਨੀਅਤ ਸਾਫ ਨਹੀਂ ਲੱਗਦੀ ਇਹ ਸਿਰਫ ਬਿਹਾਰ ਦੀਆਂ ਚੋਣਾਂ ਜਿੱਤਣ ਲਈ ਜੁਮਲਾ ਬਣ ਕੇ ਰਹਿਣ ਦੇ ਆਸਾਰ ਹਨ। ਉਨਾਂ ਦੇਸ਼ ਦੀ ਜਨਤਾ ਨੂੰ ਅਪੀਲ ਕੀਤੀ ਕਿ ਸਿਰਫ ਬਹੁਜਨ ਸਮਾਜ ਪਾਰਟੀ ਦਾ ਸੰਕਲਪ ਹੈ ਕਿ ਜਿੰਨੀ ਜਿਨ੍ਹਾਂ ਦੀ ਸੰਖਿਆ ਭਾਰੀ ਉਹਨੀ ਉਹਨਾਂ ਦੀ ਹਿੱਸੇਦਾਰੀ ਜਾਤੀ ਦੇ ਆਧਾਰ ਤੇ ਸਾਰੇ ਆਮਦਨ ਦੇ ਸਰੋਤਾਂ ਦੀ ਵੰਡ ਬਰਾਬਰ ਬਹੁਜਨ ਸਮਾਜ ਪਾਰਟੀ ਦੀ ਸਰਕਾਰ ਹੀ ਕਰੇਗੀ । ਉਨਾਂ ਦੇਸ਼ ਦੇ ਮੂਲ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਜੇਕਰ ਜਿਉਂਦੇ ਜੀਅ ਇਸ ਧਰਤੀ ਤੇ ਸਵਰਗ ਦੇਖਣਾ ਚਾਹੁੰਦੇ ਹੋ, ਜਾਤ ਪਾਤ ਮੁਕਤ ਸਮਾਜ, ਦੇਖਣਾ ਚਾਹੁੰਦੇ ਹੋ ਬਰਾਬਰਤਾ, ਸਮਤਾ, ਸਮਾਨਤਾ ਭਾਈਚਾਰੇ ਦੀ ਗੱਲ ਸਹੀ ਮਾਅਨਿਆਂ ਵਿੱਚ ਇਸ ਦੇਸ਼ ਵਿੱਚ ਲਾਗੂ ਕਰਨਾ ਚਾਹੁੰਦੇ ਹੋ ਤਾਂ ਸਾਨੂੰ ਮਨੂੰਵਾਦੀਆਂ ਨੂੰ ਪਾਰਟੀਆਂ ਨੂੰ ਪਿਛਾੜ ਕੇ ਇੱਕ ਮੌਕਾ ਬਹੁਜਨ ਸਮਾਜ ਪਾਰਟੀ ਨੂੰ ਦੇਣਾ ਪਏਗਾ, ਜਿਸ ਨਾਲ ਗਰੀਬਾਂ, ਮਜ਼ਦੂਰਾਂ, ਛੋਟੇ ਕਿਸਾਨਾਂ, ਛੋਟੇ ਵਪਾਰੀ ਵਰਗ ਖੁਸ਼ਹਾਲੀ ਦਾ ਜੀਵਨ ਜੀ ਸਕਦੇ ਹਨ।

# ਅੱਖਾਂ ਦੀ ਰੌਸ਼ਨੀ ਤੋਂ ਬਿਨਾਂ ਜ਼ਿੰਦਗੀ ਇੱਕ ਸਰਾਪ ਹੈ - ਗੋਪੀਚੰਦ ਕਪੂਰ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com



ਹੁ ਸ਼ਿ ਆ ਰ ਪੁ ਰ (ਸਤਨਾਮ ਸਿੰਘ ਸਹੂੰਗੜਾ) ਰੋਟਰੀ ਆਈ ਬੈਂਕ ਅਤੇ ਕੌਰਨੀਅਲ ਟ੍ਰਾਂਸਪਲਾਂਟੇਸ਼ਨ ਸੋਸਾਇਟੀ ਵੱਲੋਂ ਪ੍ਰਧਾਨ ਸੰਜੀਵ ਅਰੋੜਾ ਦੀ ਅਗਵਾਈ ਹੇਠ ਇੱਕ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਪਿੰਡ ਜਨੌਂਦੀ ਦੇ ਸ਼੍ਰੀ ਬਲਬੀਰ ਦੇ ਪੁੱਤਰ 6 ਸਾਲਾ ਸਾਗਰ, ਜੋ ਕਿ ਇੱਕ ਅੱਖ ਵਿੱਚ ਪੱਥਰੀ ਫਸਣ ਕਾਰਨ ਪਿਛਲੇ 4 ਸਾਲਾਂ ਤੋਂ ਬਿਲਕੁਲ ਵੀ ਨਹੀਂ ਦੇਖ ਸਕਦਾ ਸੀ, ਨੂੰ ਸਨਮਾਨਿਤ ਕੀਤਾ ਗਿਆ। ਸੋਸਾਇਟੀ ਵੱਲੋਂ ਉਸਦੀ ਅੱਖਾਂ ਦੀ ਮੁਫਤ ਸਰਜਰੀ ਕਰਵਾਉਣ ਤੋਂ ਬਾਅਦ, ਲਾਲਾ ਸੁੰਦਰ ਦਾਸ ਚੈਰੀਟੇਬਲ ਸੋਸਾਇਟੀ ਫਾਰ ਡੈਫ਼ ਐਂਡ ਮੂਟ (ਭੰਗੀ ਪੁਲ ਦੇ ਨੇੜੇ) ਵਿਖੇ ਇੱਕ ਸਮਾਗਮ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਸ਼੍ਰੀ ਅਵਿਨਾਸ਼ ਰਾਏ ਖੰਨਾ, ਸਾਬਕਾ ਰਾਜ ਸਭਾ ਮੈਂਬਰ ਮੁੱਖ ਮਹਿਮਾਨ ਵਜੋਂ ਅਤੇ ਸ਼੍ਰੀ ਗੋਪੀਚੰਦ ਕਪੂਰ ਪ੍ਰਧਾਨ ਸੁੰਦਰ ਆਸ਼ਰਮ ਵਿਸ਼ੇਸ਼ ਮਹਿਮਾਨ ਵਜੋਂ ਮੌਜੂਦ ਸਨ। ਇਸ ਮੌਕੇ ਸ੍ਰੀ ਅਵਿਨਾਸ਼ ਰਾਏ ਖੰਨਾ ਨੇ ਸੁਸਾਇਟੀ ਦੇ ਕੰਮ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਸੁਸਾਇਟੀ ਨੇ ਇਸ ਬੱਚੇ ਦੀ ਸਰਜਰੀ ਮੁਫ਼ਤ ਕਰਵਾ ਕੇ ਇੱਕ ਵੱਡਾ ਪੁੰਨ ਦਾ ਕੰਮ ਕੀਤਾ ਹੈ। ਇਸ ਲਈ, ਸਾਨੂੰ ਸਾਰਿਆਂ ਨੂੰ ਸਮਾਜ ਦਾ ਪੂਰਾ ਸਹਿਯੋਗ ਕਰਨਾ ਚਾਹੀਦਾ ਹੈ ਤਾਂ ਜੋ ਅੰਨ੍ਹੇਪਣ ਤੋਂ ਪੀੜਤ ਲੋਕਾਂ ਨੂੰ ਰੌਸ਼ਨੀ ਮਿਲ ਸਕੇ। ਇਸ ਮੌਕੇ ਸ਼੍ਰੀ ਗੋਪੀਚੰਦ ਕਪੂਰ ਨੇ ਕਿਹਾ ਕਿ ਰੌਸ਼ਨੀ ਤੋਂ ਬਿਨਾਂ ਜੀਵਨ ਇੱਕ ਸਰਾਪ ਹੈ, ਇਸ ਲਈ ਉਹ ਸਾਰਿਆਂ ਨੂੰ ਅੱਖਾਂ ਦਾਨ ਕਰਕੇ ਇਸ ਮਹਾਂਯੱਗ ਵਿੱਚ ਯੋਗਦਾਨ ਪਾਉਣ ਦੀ ਅਪੀਲ ਕਰਦੇ ਹਨ ਤਾਂ ਜੋ ਅੰਨ੍ਹੇਪਣ ਤੋਂ ਪੀੜਤ ਸਾਰੇ ਲੋਕਾਂ ਨੂੰ ਰੌਸ਼ਨੀ ਮਿਲ ਸਕੇ। ਪ੍ਰਧਾਨ ਸੰਜੀਵ ਅਰੋੜਾ ਅਤੇ ਜੇ. ਬੀ. ਬਹਿਲ ਨੇ ਕਿਹਾ ਕਿ ਕੌਰਨੀਅਲ ਅੰਨ੍ਹੇਪਣ ਤੋਂ ਪੀੜਤ ਲੋਕਾਂ ਨੂੰ ਇੱਕ ਅੱਖ ਪਾ ਕੇ ਦ੍ਰਿਸ਼ਟੀ ਪ੍ਰਦਾਨ ਕੀਤੀ ਜਾਂਦੀ ਹੈ ਕਿਉਂਕਿ ਇੱਕ ਵਿਅਕਤੀ ਦੁਆਰਾ ਦਾਨ ਕੀਤੀਆਂ ਗਈਆਂ ਅੱਖਾਂ ਦੋ ਵਿਅਕਤੀਆਂ ਦੇ ਹਨੇਰੇ ਜੀਵਨ ਵਿੱਚ ਰੌਸ਼ਨੀ ਲਿਆਉਂਦੀਆਂ ਹਨ ਅਤੇ ਸ੍ਰੀ ਅਰੋੜਾ ਨੇ ਦੱਸਿਆ ਕਿ ਅੱਖ ਦਾਨੀ ਦੇ ਪਰਿਵਾਰ ਨੂੰ ਉਸਦੇ ਭੋਗ/ਕਿਰਿਆ ਦੇ ਮੌਕੇ ‘ਤੇ ਸਨਮਾਨਿਤ ਕੀਤਾ ਜਾਂਦਾ ਹੈ ਤਾਂ ਜੋ ਹੋਰ ਲੋਕ ਵੀ ਇਸ ਤੋਂ ਪ੍ਰੇਰਨਾ ਲੈ ਸਕਣ ਅਤੇ ਅੱਖਾਂ ਦਾਨ ਲਈ ਪ੍ਰਣ ਫਾਰਮ ਭਰ ਸਕਣ। ਵੀਨਾ ਚੋਪੜਾ ਨੇ ਸਟੇਜ ਦਾ ਪ੍ਰਬੰਧ ਬਹੁਤ ਵਧੀਆ ਢੰਗ ਨਾਲ ਕੀਤਾ। ਇਸ ਮੌਕੇ ਮਦਨਲਾਲ ਮਹਾਜਨ, ਵੀਨਾ ਚੋਪੜਾ, ਜਸਵੀਰ ਕੰਵਰ, ਜਗਦੀਸ਼ ਅਗਰਵਾਲ, ਅਸ਼ਵਨੀ ਕੁਮਾਰ ਦੱਤਾ, ਸੁਰਿੰਦਰ ਦੀਵਾਨ, ਪ੍ਰੇਮ ਤਨੇਜਾ, ਕਮਲ ਖੁਰਾਣਾ, ਟਿੰਕੂ ਨਰੂਲਾ, ਅਮਿਤ ਨਾਗਪਾਲ, ਅਵਿਨਾਸ਼ ਸੂਦ, ਰੇਣੂ ਕੰਵਰ, ਨਰੇਸ਼ ਕੁਮਾਰ, ਅਵਤਾਰ ਸਿੰਘ ਕੰਗ, ਤਮੰਨਾ ਤੇ ਹੋਰ ਹਾਜ਼ਰ ਸਨ

# *ਪੰਜਾਬੀ ਦੀ ਪ੍ਰਸਿੱਧ ਚਰਚਿਤ ਲੇਖਿਕਾ ਕਮਲ ਗਿੱਲ ਯੂ.ਕੇ. ਦਾ ਦੂਸਰਾ ਨਾਵਲ “ਅਧੂਰੀ ਕਹਾਣੀ” ਦਾ ਹੋਇਆ ਲੋਕ ਅਰਪਣ।

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com



ਫ਼ਰੀਦਕੋਟ ( ) ਅੱਜ ਕਲਮਾਂ ਦੇ ਰੰਗ ਸਾਹਿਤ ਸਭਾ (ਰਜਿ.) ਫ਼ਰੀਦਕੋਟ ਵੱਲੋਂ ਦੇਸ਼ ਭਗਤ ਪੰਡਿਤ ਚੇਤੰਨ ਦੇਵ ਸਰਕਾਰੀ ਕਾਲਜ ਆਫ ਐਜੂਕੇਸ਼ਨ, ਫ਼ਰੀਦਕੋਟ ਵਿਖੇ ਇੱਕ ਸ਼ਾਨਦਾਰ ਸਮਾਗਮ ਦੌਰਾਨ ਪੰਜਾਬੀ ਦੀ ਪ੍ਰਸਿੱਧ ਚਰਚਿਤ ਲੇਖਿਕਾ ਕਮਲ ਗਿੱਲ ਯੂ.ਕੇ ਦੇ ਦੂਸਰੇ ਨਾਵਲ “ਅਧੂਰੀ ਕਹਾਣੀ” ਦੀ ਘੁੰਡ ਚੁਕਾਈ ਕੀਤੀ ਗਈ।

ਪ੍ਰੈਸ ਨਾਲ ਗੱਲਬਾਤ ਕਰਦਿਆਂ ਸਭਾ ਦੇ ਜਰਨਲ ਸਕੱਤਰ ਜਸਵਿੰਦਰ ਜੱਸ ਨੇ ਦੱਸਿਆਂ ਕਿਹਾ ਕਿ ਮਾਣਮੱਤੀ ਲੇਖਿਕਾ ਕਮਲ ਗਿੱਲ ਵਿਸ਼ੇਸ਼ ਤੌਰ ਤੇ ਯੂ.ਕੇ. ਤੋਂ ਫ਼ਰੀਦਕੋਟ ਪਹੁੰਚੇ ਤੇ ਸਮੁੱਚੀ ਸਭਾ ਦਾ ਨਾਵਲ ਲੋਕ ਅਰਪਣ ਕਰਨ ਤੇ ਸ਼ੁਕਰਾਨਾ ਕੀਤਾ ਅਤੇ ਅੱਗੇ ਤੋਂ ਵੀ ਉਨਾਂ ਸਹਿਤਕ ਮੁਹੱਬਤੀ ਸਾਂਝ ਬਣਾਈ ਰੱਖਣ ਦੀ ਉਮੀਦ ਜਤਾਈ। ਇਸ ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਸ਼੍ਰੋਮਣੀ ਲੇਖਕ ਨਿੰਦਰ ਘੁਗਿਆਣਵੀ ਪ੍ਰੋਫੈਸਰ ਆਫ ਪ੍ਰੈਕਟਿਸ ਕੇਂਦਰੀ ਯੂਨਿਵਰਸਿਟੀ ਪੰਜਾਬ, ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਪੰਜਾਬੀ ਦੇ ਪ੍ਰਸਿੱਧ ਗਜ਼ਲਗੋ ਭਾਸ਼ਾ ਅਫਸਰ ਸ੍ਰੀ ਮਨਜੀਤ ਪੁਰੀ ਪਹੁੰਚੇ ਅਤੇ ਸਮਾਗਮ ਦੀ ਪ੍ਰਧਾਨਗੀ ਸੰਗੀਤ ਜਗਤ ਦੇ ਨਾਮਵਰ ਸੰਗੀਤਕਾਰ ਡਾ.ਰਾਜੇਸ਼ ਮੋਹਨ, ਪ੍ਰਿੰਸੀਪਲ, ਦੇਸ਼ ਭਗਤ ਪੰਡਿਤ ਚੇਤੰਨ ਦੇਵ ਸਰਕਾਰੀ ਕਾਲਜ ਆਫ ਐਜੂਕੇਸ਼ਨ, ਫ਼ਰੀਦਕੋਟ ਨੇ ਕੀਤੀ। ਸਮਾਗਮ ਦੀ ਸ਼ੁਰੂਆਤ ਸਮੇਂ ਸਭਾ ਦੇ ਚੇਅਰਮੈਨ ਪ੍ਰੋ. ਬੀਰ ਇੰਦਰ ਸਰਾਂ ਵੱਲੋਂ ਸਭ ਨੂੰ ਜੀ ਆਇਆਂ ਕਿਹਾ। ਇਸ ਸਮੇਂ ਨਾਵਲ ਲੋਕ ਅਰਪਣ ਦੇ ਨਾਲ ਖੂਬਸੂਰਤ ਕਵੀ ਦਰਬਾਰ ਵੀ ਕਰਵਾਇਆ ਗਿਆ, ਜਿਸ ਵਿੱਚ ਵੱਖ ਵੱਖ ਕਾਵਿ-ਰੰਗ ਦੇਖਣ ਨੂੰ ਮਿਲੇ। ਅੰਤ ਵਿੱਚ ਆਪਣੇ-ਆਪਣੇ ਖੇਤਰ ਵਿੱਚ ਨਾਮਣਾ ਖੱਟਣ ਵਾਲੀਆਂ ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ ਗਿਆਂ, ਜਿੰਨਾ ਵਿਚ ਕਾਮਰੇਡ ਬੀਰ ਸਿੰਘ ਕੰਮੇਅਣਾ, ਲੇਖਿਕਾ ਰਸਪਿੰਦਰ ਕੌਰ, ਕ੍ਰਿਕਟ ਖਿਡਾਰਨ ਰੇਖਾ ਕੌਰ, ਲੋਕ ਗਾਇਕ ਜੀ. ਸ਼ਰਮੀਲਾ, ਜਸਕਰਨ ਸਿੰਘ ਗਿੱਲ ਯੂ.ਕੇ, ਪੱਤਰਕਾਰ ਤੇ ਡਿਜ਼ਾਈਨਰ ਜਤਿੰਦਰ ਸਿੰਘ ਰਾਵਤ ਅਤੇ ਕਰਮ ਸਿੰਘ ਮਹਿਮੀ ਆਦਿ ਸ਼ਾਮਲ ਸਨ। ਪੰਜਾਬੀ ਮਾਂ ਬੋਲੀ ਦੇ ਲਾਡਲੇ ਲੇਖਕ ਤੇ ਰੰਗਕਰਮੀ ਕਸ਼ਮੀਰ ਮਾਨਾ ਤੇ ਚਰਚਿਤ ਗਜ਼ਲਗੋ ਸਿਕੰਦਰ ਮਾਨਵ ਨੇ ਮੰਚ ਸੰਚਾਲਕ ਵਜੋਂ ਵਿਲੱਖਣ ਭੂਮਿਕਾ ਨਿਭਾਈ ਤੇ ਆਪਣੇ ਬੇਹਤਰੀਣ ਸ਼ੇਅਰਾਂ ਨਾਲ ਸਰੋਤਿਆਂ ਵਿਚ ਰਸਮਈ ਰੰਗ ਬਣਾਈ ਰੱਖਿਆ।

ਇਸ ਸਮੇਂ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਸਰਬਿੰਦਰ ਸਿੰਘ ਬੇਦੀ, ਮੀਤ ਪ੍ਰਧਾਨ ਗੁਰਜੀਤ ਸਿੰਘ ਹੈਰੀ ਢਿੱਲੋ , ਸੁਖਬੀਰ ਬਾਬਾ ਸਕੱਤਰ, ਮੀਤ ਪ੍ਰਧਾਨ ਲੋਕ ਗਾਇਕ ਰਾਜ ਗਿੱਲ ਭਾਣਾ, ਸਹਾਇਕ ਵਿੱਤ ਸਕੱਤਰ ਕੇ.ਪੀ ਸਿੰਘ, ਕਾਨੂੰਨੀ ਸਲਾਹਕਾਰ ਪਰਦੀਪ ਸਿੰਘ ਅਟਵਾਲ, ਬਲਕਾਰ ਸਿੰਘ ਸਹੋਤਾ, ਮਨਮੋਹਨ ਮੋਹਣੀ, ਮੀਡੀਆ ਇੰਚਾਰਜ ਅਸੀਸ ਕੁਮਾਰ, ਚਰਨਜੀਤ ਸਿੰਘ ਚਮੇਲੀ, ਪ੍ਰਚਾਰ ਸਕੱਤਰ ਪਰਮਿੰਦਰ ਕਪੂਰ, ਹੈਰੀ ਭੋਲੂਵਾਲਾ, ਜਸਵੀਰ ਸ਼ਰਮਾ ਦੱਦਾਹੂਰ, ਪ੍ਰੀਤ ਭਗਵਾਨ, ਕੁਲਵਿੰਦਰ ਵਿਰਕ, ਮਨਜਿੰਦਰ ਗੋਲੀ, ਧਰਮ ਪ੍ਰਵਾਨਾ, ਜੀਤ ਕੰਮੇਅਣਾ, ਕੁਲਵੰਤ ਸਰੋਤਾ, ਬਲਦੇਵ ਇਕਵੰਨ, ਬਿੱਕਰ ਵਿਯੋਗੀ, ਗੀਤਕਾਰ ਮੰਦਰ ਸਿੱਖਾਂ ਵਾਲਾ , ਕਰਨ ਦਰਦ, ਤੇਜਿੰਦਰ ਬਰਾੜ, ਸੁਖਵਿੰਦਰ ਸਿੰਘ ਗਿੱਲ, ਪ੍ਰੋ ਨਿਰਮਲ ਕੌਸ਼ਿਕ, ਸਰਬਜੀਤ ਸਿੰਘ, ਮਾਹੀ ਮਰਜਾਣਾ, ਲੋਕ ਗਾਇਕ ਗੁਲਾਬ ਫਰੀਦ ਆਦਿ ਹਾਜ਼ਰ ਸਨ ਤੇ ਆਖਿਰ ‘ਚ ਸਭਾ ਦੇ ਪ੍ਰਧਾਨ ਸ਼ਿਵਨਾਥ ਦਰਦੀ ਨੇ ਸਭ ਦਾ ਧੰਨਵਾਦ ਕੀਤਾ।

# ਜ਼ਿਲ੍ਹੇ ‘ਚ ਕੌਮੀ ਲੋਕ ਅਦਾਲਤ 10 ਮਈ ਨੂੰ - ਜ਼ਿਲ੍ਹਾਂ ਅਤੇ ਸ਼ੈਸਨ ਜੱਜ ਪ੍ਰਿਆ ਸੂਦ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

ਨਵਾਂਸ਼ਹਿਰ (ਸਤਨਾਮ ਸਿੰਘ ਸਹੂੰਗੜਾ) ਨੈਸ਼ਨਲ ਲੀਗਲ ਸਰਵਿਸ ਅਥਾਰਟੀ ਦੇ ਦਿਸ਼ਾਂ ਨਿਰਦੇਸ਼ਾਂ ਅਤੇ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ. ਏ. ਐਸ. ਨਗਰ ਦੀਆਂ ਹਦਾਇਤਾਂ ‘ਤੇ ਜਿਲ੍ਹਾਂ ਅਤੇ ਸੈਸ਼ਨ ਜੱਜ, ਸ਼ਹੀਦ ਭਗਤ ਸਿੰਘ ਨਗਰ ਪ੍ਰਿਆ ਸੂਦ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਕੌਮੀ ਲੋਕ ਅਦਾਲਤ 10 ਮਈ ਨੂੰ ਲਗਾਈ ਜਾਵੇਗੀ। ਜਿਲ੍ਹਾਂ ਅਤੇ ਸੈਸ਼ਨ ਜੱਜ, ਸ਼ਹੀਦ ਭਗਤ ਸਿੰਘ ਨਗਰ ਪ੍ਰਿਆ ਸੂਦ ਵੱਲੋ ਦੱਸਿਆ ਕਿ ਨੈਸ਼ਨਲ ਲੀਗਲ ਸਰਵਿਸ ਅਥਾਰਟੀ ਦੇ ਨਿਰਦੇਸ਼ਾਂ ਅਨੁਸਾਰ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ , ਐਸ.ਏ.ਐਸ ਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਦਾਲਤੀ ਤੇ ਪ੍ਰੀ-ਲਿਟੀਗੇਟਿਵ ਪੜਾਅ ਤੇ ਆਏ ਰਾਜੀਨਾਮਾ ਹੋਣ ਯੋਗ ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕਰਨ ਲਈ ਜ਼ਿਲੇ ਵਿੱਚ 10.05.2025 ਨੂੰ ਕੌਮੀ ਲੋਕ ਅਦਾਲਤ ਲਗਾਈ ਜਾਵੇਗੀ । ਉਨਾਂ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਵਿੱਚ ਪੈਨਸ਼ਨ ਕੇਸ ਸਮੇਤ ਸੇਵਾਵਾਂ ਦੇ ਕੇਸ, ਜਮੀਨ ਗ੍ਰਹਿਣ ਦੇ ਕੇਸ, ਰੈਵਿਨਿਊ ਦੇ ਕੇਸ, ਬੀ.ਐਸ. ਐਨ.ਐਲ ਦੇ ਕੇਸ, ਬੀਮਾ ਕੰਪਨੀ ਦੇ ਨਾਲ ਸਬੰਧਤ ਕੇਸ, ਵਿੱਤੀ ਫਾਈਨਾਸ ਦੇ ਕੇਸ, ਬੈਕਾਂ ਲੋਨ ਨਾਲ ਸਬੰਧਤ ਕੇਸ, ਪਾਣੀ ਦੇ ਬਿੱਲ, ਕ੍ਰਿਮੀਨਲ ਕਪਾਉਂਡੇਬਲ ਕੇਸ, ਚੈਂਕ ਬਾਉਸ ਨਾਲ ਸਬੰਧਿਤ ਕੇਸ, ਮੋਟਰ ਐਕਸੀਡੈਂਟ ਕਲੇਮ ਕੇਸ, ਟ੍ਰਿਬਿਊਨਲ ਨਾਲ ਸਬੰਧਿਤ ਕੇਸ, ਵਿਵਾਹਿਤ ਝਗੜੇ, ਟ੍ਰੈਫਿਕ ਚਲਾਨ, ਲੇਬਰ ਵਿਵਾਦ ਦੇ ਕੇਸ, ਬਿਜਲੀ ਦੇ ਕੇਸ ਅਤੇ ਹੋਰ ਰਾਜੀਨਾਮਾ ਯੋਗ ਕੇਸਾਂ ਦੀ ਸੁਣਵਾਈ ਕੀਤੀ ਜਾਵੇਗੀ ।



ਇਸ ਤੋਂ ਇਲਾਵਾ ਉਨਾਂ ਕਿਹਾ ਕਿ ਕੌਮੀ ਲੋਕ ਅਦਾਲਤ ਵਿੱਚ ਕੇਸ ਲਗਾਉਣ ਲਈ ਜੇਕਰ ਕੋਈ ਪ੍ਰੇਸ਼ਾਨੀ ਆਉਦੀ ਹੈ ਤਾਂ ਦਫਤਰ ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਅਤੇ ਦਫਤਰ ਦੇ ਨੰਬਰ 01823-223511 ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ ।

# ਵਿਸ਼ੇਸ਼ ਬੱਚੇ ਸੱਚਮੁੱਚ ਵਿਸ਼ੇਸ਼ ਹੁੰਦੇ ਹਨ, ਉਨ੍ਹਾਂ ਦਾ ਵਿਕਾਸ ਸਾਡੀ ਸਾਰੀ ਜ਼ਿੰਮੇਵਾਰੀ ਹੈ - ਡਾ. ਰਾਜ ਕੁਮਾਰ ਚੱਬੇਵਾਲ

## ਆਸ਼ਾ ਕਿਰਨ ਸਕੂਲ ਨੂੰ 10 ਲੱਖ ਰੁਪਏ ਦੀ ਗ੍ਰਾਂਟ ਦੇਣ ਦਾ ਐਲਾਨ, ਉਮੰਗ ਸੀਜ਼ਨ 7 ਦੇ ਜੇਤੂਆਂ ਨੂੰ ਸਨਮਾਨਿਤ ਕੀਤਾ ਗਿਆ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com




ਹੁ ਸ਼ਿ ਆ ਰ ਪੁ ਰ (ਸਤਨਾਮ ਸਿੰਘ ਸਹੂੰਗੜਾ) ਜਹਾਨਖੇਲਾ ਦੇ ਵਿਸ਼ੇਸ਼ ਬੱਚਿਆਂ ਲਈ ਜੇਐਸਐਸ ਆਸ਼ਾ ਕਿਰਨ ਸਪੈਸ਼ਲ ਸਕੂਲ ਦਾ ਸਟਾਫ਼ ਅਤੇ ਪ੍ਰਬੰਧਨ ਕਮੇਟੀ ਸ਼ਾਨਦਾਰ ਕੰਮ ਕਰ ਰਹੀ ਹੈ ਜਿਸ ਰਾਹੀਂ ਵਿਸ਼ੇਸ਼ ਬੱਚੇ ਆਪਣੇ ਭਵਿੱਖ ਦੇ ਜੀਵਨ ਲਈ ਆਪਣੇ ਆਪ ਨੂੰ ਤਿਆਰ ਕਰ ਰਹੇ ਹਨ ਅਤੇ ਸਾਨੂੰ ਸਾਰਿਆਂ ਨੂੰ ਇਨ੍ਹਾਂ ਬੱਚਿਆਂ ਨੂੰ ਅੱਗੇ ਵਧਣ ਦੇ ਬਰਾਬਰ ਮੌਕੇ ਪ੍ਰਦਾਨ ਕਰਨ ਦੀ ਲੋੜ ਹੈ ਤਾਂ ਜੋ ਉਹ ਆਪਣੇ ਆਪ ਨੂੰ ਕਿਸੇ ਤੋਂ ਘਟੀਆ ਨਾ ਸਮਝਣ, ਇਹ ਗੱਲ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਇੱਥੇ ਆਸ਼ਾ ਕਿਰਨ ਸਕੂਲ ਵਿਖੇ ਆਯੋਜਿਤ ਇੱਕ ਸਮਾਗਮ ਨੂੰ ਸੰਬੋਧਨ ਕਰਦਿਆਂ ਕਹੀ। ਇਸ ਮੌਕੇ ਉਨ੍ਹਾਂ ਨੇ 5000 ਰੁਪਏ ਦੀ ਗ੍ਰਾਂਟ ਦਾ ਐਲਾਨ ਵੀ ਕੀਤਾ। ਸਕੂਲ ਨੂੰ 10 ਲੱਖ ਰੁਪਏ। ਜ਼ਿਕਰਯੋਗ ਹੈ ਕਿ ਕੁਝ ਦਿਨ ਪਹਿਲਾਂ ਆਸ਼ਾ ਕਿਰਨ ਸਕੂਲ ਦੇ ਵਿਦਿਆਰਥੀ ਵਿਸ਼ੇਸ਼ ਬੱਚਿਆਂ ਵਿੱਚ ਆਯੋਜਿਤ ਸੱਭਿਆਚਾਰਕ ਪ੍ਰੋਗਰਾਮ ਉਮੰਗ ਸੀਜ਼ਨ-7 ਵਿੱਚ ਓਵਰਆਲ ਜੇਤੂ ਰਹੇ ਸਨ। ਇਸ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਨ ਲਈ ਸਕੂਲ ਵਿੱਚ ਆਯੋਜਿਤ ਸਮਾਗਮ ਦੌਰਾਨ ਡਾ. ਰਾਜ ਕੁਮਾਰ ਚੱਬੇਵਾਲ ਵਿਸ਼ੇਸ਼ ਤੌਰ ‘ਤੇ ਪਹੁੰਚੇ। ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਇਹ ਵਿਸ਼ੇਸ਼ ਬੱਚੇ ਸੱਚਮੁੱਚ ਵਿਸ਼ੇਸ਼ ਹਨ ਅਤੇ ਸਮਾਜ ਦੇ ਹਰ ਵਰਗ ਨੂੰ ਉਨ੍ਹਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਵਿੱਚ ਬਰਾਬਰ ਦਾ ਹਿੱਸਾ ਮਿਲਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਕੇਂਦਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਨੂੰ ਜ਼ਮੀਨੀ ਪੱਧਰ ‘ਤੇ ਲਾਗੂ ਕਰਨ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ ਅਤੇ ਅਧਿਕਾਰੀਆਂ ਨੂੰ ਸਪੱਸ਼ਟ ਹਦਾਇਤਾਂ ਦਿੱਤੀਆਂ ਗਈਆਂ ਹਨ ਕਿ ਸਰਕਾਰੀ ਦਫ਼ਤਰਾਂ ਵਿੱਚ ਆਉਣ ਵਾਲੇ ਅਪਾਹਜਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਨਾ ਆਵੇ ਅਤੇ ਕੰਮ ਪਹਿਲ ਦੇ ਆਧਾਰ ‘ਤੇ ਕੀਤਾ ਜਾਵੇ। ਡਾ. ਰਾਜ ਕੁਮਾਰ ਚੱਬੇਵਾਲ ਨੇ ਭਵਿੱਖ ਵਿੱਚ ਵੀ ਆਸ਼ਾਦੀਪ ਵੈਲਫੇਅਰ ਸੋਸਾਇਟੀ ਨੂੰ ਪੂਰਾ ਸਮਰਥਨ ਦੇਣ ਦਾ ਭਰੋਸਾ ਦਿੱਤਾ। ਪ੍ਰੋਗਰਾਮ ਦੌਰਾਨ, ਜੇਐਸਐਸ ਆਸ਼ਾ ਕਿਰਨ ਅਧਿਆਪਕ ਸਿਖਲਾਈ ਸੰਸਥਾ ਦੇ ਵਿਦਿਆਰਥੀਆਂ, ਜਿਨ੍ਹਾਂ ਨੇ ਉਮੰਗ ਸੀਜ਼ਨ 7 ਦੀ ਸਫਲਤਾ ਵਿੱਚ ਯੋਗਦਾਨ ਪਾਇਆ, ਨੂੰ ਵੀ ਪਰਮਜੀਤ ਸਿੰਘ ਸਚਦੇਵਾ ਦੁਆਰਾ ਸਨਮਾਨਿਤ ਕੀਤਾ ਗਿਆ ਅਤੇ ਨਕਦ ਇਨਾਮ ਦਿੱਤੇ ਗਏ। ਇਸ ਮੌਕੇ ਆਸ਼ਾਦੀਪ ਸੋਸਾਇਟੀ ਦੇ ਸਰਪ੍ਰਸਤ ਪਰਮਜੀਤ ਸਿੰਘ ਸਚਦੇਵਾ ਨੇ ਡਾ. ਰਾਜ ਕੁਮਾਰ ਚੱਬੇਵਾਲ ਦਾ ਧੰਨਵਾਦ ਕੀਤਾ ਅਤੇ ਸਕੂਲ ਵਿੱਚ ਵਿਸ਼ੇਸ਼ ਬੱਚਿਆਂ ਲਈ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ।

# 7 ਮਈ ਸ਼ਾਮ 8:30 ਵਜੇ ਤੋਂ 8.40 ਵਜੇ ਤੱਕ ਸੰਗਰੂਰ ਸ਼ਹਿਰ ‘ਚ ਹੋਵੇਗਾ ਬਲੈਕ ਆਊਟ: ਡਿਪਟੀ ਕਮਿਸ਼ਨਰ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ

ਸੰਗਰੂਰ, 6 ਮਈ, 2025: ਡਿਪਟੀ ਕਮਿਸ਼ਨਰ ਸੰਗਰੂਰ (ਵਾਧੂ ਚਾਰਜ) ਸ਼੍ਰੀ ਟੀ ਬੈਨਿਥ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੇ ਮੱਦੇਨਜ਼ਰ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਅਭਿਆਸ ਦੇ ਤੌਰ ‘ਤੇ ਕੱਲ ਸ਼ਾਮ 8:30 ਵਜੇ ਸਾਇਰਨ ਵੱਜੇਗਾ ਅਤੇ ਸ਼ਹਿਰ’ ਚ ਬਲੈਕ ਆਊਟ ਹੋਵੇਗਾ।

ਉਨ੍ਹਾਂ ਕਿਹਾ ਕਿ ਕੱਲ ਜਾਂ ਉਸ ਤੋਂ ਬਾਅਦ ਜਦੋਂ ਵੀ ਅਜਿਹਾ ਸਾਇਰਨ ਵਜੇ ਤਾਂ ਆਮ ਜਨਤਾ ਕੋਲੋਂ ਇਹ ਆਸ ਰੱਖੀ ਜਾਂਦੀ ਹੈ ਕਿ ਉਹ ਆਪਣੇ ਘਰਾਂ ਚ ਲਾਇਟਾਂ ਬੰਦ ਕਰ ਦੇਣ ਅਤੇ ਆਪਣੇ ਇਨਵਰਟਰ ਅਤੇ ਜਨਰੇਟਰ ਵੀ ਬੰਦ ਰੱਖਣ। ਇਸ ਦੌਰਾਨ ਸਟਰੀਟ ਲਾਈਟਾਂ ਵੀ ਬੰਦ ਰਹਿਣਗੀਆਂ। ਉਨ੍ਹਾਂ ਅਪੀਲ ਕੀਤੀ ਕਿ ਸ਼ਹਿਰ ਵਾਸੀ ਇਸ ਚ ਜ਼ਿਲ੍ਹਾ ਪ੍ਰਸ਼ਾਸਨ ਦਾ ਸਾਥ ਦੇਣ ਅਤੇ ਲਾਇਟਾਂ ਬੰਦ ਰੱਖਣ।

ਉਨ੍ਹਾਂ ਦੱਸਿਆ ਕਿ ਸਾਇਰਨ ਸਿਵਲ ਡਿਫੈਂਸ ਵੱਲੋਂ ਅਭਿਆਸ ਲਈ ਵਜਾਏ ਜਾ ਰਹੇ ਹਨ, ਤਾਂ ਜੋ ਇਨ੍ਹਾਂ ਦੀ ਕਾਰਜਸ਼ੀਲਤਾ ਅਤੇ ਸਾਊਂਡ ਚੈੱਕ ਕੀਤੀ ਜਾ ਸਕੇ। ਉਨ੍ਹਾਂ ਨੇ ਦੱਸਿਆ ਕਿ ਇਸ ਦੌਰਾਨ ਕਿਸੇ ਵੀ ਤਰ੍ਹਾਂ ਨਾਲ ਘਬਰਾਉਣ ਦੀ ਜ਼ਰੂਰਤ ਨਹੀਂ ਹੈ।

ਇਸ ਤੋਂ ਇਲਾਵਾ ਸੀਸੀਟੀਵੀ ਕੈਮਰਿਆਂ ਦੀ ਜੋ ਲਾਈਟ ਹਨੇਰਾ ਹੋਣ ‘ਤੇ ਆਪਣੇ ਆਪ ਚਲਦੀ ਹੈ, ਨੂੰ ਵੀ ਇਸ ਸਮੇਂ ਦੌਰਾਨ ਬੰਦ ਕੀਤਾ ਜਾਵੇ, ਤਾਂ ਜੋ ਸ਼ਹਿਰ ਦੇ ਵਿੱਚ ਪੂਰੀ ਤਰ੍ਹਾਂ ਹਨੇਰਾ ਵਿਖਾਈ ਦੇਵੇ।

ਉਨ੍ਹਾਂ ਕਿਹਾ ਕਿ ਇਸ ਸਮੇਂ ਦੌਰਾਨ ਲੋਕ ਘਰ ਤੋਂ ਬਾਹਰ ਨਿਕਲਣ ਤੋਂ ਗੁਰੇਜ਼ ਅਤੇ ਡਰਾਈਵਿੰਗ ਨਾ ਕਰਨ। ਇਸ ਦੌਰਾਨ ਲੋਕ ਆਪਣੇ ਘਰਾਂ ਵਿਚ ਹੀ ਰਹਿਣ।

# ਭਾਸ਼ਾ ਵਿਭਾਗ ਦਫ਼ਤਰ ਵੱਲੋਂ ਉਰਦੂ ਆਮੋਜ਼ ਕੋਰਸ ਸਰਟੀਫਿਕੇਟ ਵੰਡ ਸਮਾਗਮ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਵੱਲੋਂ ਕਰਵਾਏ ਜਾ ਰਹੇ ਛੇ ਮਹੀਨੇ ਦੇ ਉਰਦੂ ਆਮੋਜ਼ ਕੋਰਸ ਦੇ ਬੈਚ ਜੁਲਾਈ-ਦਸੰਬਰ 2024 ਦੇ ਵਿਦਿਆਰਥੀਆਂ ਨੂੰ ਇਹ ਕੋਰਸ ਸੰਪੰਨ ਕਰਨ ਉਪਰੰਤ ਸਰਟੀਫਿਕੇਟ ਵੰਡ ਸਮਾਗਮ ਕਰਵਾਇਆ ਗਿਆ, ਜਿਸ ਵਿਚ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਮੁੱਖ ਮਹਿਮਾਨ ਨੂੰ ਜੀ ਆਇਆਂ ਸ਼ਬਦ ਆਖਦਿਆਂ ਜ਼ਿਲ੍ਹਾ ਖੋਜ ਅਫ਼ਸਰ ਡਾ. ਜਸਵੰਤ ਰਾਏ ਨੇ ਭਾਸ਼ਾ ਵਿਭਾਗ ਵੱਲੋਂ ਕਰਵਾਏ ਜਾ ਰਹੇ ਉਰਦੂ ਆਮੋਜ਼ ਕੋਰਸ ਅਤੇ ਭਾਸ਼ਾ ਵਿਭਾਗ ਦੀਆਂ ਬਾਕੀ ਸਾਹਿਤਕ ਅਤੇ ਸਿਰਜਣਾਤਮਕ ਗਤੀਵਿਧੀਆਂ ਬਾਰੇ ਵਿਸਤਾਰ ਨਾਲ ਜਾਣਕਾਰੀ ਦਿੱਤੀ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਉਰਦੂ ਆਮੋਜ਼ ਦਾ ਇਮਤਿਹਾਨ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਭਾਰਤ ਦੀ ਪ੍ਰਾਚੀਨ ਬਹੁਤ ਖ਼ੂਬਸੂਰਤ ਜ਼ੁਬਾਨ ਹੈ। ਸਾਡੀ ਪੰਜਾਬੀ ਭਾਸ਼ਾ ਦਾ ਹਾਜ਼ਮਾ ਦਰੁਸਤ ਹੋਣ ਕਰਕੇ ਅਰਬੀ ਫ਼ਾਰਸੀ ਦੇ ਬਹੁਤ ਸਾਰੇ ਸ਼ਬਦਾਂ ਦਾ ਖ਼ਜ਼ਾਨਾ ਇਸ ਵਿਚ ਰਲ ਗਿਆ ਹੈ। ਇਸ ਨਾਲ ਪੰਜਾਬੀ ਭਾਸ਼ਾ ਦੇ ਸ਼ਬਦ ਭੰਡਾਰ ਵਿੱਚ ਸਿਰਫ਼ ਵਾਧਾ ਹੀ ਨਹੀਂ ਹੋਇਆ ਸਗੋਂ ਇਸ ਜ਼ੁਬਾਨ ਵਿਚ ਰੌਚਕਤਾ ਅਤੇ ਖ਼ੂਬਸੂਰਤੀ ਵੀ ਵਧੀ । ਭਾਸ਼ਾ ਵਿਭਾਗ ਵੱਲੋਂ ਕਰਵਾਇਆ ਜਾ ਰਿਹਾ ਉਰਦੂ ਆਮੋਜ਼ ਦਾ ਕੋਰਸ ਪੰਜਾਬੀ ਭਾਸ਼ਾ ਦੇ ਲੰਬੇ ਚੌੜੇ ਇਤਿਹਾਸ ਨੂੰ ਟਟੋਲਣ ਅਤੇ ਖੰਘਾਲਣ ਵਿੱਚ ਹੋਰ ਵਾਧਾ ਕਰੇਗਾ। ਇਸ ਕਰਕੇ ਵੱਧ ਤੋਂ ਵੱਧ ਵਿਦਿਆਰਥੀਆਂ ਅਤੇ ਪਾਠਕਾਂ ਨੂੰ ਇਸ ਕੋਰਸ ਨਾਲ ਜੁੜਨ ਦੀ ਲੋੜ ਹੈ। ਉਨ੍ਹਾਂ ਉਰਦੂ ਆਮੋਜ਼ ਦਾ ਇਮਤਿਹਾਨ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਤਕਸੀਮ ਕਰਕੇ ਵਧਾਈ ਦਿੱਤੀ। ਇਸ ਮੌਕੇ ਭਾਸ਼ਾ ਵਿਭਾਗ ਵੱਲੋਂ ਆਸ਼ਿਕਾ ਜੈਨ ਦਾ ਚਿਰਾਗ਼ ਮੈਗਜ਼ੀਨ ਨਾਲ ਸਨਮਾਨ ਕੀਤਾ ਗਿਆ। ਇਸ ਸਮੇਂ ਲਵਪ੍ਰੀਤ, ਲਾਲ ਸਿੰਘ, ਡਾ. ਬ੍ਰਿਜ ਭੂਸ਼ਨ ਉਰਦੂ ਅਧਿਆਪਕ, ਨਵਲੀਨ ਕੌਰ, ਪ੍ਰਿੰਸੀਪਲ ਚਰਨ ਸਿੰਘ, ਬਲਬੀਰ ਸਿੰਘ, ਗੁਰਬਿੰਦਰ ਸਿੰਘ, ਸੁਖਦੇਵ ਸਿੰਘ, ਵਰਿੰਦਰ ਪਾਲ ਸਿੰਘ, ਸਤਬੀਰ ਸਿੰਘ, ਸੀਮਾ, ਮਯੰਕ ਸ਼ਰਮਾ , ਪੁਸ਼ਪਾ ਰਾਣੀ ਆਦਿ ਹਾਜ਼ਰ ਸਨ।

# ਸਰਕਾਰੀ ਹਾਈ ਸਕੂਲ ਰੱਖੜਾ ਵਿਖੇ NMMS ਦੇ ਜੇਤੂ ਵਿਦਿਆਰਥੀਆਂ ਦਾ ਸਨਮਾਨ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com



ਨਾਭਾ 6 ਮਈ ਬਾਂਗਾਂ/ ਬੇਅੰਤ ਸਿੰਘ ਰੋਹਟੀ ਖਾਸ) ਸਰਕਾਰੀ ਹਾਈ ਸਕੂਲ ਰੱਖੜਾ ਵਿੱਚ ਰਾਸ਼ਟਰੀ ਮੀਨ ਮਰਿਟ ਸਕਾਲਰਸ਼ਿਪ (NMMS) ਪ੍ਰੀਖਿਆ ਵਿੱਚ ਜੇਤੂ ਵਿਦਿਆਰਥੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਅੱਠਵੀਂ ਕਲਾਸ ਦੇ ਵਿਦਿਆਰਥੀ ਅਨਾਮਿਕਾ, ਪਿਉਸ਼, ਮਮਤਾ ਦੇਵੀ ਨੇ NMMS ਦਾ ਟੈਸਟ ਕਲਿਅਰ ਕਰਨ ਵਾਲੇ ਅਤੇ PSTE ਦਾ ਟੈਸਟ ਕਲਿਅਰ ਮਾਨਸੀ, ਖੁਸੀ ਕਰਨ ਵਾਲੇ ਵਿਦਿਆਰਥੀਆ ਨੂੰ ਸਨਮਾਨ ਰਾਸ਼ੀ ਦਿੱਤੀ ਇਸ ਦੇ ਨਾਲ ਹੀ ਛੇਵੀ ਤੋਂ ਨੌਵੀ ਕਲਾਸ ਵਿੱਚੋ ਪਹਿਲਾ ਸਥਾਨ ਹਾਸਿਲ ਕਰਨ ਵਾਲੇ ਵਿਦਿਆਰਥੀਆ ਦਾ ਕੈਸ ਇਨਾਮ ਨਾਲ ਹੌਸਲਾ ਅਫਜ਼ਾਈ ਕੀਤੀ। ਇਹ ਸਨਮਾਨ ਸਮਾਰੋਹ ਰੱਖੜਾ ਪਿੰਡ ਦੀ ਮਾਣਯੋਗ ਸੁਰਿੰਦਰ ਕੌਰ ਅਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਕਰਵਾਇਆ ਗਿਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਕੈਸ ਇਨਾਮ ਭੇਟ ਕਰਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ। ਸੁਰਿੰਦਰ ਕੌਰ ਅਤੇ ਕਨਵਰ ਫਤਿਹ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਪਿੰਡ ਦੇ ਬੱਚੇ ਜਦੋਂ ਅੱਗੇ ਵਧਦੇ ਹਨ ਤਾਂ ਪੂਰੇ ਸਮਾਜ ਨੂੰ ਮਾਣ ਹੁੰਦਾ ਹੈ। ਸਕੂਲ ਦੇ ਮੁੱਖ ਅਧਿਆਪਕਾ ਸੁਖਪ੍ਰੀਤ ਕੌਰ ਨੇ ਵੀ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਮਹਨਤ ਦੀ ਸ਼ਲਾਘਾ ਕੀਤੀ ਅਤੇ ਭਵਿੱਖ ਵਿੱਚ ਹੋਰ ਅਜਿਹੀਆਂ ਸਫਲਤਾਵਾਂ ਦੀ ਕਾਮਨਾ ਕੀਤੀ। ਇਸ ਸਕੂਲ ਅਧਿਆਪਕ ਸੰਮੀ ਸਰਮਾ, ਪਰਮਵੀਰ ਸਿੰਘ, ਗੁਰਬਾਜ ਸਿੰਘ, ਨਰਿੰਦਰ ਕੌਰ, ਮੀਨੂੰ, ਮਨੀਸ਼ਾ ਸਰਮਾ ਹੋਰ ਸਮਾਜਿਕ ਸ਼ਖਸੀਆਂ ਵੀ ਹਾਜ਼ਰ ਰਹੇ।

# ਕੱਲ ਸ਼ਾਮ ਵੱਜਣਗੇ ਸਾਇਰਨ ਅਤੇ ਰਾਤ 8 ਵਜੇ ਹੋਵੇਗਾ ਬਲੈਕ ਆਊਟ

## ਡਰਨ ਦੀ ਲੋੜ ਨਹੀਂ ਇਹ ਇਕ ਰਹਿਸਲ ਹੈ - ਡੀ ਸੀ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

ਮੋਰਿੰਡਾ 6 ਮਈ (ਪਤਰ ਪ੍ਰੇਰਕ) ਡਿਪਟੀ ਕਮਿਸ਼ਨਰ ਰੂਪਨਗਰ ਵਰਜੀਤ ਸਿੰਘ ਵਾਲੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਆਈਆਂ ਹਦਾਇਤਾਂ ਦੇ ਮੱਦੇਨਜ਼ਰ 7 ਮਈ ਨੂੰ ਕਿਸੇ ਵੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਅਭਿਆਸ ਕੀਤਾ ਜਾ ਰਿਹਾ ਹੈ, ਜਿਸ ਤਹਿਤ ਕੱਲ ਸ਼ਾਮ ਸਾਇਰਨ ਵੱਜੇਗਾ, ਜੋ ਹਵਾਈ ਹਮਲੇ ਦੀ ਸੂਚਨਾ ਦਾ ਪ੍ਰਤੀਕ ਹੋਵੇਗਾ। ਉਹਨਾਂ ਕਿਹਾ ਕਿ ਕੱਲ ਜਾਂ ਉਸ ਤੋਂ ਬਾਅਦ ਜਦੋਂ ਵੀ ਅਜਿਹਾ ਸਾਇਰਨ ਵੱਜੇ ਤਾਂ ਆਮ ਜਨਤਾ ਕੋਲੋਂ ਇਹ ਆਸ ਰੱਖੀ ਜਾਂਦੀ ਹੈ ਕਿ ਉਹ ਇਹ ਆਵਾਜ਼ ਸੁਣਦੇ ਸਾਰ ਉੱਚੀਆਂ ਇਮਾਰਤਾਂ ਵਿੱਚੋਂ ਨਿਕਲ ਕੇ ਕਿਸੇ ਜ਼ਮੀਨ ਜਾਂ ਜ਼ਮੀਨ ਦੋਜ ਬੰਕਰ ਉੱਤੇ ਪਹੁੰਚ ਜਾਣ, ਜੇਕਰ ਉਹਨਾਂ ਕੋਲ ਉੱਥੇ ਕੋਈ ਛੱਤ ਨਹੀਂ ਹੈ ਤਾਂ ਉਹ ਦਰੱਖਤ ਦੇ ਹੇਠਾਂ ਜਾਂ ਖੁੱਲੇ ਦੇ ਵਿੱਚ ਲੰਮੇ ਪੈ ਜਾਣ। ਜੋ ਲੋਕ ਇਮਾਰਤਾਂ ਦੇ ਵਿੱਚ ਰਹਿ ਰਹੇ ਹੋਣਗੇ ਉਹ ਖਿੜਕੀਆਂ ਅਤੇ ਖਾਸ ਕਰਕੇ ਸ਼ੀਸ਼ੇ ਤੋਂ ਦੂਰ ਹੋ ਜਾਣ। ਇਸੇ ਦੌਰਾਨ ਉਹ ਆਪਣੀ ਗੈਸ ਅਤੇ ਬਿਜਲੀ ਦੇ ਕਨੈਕਸ਼ਨ ਬੰਦ ਕਰਨ ਅਤੇ ਆਪਣੀ ਲੋੜ ਅਨੁਸਾਰ ਪੀਣ ਵਾਲਾ ਪਾਣੀ ਤੇ ਭੋਜਨ ਸਟੋਰ ਰੱਖਣ। ਉਨਾਂ ਕਿਹਾ ਕਿ ਇਸ ਸਮੇਂ ਦੌਰਾਨ ਸੜਕ ਉੱਤੇ ਚੱਲਦੇ ਰਾਹਗੀਰ ਜਾਂ ਗੱਡੀਆਂ ਐਮਰਜੈਂਸੀ ਵਹੀਕਲ ਜਿੰਨਾ ਵਿੱਚ ਅੱਗ ਬੁਝਾਊ ਗੱਡੀਆਂ ਜਾਂ ਐਂਬੂਲੈਂਸ ਹੋ ਸਕਦੀਆਂ ਹਨ ਨੂੰ ਤੁਰੰਤ ਰਸਤਾ ਦੇਣ। ਉਨ੍ਹਾਂ ਨੇ ਦੱਸਿਆ ਕਿ ਇਹ ਸਿਵਲ ਡਿਫੈਂਸ ਵੱਲੋਂ ਅਭਿਆਸ ਲਈ ਵਜਾਏ ਜਾ ਰਹੇ ਹਨ, ਤਾਂ ਜੋ ਇਨ੍ਹਾਂ ਦੀ ਫੰਕਸ਼ਨਲਟੀ ਅਤੇ ਸਾਊਂਡ ਚੈੱਕ ਕੀਤੀ ਜਾ ਸਕੇ। ਉਨ੍ਹਾਂ ਨੇ ਦੱਸਿਆ ਕਿ ਇਸ ਦੌਰਾਨ ਕਿਸੇ ਵੀ ਤਰ੍ਹਾਂ ਨਾਲ ਘਬਰਾਉਣ ਦੀ ਜਰੂਰਤ ਨਹੀਂ ਹੈ।ਉਹਨਾਂ ਦੱਸਿਆ ਕਿ ਕੱਲ ਰਾਤ 8 ਵਜੇ ਸਾਈਰਨ ਵਜਾ ਕੇ ਇਸੇ ਤਰ੍ਹਾਂ ਬਲੈਕ ਆਊਟ ਦਾ ਅਭਿਆਸ ਕੀਤਾ ਜਾਵੇਗਾ। ਬਲੈਕ ਆਊਟ ਦੌਰਾਨ ਸਾਰੇ ਸ਼ਹਿਰ ਦੀ ਲਾਈਟ 10 ਮਿੰਟ ਲਈ ਬੰਦ ਕਰ ਦਿੱਤੀ ਜਾਵੇਗੀ ਅਤੇ ਸ਼ਹਿਰ ਦੀ ਜਨਤਾ ਨੂੰ ਵੀ ਇਹ ਅਪੀਲ ਹੈ ਕਿ ਉਹ ਇਸ ਦੌਰਾਨ ਆਪਣੇ ਘਰਾਂ ਵਿੱਚ ਇਨਵਰਟਰ ਜਾਂ ਜਨਰੇਟਰ ਬੰਦ ਰੱਖਣ। ਇਸ ਤੋਂ ਇਲਾਵਾ ਸੀਸੀਟੀਵੀ ਕੈਮਰਿਆਂ ਦੀ ਜੋ ਲਾਈਟ ਹਨੇਰਾ ਹੋਣ ਤੇ ਆਪਣੇ ਆਪ ਚਲਦੀ ਹੈ, ਨੂੰ ਵੀ ਇਸ ਸਮੇਂ ਦੌਰਾਨ ਬੰਦ ਕੀਤਾ ਜਾਵੇ, ਤਾਂ ਜੋ ਸ਼ਹਿਰ ਦੇ ਵਿੱਚ ਪੂਰੀ ਤਰ੍ਹਾਂ ਹਨੇਰਾ ਵਿਖਾਈ ਦੇਵੇ। ਇਸ ਸਮੇਂ ਦੌਰਾਨ ਜੇਕਰ ਕੋਈ ਸੜਕ ਉੱਤੇ ਗੱਡੀ ਜਾ ਰਹੀ ਹੈ ਤਾਂ ਉਹ ਉਸਦੀਆਂ ਲਾਈਟਾਂ ਬੰਦ ਕਰਕੇ ਉਸ ਨੂੰ ਸੜਕ ਤੋਂ ਹੇਠਾਂ ਲਾਹ ਕੇ ਕੱਚੇ ਸਥਾਨ ਉੱਤੇ ਰੋਕ ਲਵੇ। ਉਨ੍ਹਾਂ ਨੇ ਕਿਹਾ ਕਿ ਕੈਮਰਾ ਫਲੈਸ਼ ਜਾਂ ਮੋਬਾਇਲ ਟੋਰਚ ਦੀ ਵਰਤੋਂ ਵੀ ਨਾ ਕੀਤੀ ਜਾਵੇ ਅਤੇ ਇਹ ਇੱਕ ਰੈਗੂਲਰ ਅਭਿਆਸ ਹੈ, ਇਸ ਨਾਲ ਘਬਰਾਉਣ ਦੀ ਬਿਲਕੁੱਲ ਜਰੂਰਤ ਨਹੀ ਹੈ ਅਤੇ ਇਸ ਦੌਰਾਨ ਕਿਸੇ ਵੀ ਤਰਾਂ ਦੀਆਂ ਅਫਵਾਹਾਂ ਤੇ ਬਿਲਕੁੱਲ ਭਰੋਸਾ ਨਾ ਕੀਤਾ ਜਾਵੇ। ਉਨ੍ਹਾਂ ਨੇ ਦੱਸਿਆ 8 ਵਜੇ ਪਹਿਲਾ ਸਾਈਰਨ ਵੱਜਣ ਨਾਲ ਬਲੈਕ ਆਊਟ ਹੋ ਜਾਵੇਗਾ ਜਿਸ ਦੀ ਸਮਾਂ ਸੀਮਾਂ ਕੁੱਲ 10 ਮਿੰਟ ਤਹਿ ਕੀਤੀ ਗਈ ਹੈ, ਦੂਜਾ ਸਾਈਰਨ 8 ਵੱਜ ਕੇ 10 ਮਿੰਟ ਤੇ ਵਜਾਇਆ ਜਾਵੇਗਾ ਅਤੇ ਬਲੈਕ ਆਊਟ ਖਤਮ ਹੋ ਜਾਵੇਗਾ। ਉਸ ਤੇ ਬਾਅਦ ਲੋਕ ਆਮ ਵਰਗੇ ਜੀਵਨ ਦੀ ਸ਼ੁਰੂਆਤ ਕਰ ਲੈਣਗੇ।

# ਪੰਜਾਬ ਰੀਆਰਗਨਾਈਜੇਸਨ ਐਕਟ ਦੀ ਧਾਰਾ 78,79, 80 ਨੂੰ ਵੀ ਰੱਦ ਕਰਨ ਦੀ ਲੋੜ - ਚੰਦੂਮਾਜਰਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com



ਮੋਰਿੰਡਾ 6 ਮਈ (ਪਤਰ ਪ੍ਰੇਰਕ) ਪੰਜਾਬ ਵਿਧਾਨ ਸਭਾ ਵਿਚ ਪੰਜਾਬ ਦੇ ਪਾਣੀਆਂ ਦੀ ਰਾਖੀ ਲਈ ਡੈਮ ਸੇਫਟੀ ਐਕਟ ਰੱਦ ਕਰਨ ਸਬੰਧੀ ਪਾਸ ਕੀਤੇ ਮਤਿਆਂ ਦਾ ਸਵਾਗਤ ਕਰਦਿਆਂ ਸਾਬਕਾ ਲੋਕ ਸਭਾ ਮੈਂਬਰ ਪ੍ਰੋ ਪ੍ਰੇਮ ਸਿੰਘ ਚੰਦੂਮਾਜਰਾ ਨੇ ਆਖਿਆ ਕਿ ਪੰਜਾਬ ਰੀਆਰਗੇਨਾਈਜੇਸਨ ਐਕਟ ਦੀਆਂ ਧਾਰਾਵਾਂ 78,79,80 ਨੂੰ ਰੱਦ ਕਰਨ ਦੀ ਲੋੜ ਹੈ ਤਾਂ ਜ਼ੋ ਪੰਜਾਬ ਨੂੰ ਕਾਨੂੰਨੀ ਤੌਰ ਤੇ ਇਸ ਦਾ ਬਣਦਾ ਹੱਕ ਮਿਲ ਸਕੇ।

ਉਹਨਾ ਪੰਜਾਬ ਤੇ ਹਰਿਆਣਾ ਵਿਚਕਾਰ ਚੱਲ ਰਹੇ ਮੌਜੂਦਾ ਪਾਣੀ ਵਿਵਾਦ ਲਈ ਕੇਂਦਰ ਸਰਕਾਰ ਦੀਆਂ ਬਦਨੀਤੀਆਂ ਨੂੰ ਜਿੰਮੇਵਾਰ ਠਹਿਰਾਇਆ ਜਿਨਾਂ ਨੇ ਹਮੇਸ਼ਾ ਰਾਜਨੀਤਿਕ ਤੌਰ ਤੇ ਪੰਜਾਬ ਨਾਲ ਵਿਤਕਰਾ ਕਰਕੇ ਫੈਸਲੇ ਕਰਦਿਆਂ ਬੀਤੇ ਸਮੇਂ ਵਿੱਚ ਅਜਿਹੇ ਕੰਡੇ ਬੀਜੇ ਗਏ ਜਿਹੜੇ ਅੱਜ ਤੱਕ ਨਹੀਂ ਚੁਗੇ ਗਏ ਉਹਨਾਂ ਕਿਹਾ ਕਿ ਜਦੋਂ ਸਰਕਾਰਾਂ ਦੇ ਫੈਸਲੇ ਗੈਰ ਸਿਧਾਂਤਕ ਤੇ ਗੈਰ ਕਾਨੂੰਨੀ ਹੋਣਗੇ ਤਾਂ ਹਮੇਸ਼ਾ ਵਿਵਾਦ ਪੈਦਾ ਹੋਣਗੇ।

ਉਹਨਾਂ ਕਿਹਾ ਕਿ ਜੇਕਰ ਬੀ ਬੀ ਐਮ ਬੀ ਪਰਬੰਧਨ ਵਿੱਚ ਪੰਜਾਬ ਦੀ ਸਥਾਈ ਮੈਂਬਰਸ਼ਿਪ ਕੀਤੀ ਹੁੰਦੀ ਤਾਂ ਅਜਿਹਾ ਵਿਵਾਦ ਸ਼ਾਇਦ ਨਾ ਖੜਾ ਹੁੰਦਾ । ਉਹਨਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਤਕੜੇ ਹੋ ਕੇ ਪੰਜਾਬ ਦੇ ਪਾਣੀਆਂ ਦੀ ਪਹਿਰੇਦਾਰੀ ਕਰਨੀ ਚਾਹੀਦੀ ਹੈ। ਪ੍ਰੋਫੈਸਰ ਚੰਦ ਮਜਰਾ ਨੇ ਕਿਹਾ ਕਿ ਪੰਜਾਬੀਆਂ ਦੀ ਇਸ ਮੁਲਕ ਲਈ ਜੋ ਕੰਟਰੀਬਿਊਸ਼ਨ ਹੈ ਉਸ ਨੂੰ ਧਿਆਨ ਵਿੱਚ ਰੱਖਦੇ ਹੋਏ ਕੇਂਦਰ ਸਰਕਾਰ ਨੂੰ ਪੰਜਾਬ ਨਾਲ ਇਨਸਾਫ ਕਰਨਾ ਚਾਹੀਦਾ ਉਹਨਾਂ ਦੱਸਿਆ ਕਿ ਮੌਜੂਦਾ ਸਮੇਂ ਦੌਰਾਨ ਜਦੋਂ ਪੰਜਾਬ ਦੇ ਦਰਿਆਵਾਂ ਵਿੱਚ ਪਾਣੀ 17 ਐਮ ਏ ਐਫ ਤੋਂ ਘੱਟ ਕੇ 12.80 ਐਮ ਏ ਐਫ ਰਹਿ ਗਿਆ ਹੈ ਅਤੇ ਦਰਿਆਵਾਂ ਵਿੱਚ ਚਾਰ ਐਮ ਏ ਐਫ ਪਾਣੀ ਘਟ ਗਿਆ ਹੈ ਤਾਂ ਕੇਂਦਰ ਸਰਕਾਰ ਵੱਲੋਂ ਪਾਣੀਆਂ ਦੀ ਪੁਰਾਣੀ ਵੰਡ ਕਿਸੇ ਵੀ ਤਰ੍ਹਾਂ ਦੀ ਜਾਇਜ਼ ਨਹੀਂ ਹੈ ਉਹਨਾਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਆਪਣੀ ਬਹੁ ਗਿਣਤੀ ਕਾਰਨ ਜਾਂ ਆਜ਼ਾਦੀ ਤੋਂ ਬਾਅਦ ਪੰਜਾਬ ਪ੍ਰਤੀ ਚੱਲ ਰਹੀ ਲਗਾਤਾਰ ਬਦਨੀਤੀ ਤੇ ਵਿਤਕਰਿਆਂ ਨੂੰ ਤਿਆਗ ਕੇ ਇਨਸਾਫ ਦੇ ਰਾਹ ਤੇ ਚੱਲਦਿਆਂ ਸਹੀ ਫੈਸਲਾ ਲਾਗੂ ਕਰੇ ਤਾਂ ਜੋ ਪੰਜਾਬ ਤੇ ਹਰਿਆਣਾ ਦੋਨੋਂ ਸੂਬਿਆਂ ਵਿਚਕਾਰ ਮੁੜ ਅਜਿਹਾ ਕੋਈ ਵਿਵਾਦ ਪੈਦਾ ਨਾ ਹੋਵੇ । ਉਹਨਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਪਾਣੀਆਂ ਦਾ ਝਗੜਾ ਮਿਟਾਉਣ ਲਈ ਬਾਰਿਸ਼ਾਂ ਦਾ ਲਗਭਗ 67% ਤੋਂ ਵੱਧ ਪਾਣੀ ਜਿਹੜਾ ਬਿਨਾਂ ਵਰਤਿਆ ਵਰਤੋਂ ਕੀਤਿਆਂ ਅਜ ਚਲੇ ਜਾਂਦਾ ਹੈ ਅਤੇ ਹੜਾਂ ਨਾਲ ਨੁਕਸਾਨ ਕਰਦਾ ਹੈ ਜੇਕਰ ਉਸ ਨੂੰ ਵੱਡੀਆਂ ਝੀਲਾਂ ਬਣਾ ਕੇ ਸੰਭਾਲਣ ਅਤੇ ਵਰਤੋਂ ਵਿੱਚ ਲਿਆਉਣ ਦੀਆਂ ਯੋਜਨਾਵਾਂ ਬਣਾ ਕੇ ਜਮੀਨੀ ਪੱਧਰ ਤੇ ਲਾਗੂ ਕੀਤੀਆਂ ਜਾਣ ਤਾਂ ਪਾਣੀਆਂ ਦਾ ਮਸਲਾ ਸਦਾ ਲਈ ਹੱਲ ਕੀਤਾ ਜਾ ਸਕਦਾ । ਉਹਨਾਂ ਕਿਹਾ ਕਿ ਜੇਕਰ ਕੇਂਦਰ ਸਰਕਾਰ ਵੱਲੋਂ ਆਂਧਰਾ ਪ੍ਰਦੇਸ਼ ਸਰਕਾਰ ਨੂੰ 18 ਹਜਾਰ ਕਰੋੜ ਰੁਪਏ, ਬਿਹਾਰ ਸਰਕਾਰ ਨੂੰ 12 ਹਜਾਰ ਕਰੋੜ ਰੁਪਏ ਦਿੱਤਾ ਜਾ ਸਕਦਾ ਹੈ ਤਾਂ ਪੰਜਾਬ ਅਤੇ ਹਰਿਆਣਾ ਨੂੰ ਬਾਰਿਸ਼ਾਂ ਦੇ ਪਾਣੀ ਦੀ ਸਾਂਭ ਸੰਭਾਲ ਲਈ 10 ਹਜਾਰ ਕਰੋੜ ਰੁਪਏ ਦੇਕੇ ਪਾਣੀ ਦੀ ਸਮੱਸਿਆ ਦਾ ਸਥਾਈ ਤੌਰ ਤੇ ਹੱਲ ਕਰਨਾ ਚਾਹੀਦਾ। ਉਹਨਾਂ ਕਿਹਾ ਕਿ ਦਰਿਆਵਾਂ ਦੇ ਪਾਣੀਆਂ ਦੀ ਕਾਣੀ ਵੰਡ ਵਿਰੁੱਧ ਪੰਜਾਬ ਦੇ ਪਾਣੀਆਂ ਦੀ ਰਾਖੀ ਲਈ ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਸੰਘਰਸ਼ ਕੀਤਾ ਹੈ ਉਹਨਾਂ ਦੱਸਿਆ ਕਿ ਐਸ ਵਾਈ ਐਲ ਨਹਿਰ ਦੇ ਨਿਰਮਾਣ ਸਮੇਂ ਕਪੂਰੀ ਮੋਰਚੇ ਵਿੱਚ ਸਿਰਫ ਸੀ ਪੀ ਆਈ ਵੱਲੋਂ ਹੀ ਅਕਾਲੀ ਦਲ ਦੇ ਸੰਘਰਸ਼ ਦਾ ਸਮਰਥਨ ਕੀਤਾ ਗਿਆ ਸੀ । ਜੇਕਰ ਉਸ ਸਮੇਂ ਪੰਜਾਬ ਦੀਆਂ ਸਾਰੀਆਂ ਵਿਰੋਧੀ ਪਾਰਟੀਆਂ ਇੱਕ ਜੁੱਟ ਹੋ ਕੇ ਕਪੂਰੀ ਮੋਰਚੇ ਵਿੱਚ ਅਕਾਲੀ ਦਲ ਦਾ ਸਾਥ ਦਿੰਦੀਆਂ ਤਾਂ ਦੇਸ਼ ਦੀ ਤਤਕਾਲੀ ਪ੍ਰਧਾਨ ਮੰਤਰੀ ਸ੍ਰੀ ਮਤੀ ਇੰਦਰਾ ਗਾਂਧੀ ਨੂੰ ਇਸ ਨਹਿਰ ਦਾ ਉਦਘਾਟਨ ਕਰਨ ਦਾ ਹੌਸਲਾ ਨਾ ਪੈਂਦਾ ਇਸ ਸਮੇਂ ਹੋਰਨਾਂ ਤੋਂ ਇਲਾਵਾ ਸੀਨੀਅਰ ਅਕਾਲੀ ਆਗੂ ਸਾਹਿਬ ਸਿੰਘ ਬਡਾਲੀ,ਠੇਕੇਦਾਰ ਮੰਗਤ ਸਿੰਘ, ਪਰਮਿੰਦਰ ਸਿੰਘ ਬਿੱਟੂ ਕੰਗ, ਅਮਰਿੰਦਰ ਸਿੰਘ ਹੈਲੀ ,ਸ਼ੇਰ ਸਿੰਘ ਡੂਮਛੇੜੀ ਅੰਮ੍ਰਿਤਪਾਲ ਸਿੰਘ ਖਟੜਾ ,ਮੇਜਰ ਸਿੰਘ ਸੰਗਤਪੁਰਾ ਆਦਿ ਆਗੂ ਹਾਜ਼ਰ ਸਨ।

# ਵੋਕੇਸ਼ਨਲ ਟ੍ਰੇਨਿੰਗ ਸੈਂਟਰ ਦਾ ਯੂ.ਕੇ ਦੇ ਪਰਿਵਾਰ ਨੇ ਕੀਤਾ ਦੌਰਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com



ਫਗਵਾੜਾ (ਸ਼ਿਵ ਕੌੜਾ) ਸਰਬ ਨੌਜਵਾਨ ਸਭਾ ਰਜਿ. ਫਗਵਾੜਾ ਤੇ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ ਰਜਿ. ਫਗਵਾੜਾ ਵੱਲੋਂ ਸੋਸਵਾ ਪੰਜਾਬ ਦੇ ਸਹਿਯੋਗ ਨਾਲ ਚਲਾਏ ਜਾ ਰਹੇ ਵੋਕੇਸ਼ਨਲ ਟ੍ਰੇਨਿੰਗ ਸੈਂਟਰ ਹੁਸ਼ਿਆਰਪੁਰ ਰੋਡ ਦਾ ਸ੍ਰੀ ਗੁਰਨਾਮ ਟੂਰਾ ਤੇ ਸ਼੍ਰੀਮਤੀ ਕਸ਼ਮੀਰ ਕੌਰ ਟੂਰਾ ਯੂ. ਕੇ. ਨੇ ਆਪਣੀ ਸਪੁੱਤਰੀ ਸੋਨੀਆ ਨਾਲ ਸੈਂਟਰ ਦਾ ਦੌਰਾ ਕੀਤਾ। ਇਸ ਮੌਕੇ ਜਨਰਲ ਸਕੱਤਰ ਡਾ. ਵਿਜੈ ਕੁਮਾਰ ਤੇ ਸਮਾਜ ਸੇਵਕ ਮਦਨ ਲਾਲ ਕੋਰੋਟਾਨੀਆ ਨੇ ਸੈਂਟਰ ਵਿੱਚ ਚੱਲ ਰਹੇ ਕੋਰਸਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਤੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਕਰਵਾਏ ਜਾਣ ਵਾਲੇ 35 ਵੇਂ ਸਾਲਾਨਾ ਲੋੜਵੰਦ ਧੀਆਂ ਦੇ ਵਿਆਹ ਜੋ ਕਿ 11 ਅਕਤੂਬਰ 2025, ਦਿਨ ਸ਼ਨੀਵਾਰ ਨੂੰ ਗੁਰਦੁਆਰਾ ਸਿੰਘ ਸਭਾ ਮਾਡਲ ਟਾਊਨ ਫਗਵਾੜਾ ਵਿਖੇ ਕਰਵਾਏ ਜਾਣੇ ਹਨ ਦਾ ਸੱਦਾ ਪੱਤਰ ਵੀ ਦਿੱਤਾ ਗਿਆ। ਇਸ ਮੌਕੇ ਟੂਰਾ ਪਰਿਵਾਰ ਵੱਲੋਂ ਸਭਾ ਨੂੰ ਇਸ ਕਾਰਜ ਲਈ ਹਰ ਸੰਭਵ ਮਦਦ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਪ੍ਰਧਾਨ ਸੁਖਵਿੰਦਰ ਸਿੰਘ, ਨਰਿੰਦਰ ਸੈਣੀ ,ਮਨਦੀਪ ਬਾਸੀ, ਮੈਡਮ ਤਨੂੰ , ਮੈਡਮ ਆਸ਼ੂ ਬੱਗਾ, ਮੈਡਮ ਸਪਨਾ ਸ਼ਾਰਦਾ ਹਾਜ਼ਰ ਸਨ।

# ਭਗਵੰਤ ਮਾਨ ਦੀਆ ਧਮਕੀਆਂ ਦਾ ਜਥੇਬੰਦਕ ਤਾਕਤ ਨਾਲ ਟਾਕਰਾ ਕਰਾਂਗੇ: ਦੇਹੜਕਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ

ਲੁਧਿਆਣਾ, 6 ਮਈ, 2025: ਮੁੱਖ ਮੰਤਰੀ ਪੰਜਾਬ ਵਲੋ ਸੜਕਾਂ ਜਾਂ ਰੇਲਾਂ ਰੋਕਣ ਵਾਲਿਆ ਨੂੰ ਸਖਤ ਕਾਰਵਾਈ ਦੀ ਚਿਤਾਵਨੀ ਆਮ ਆਦਮੀ ਪਾਰਟੀ ਦੀ ਦਿੱਲੀ ਹਾਰ ਅਤੇ ਲੁਧਿਆਣਾ ਹਿਮਨੀ ਚੋਣ ਦੀ ਸੰਭਾਵਿਤ ਹਾਰ ਚੋ ਨਿਕਲੀ ਬੁਖਲਾਹਟ ਦਾ ਨਤੀਜਾ ਹੈ। ਸੰਘਰਸ਼ਸੀਲ ਲੋਕਾਂ ਨੂੰ ਇਨਾਂ ਗਿੱਦੜਭਬਕੀਆਂ ਦੀ ਕੋਈ ਪਰਵਾਹ ਨਹੀ ਹੈ। ਜਦੋ ਰੋਸ ਪ੍ਰਗਟ ਕਰਨ ਦੇ ਜਮਹੂਰੀ ਹੱਕ ਨੂੰ ਪੈਰਾਂ ਹੇਠ ਲਤਾੜਿਆ ਜਾਂਦਾ ਹੈ, ਜਦੋ ਮੰਗਾਂ ਮਸਲੇ ਜਾਣ ਬੁੱਝ ਕੇ ਲਟਕਾਏ ਜਾਂਦੇ ਹਨ ਤੇ ਮੰਨਣ ਦੀ ਥਾਂ ਮੀਟਿੰਗਾਂ 'ਚੋ ਉੱਠਕੇ ਹਾਕਮ ਭੱਜ ਜਾਂਦੇ ਹਨ ਤਾਂ ਸੱਤਾ ਦੇ ਨਸ਼ੇ ਚ ਮਦਹੋਸ਼ ਹਾਕਮਾਂ ਦਾ ਗਰੂਰ ਚਕਨਾਚੂਰ ਕਰਨ ਲਈ ਮਜਬੂਰੀ ਵੱਸ ਲੋਕਾਂ ਨੂੰ ਇਹ ਰਾਹ ਅਖਤਿਆਰ ਕਰਨਾ ਪੈਂਦਾ ਹੈ। ਸੜਕਾਂ ਜਾਮ ਕਰਨ ਸ਼ੌਂਕ ਨਹੀ ਸਗੋ ਇੰਝ ਕਰਨ ਲਈ ਸਰਕਾਰਾਂ ਹੀ ਲੋਕਾਂ ਨੂੰ ਮਜ਼ਬੂਰ ਕਰਦੀਆ ਹਨ। ਉਨਾਂ ਕਿਹਾ ਕਿ ਮੀਰ ਮੰਨੂ ਦਾ ਰਾਹ ਭਗਵੰਤ ਮਾਨ ਸਰਕਾਰ ਨੂੰ ਬਹੁਤ ਮਹਿੰਗਾ ਪਵੇਗਾ।



ਇਹ ਵਿਚਾਰ ਅੱਜ ਇੱਥੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜਿਲਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ ਨੇ ਕਿਸਾਨਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆ ਪ੍ਰਗਟ ਕੀਤੇ। ਪਿੰਡ ਭੱਠਾ ਧੂਹਾ ਦੇ ਗੁਰੂਦੁਆਰਾ ਸਾਹਿਬ 'ਚ ਬਲਾਕ ਹੰਬੜਾਂ ਦੀਆ ਇਕਾਈਆ ਦੇ ਸਾਰੇ ਆਗੂਆ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਉਨਾਂ ਅੱਜ ਪੰਜਾਬ 'ਚ ਵੱਖ-ਵੱਖ ਥਾਵਾਂ ਤੇ ਪੰਜਾਬ ਸਰਕਾਰ ਵਲੋ ਪੁਲਸ ਤਾਕਤ ਦੇ ਜੋਰ ਸ਼ੰਭੂ ਥਾਣੇ ਦਾ ਘਿਰਾਓ ਕਰਨ ਜਾ ਰਹੇ ਕਿਸਾਨਾਂ ਨੂੰ ਰੋਕਣ ਤੇ ਵੱਡੀ ਪੱਧਰ ਤੇ ਗ੍ਰਿਫਤਾਰ ਕਰਨ ਦੀ ਸਖਤ ਨਿੰਦਾ ਕਰਨ ਦਾ ਮਤਾ ਪਾਸ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਪੁਲਸ ਰਾਜ ਚ ਬਦਲ ਕੇ ਭਗਵੰਤ ਮਾਨ ਸਰਕਾਰ ਮੋਦੀ ਦੇ ਕਦਮਾਂ ਚ ਪੈਰ ਧਰ ਰਹੀ ਹੈ। ਪੰਜਾਬ ਸਰਕਾਰ ਵਲੋ ਪਾਣੀ ਹਰਿਆਣਾ ਨੂੰ ਦੇਣ ਦੇ ਮੁੱਦੇ ਤੇ ਉਨਾਂ ਕਿਹਾ ਕਿ ਮੋਦੀ ਤੇ ਮਾਨ ਲੋਕਾਂ ਨੂੰ ਬੁੱਧੂ ਬਨਾਉਣ ਲਈ ਫਰੈਂਡਲੀ ਮੈਚ ਖੇਲ ਰਹੇ ਹਨ। ਉਨਾਂ ਕਿਹਾ ਕਿ ਸ਼ੰਭੂ, ਖਨੋਰੀ, ਭੂੰਦੜੀ , ਅਖਾੜਾ, ਬੱਗਾ ਕਲਾਂ, ਭੋਗਪੁਰ, ਗੁਰਦਾਸ ਪੁਰ , ਚੋਕੇ, ਜਿਓਂਦ ਆਦਿ ਥਾਵਾਂ ਤੇ ਪੰਜਾਬ ਸਰਕਾਰ ਵਲੋ ਢਾਹੇ ਜਬਰ ਖਿਲਾਫ 13 ਮਈ ਨੂੰ ਜਗਰਾਂਓ ਵਿਖੇ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਬਲਾਕ ਮੀਟਿੰਗ ਚ ਸਾਰੇ ਪਿੰਡਾਂ ਚ ਜਗਰਾਂਓ ਪ੍ਰਦਰਸ਼ਨ ਨੂੰ ਸਫਲ ਬਨਾਉਣ ਲਈ ਮੀਟਿੰਗਾਂ ਦੀ ਮੁਹਿੰਮ ਵਿੱਢਣ ਦਾ ਫੈਸਲਾ ਕੀਤਾ ਗਿਆ।

ਮੀਟਿੰਗ 'ਚ ਪਹਿਲਗਾਮ ਦੀ ਮੰਦ ਭਾਗੀ ਘਟਨਾ ਦੀ ਤਿੱਖੀ ਨਿੰਦਾ ਕਰਦਿਆ ਇਸ ਘਟਨਾ ਦੀ ਆੜ 'ਚ ਪਾਕਿਸਤਾਨ ਖਿਲਾਫ ਰਚੇ ਜਾ ਰਹੇ ਜੰਗੀ ਉਨਮਾਦ ਦਾ ਡੱਟ ਕੇ ਵਿਰੋਧ ਕਰਦਿਆ ਉਸ ਘਟਨਾ ਦੀ ਨਿਆਇਕ ਜਾਂਚ ਕਰਾਉਣ ਦੀ ਮੰਗ ਕੀਤੀ ਗਈ।

ਇਸ ਮੌਕੇ ਬਲਾਕ ਪ੍ਰਧਾਨ ਬੇਅੰਤ ਸਿੰਘ ਬਾਣੀਏਵਾਲ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਚ ਜਿਲਾ ਮੀਤ ਪ੍ਰਧਾਨ ਹਾਕਮ ਸਿੰਘ ਭੱਟੀਆ, ਸੁਖਵਿੰਦਰ ਸਿੰਘ ਹੰਬੜਾਂ, ਹਰਬੰਸ ਸਿੰਘ ਬੀਰਮੀ, ਕੁਲਵੰਤ ਸਿੰਘ ਬੁਰਜ ਮਾਨ ਕੋਰ, ਲੇਖ ਰਾਜ ਭੱਠਾ ਧੂਹਾ ਸਮੇਤ ਡੇਢ ਦਰਜਨ ਦੇ ਕਰੀਬ ਇਕਈਆ ਦੇ ਆਗੂ ਹਾਜਰ ਸਨ।

# ਵੱਖ ਵੱਖ ਸਿਆਸੀ, ਸਮਾਜਿਕ ਅਤੇ ਧਾਰਮਿਕ ਆਗੂਆਂ ਵਲੋਂ ਗੁਰਮੀਤ ਸਿੰਘ ਰੀਹਲ ਨੂੰ ਸਰਧਾਂਜਲੀਆਂ ਭੇਂਟ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

ਮੋਰਿੰਡਾ 6 ਮਈ ( ਪਤਰ ਪ੍ਰੇਰਕ) ਸ਼੍ਰੋਮਣੀ ਅਕਾਲੀ ਦਲ ਦੇ ਸੂਬਾ ਜਨਰਲ ਸਕੱਤਰ ਕੁਲਵੀਰ ਸਿੰਘ ਸੋਨੂੰ ਦੇ ਪਿਤਾ ਗੁਰਮੀਤ ਸਿੰਘ ਦੀ ਅੰਤਿਮ ਅਰਦਾਸ ਮੌਕੇ ਵੱਖ ਵੱਖ ਸਿਆਸੀ, ਸਮਾਜਿਕ ਅਤੇ ਧਾਰਮਿਕ ਆਗੂਆਂ ਵਲੋਂ ਉਹਨਾਂ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ। ਗੁਰਦੁਆਰਾ ਸ਼ਹੀਦ ਗੰਜ ਸਾਹਿਬ ਮੋਰਿੰਡਾ ਵਿਖੇ ਕਰਵਾਏ ਸ਼ਰਧਾਂਜਲੀ ਸਮਾਗਮ ਨੂੰ ਸੰਬੋਧਨ ਕਰਦਿਆਂ ਸਾਬਕਾ ਲੋਕ ਸਭਾ ਮੈਂਬਰ ਪ੍ਰੋ ਪ੍ਰੇਮ ਸਿੰਘ ਚੰਦੂਮਾਜਰਾ, ਗੁਰਪ੍ਰੀਤ ਸਿੰਘ ਜੀ ਪੀ ਸਾਬਕਾ ਵਿਧਾਇਕ,ਜਗਮੀਤ ਸਿੰਘ ਬਰਾੜ ਸਾਬਕਾ ਵਿਧਾਇਕ, ਰਿਪਜੀਤ ਸਿੰਘ ਸਾਬਕਾ ਵਿਧਾਇਕ, ਹਰਮੋਹਨ ਸਿੰਘ ਸੰਧੂ ਸਾਬਕਾ ਏ ਆਈ ਜੀ, ਐਸ.ਜੀ.ਪੀ ਸੀ ਮੈਂਬਰ ਅਜਮੇਰ ਸਿੰਘ ਖੇੜਾ,ਸਾਬਕਾ ਮੈਂਬਰ ਜਗਜੀਤ ਸਿੰਘ ਰਤਨਗੜ੍ਹ,ਜਗਦੇਵ ਸਿੰਘ ਭਟੋਆ ਪ੍ਰਧਾਨ ਨਗਰ ਕੌਂਸਲ ਮੋਰਿੰਡਾ, ਕੌਂਸਲਰ ਅੰਮ੍ਰਿਤਪਾਲ ਸਿੰਘ ਖੱਟੜਾ, ਕੌਂਸਲਰ ਰਾਜਪ੍ਰੀਤ ਸਿੰਘ ਰਾਜ਼ੀ, ਸੁਖਪਾਲ ਸਿੰਘ ਐਸ.ਡੀ. ਐਮ. ਮੋਰਿੰਡਾ, ਜੁਝਾਰ ਸਿੰਘ ਮਾਵੀ ਪ੍ਰਧਾਨ ਆੜਤੀ ਐਸੋਸੀਏਸ਼ਨ, ਐਨ. ਪੀ ਰਾਣਾ ਚੇਅਰਮੈਨ ਮਾਰਕੀਟ ਕਮੇਟੀ ਮੋਰਿੰਡਾ, ਪੀ ਏ ਡੀ ਬੀ ਬੈਂਕ ਦੇ ਵਾਈਸ ਚੇਅਰਮੈਨ ਕਰਨੈਲ ਸਿੰਘ ਜੀਤ, ਮਨਦੀਪ ਸਿੰਘ ਟੋਨੀ, ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਦੇ ਜਨਰਲ ਸਕੱਤਰ ਦਲਜੀਤ ਸਿੰਘ ਮੁੰਡੇ,ਹਰਮੀਤ ਸਿੰਘ ਪ੍ਰਧਾਨ ਸ੍ਰੀ ਵਿਸ਼ਵਕਰਮਾ ਸਭਾ ਮੋਰਿੰਡਾ, ਬਹਾਦਰ ਸਿੰਘ ਕੌਂਸਲਰ ਕੁਰਾਲੀ, ਕ੍ਰਿਪਾਲ ਸਿੰਘ ਕੌਂਸਲਰ ਸ੍ਰੀ ਚਮਕੌਰ ਸਾਹਿਬ, ਭੁਪਿੰਦਰ ਸਿੰਘ ਕੌਂਸਲਰ ਸ੍ਰੀ ਚਮਕੌਰ ਸਾਹਿਬ, ਜਗਤਾਰ ਸਿੰਘ ਘੜੂੰਆਂ ਪੀ ਏ ਹਲਕਾ ਵਿਧਾਇਕ, ਨੰਬਰਦਾਰ ਜਗਵਿੰਦਰ ਸਿੰਘ ਪੰਮੀ, ਧਰਮਿੰਦਰ ਸਿੰਘ ਕੋਟਲੀ ਹਰਚੰਦ ਸਿੰਘ ਡੂਮਛੇੜੀ, ਸਾਬਕਾ ਵਾਈਸ ਪ੍ਰਧਾਨ ਰਜਿੰਦਰ ਸਿੰਘ, ਦਰਸ਼ਨ ਸਿੰਘ ਸ਼ਿਵਜੋਤ, ਜਰਨੈਲ ਸਿੰਘ ਐਡਵੋਕੇਟ, ਆਦਿ ਆਗੂਆਂ ਨੇ ਵਿਛੜੇ ਆਗੂ ਗੁਰਮੀਤ ਸਿੰਘ ਨੂੰ ਸ਼ਰਧਾਂਜਲੀਆਂ ਭੇਂਟ ਕਰਦੀਆਂ ਆਖਿਆ ਕਿ ਇਹਨਾਂ ਦੀ ਮੌਤ ਨਾਲ ਜਿਥੇ ਇਹਨਾਂ ਦੇ ਪ੍ਰੀਵਾਰ ਨੂੰ ਘਾਟਾ ਪਿਆ ਹੈ ਉਥੇ ਸਮਾਜ ਅਤੇ ਅਕਾਲੀ ਦਲ ਨੂੰ ਬਹੁਤ ਵੱਡਾ ਘਾਟਾ ਪਿਆ ਹੈ ਜ਼ੋ ਪੁਰਾ ਨਹੀਂ ਹੋ ਸਕਦਾ। ਇਸ ਸਮੇਂ ਹੋਰਨਾਂ ਤੋਂ ਇਲਾਵਾ ਵੱਖ ਵੱਖ ਪਿੰਡਾਂ ਦੇ ਪੰਚ ਸਰਪੰਚ, ਵਪਾਰ ਮੰਡਲ, ਸਮਾਜਿਕ ਜਥੇਬੰਦੀਆਂ ਅਤੇ ਮਹਾਰਾਜਾ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਦੇ ਆਗੂ ਹਾਜਰ ਸਨ।

# ਸਰਕਾਰ ਦੀ ਡਿੱਗਦੀ ਸਾਖ ਬਚਾਉਣ ਲਈ ਆਪ ਨੇ ਪਾਣੀ ਦੀ ਸਿਆਸਤ ਖੇਡੀ: ਦੂੱਲਟ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

ਸੰਗਰੂਰ, 6 ਮਈ (ਜਗਸੀਰ ਸਿੰਘ)-

ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਨਲਾਇਕੀਆਂ, ਡਿੱਗਦੀ ਸਾਖ ਤੇ ਪੰਜਾਬ ਦੇ ਮੁੱਦਿਆਂ ਤੋਂ ਧਿਆਨ ਭੜਕਾਉਣ ਲਈ ਆਪ ਪਾਰਟੀ ਵੱਲੋਂ ਪੰਜਾਬ ਦੇ ਪਾਣੀਆਂ ਉੱਤੇ ਸਿਆਸਤ ਖੇਡੀ ਜਾ ਰਹੀ ਹੈ ਜੋ ਪੰਜਾਬ ਲਈ ਬਹੁਤ ਹੀ ਖਤਰਨਾਕ ਸਿੱਧ ਹੋ ਸਕਦੀ ਹੈ ਇਹ ਵਿਚਾਰ ਭਾਜਪਾ ਜ਼ਿਲਾ ਪ੍ਰਧਾਨ ਧਰਮਿੰਦਰ ਦੂੱਲਟ ਵੱਲੋਂ ਖਾਸ ਗੱਲਬਾਤ ਦੌਰਾਨ ਸਾਂਝੇ ਕੀਤੇ ਗਏ।

ਉਨਾਂ ਕਿਹਾ ਕਿ ਪਹਿਲਾਂ ਮੁੱਖ ਮੰਤਰੀ ਵੱਲੋਂ ਬੀਬੀਐਮਬੀ ਦੀ ਮੀਟਿੰਗ ਵਿੱਚ ਪੰਜਾਬ ਦਾ ਪੱਖ ਮਜਬੂਤੀ ਨਾਲ ਨਹੀਂ ਰੱਖਿਆ ਗਿਆ ਅਤੇ ਹੁਣ ਇਸ ਮੁੱਦੇ ਨੂੰ ਆਪਣੀ ਸਰਕਾਰ ਦੀ ਡਿਗਦੀ ਸਾਖ ਬਚਾਉਣ ਲਈ ਵਰਤਿਆ ਜਾ ਰਿਹਾ ਹੈ ਤਾਂ ਜੋ ਪੰਜਾਬ ਦੇ ਲੋਕਾਂ ਦਾ ਧਿਆਨ ਪੰਜਾਬ ਦੀ ਡਾਵਾਂਡੋਲ ਅਰਥ ਵਿਵਸਥਾ ਅਤੇ ਗਰਕ ਵਿੱਚ ਜਾ ਚੁੱਕੀ ਕਾਨੂੰਨ ਵਿਵਸਥਾ ਤੋਂ ਹਟਾਇਆ ਜਾ ਸਕੇ। ਉਨਾ ਕਿਹਾ ਕਿ ਪੰਜਾਬ ਲਈ ਪਾਣੀਆਂ ਦਾ ਮਸਲਾ ਬਹੁਤ ਹੀ ਗੰਭੀਰ ਹੈ ਅਤੇ ਇਸਦੇ ਪੱਕੇ ਹੱਲ ਲਈ ਸਭ ਨੂੰ ਯਤਨਸ਼ੀਲ ਹੋਣ ਦੀ ਲੋੜ ਹੈ ਪਰ ਪੰਜਾਬ ਸਰਕਾਰ ਇਸ ਮੁੱਦੇ ਨੂੰ ਗੰਭੀਰਤਾ ਨਾਲ ਨਹੀਂ ਲੈ ਰਹੀ ਸਿਰਫ ਸਿਆਸਤ ਲਈ ਬਿਆਨਬਾਜੀ ਅਤੇ ਡਰਾਮੇਬਾਜ਼ੀ ਹੋ ਰਹੀ ਹੈ। ਉਹਨਾਂ ਕਿਹਾ ਕਿ ਅੱਜ ਮਾਨ ਸਰਕਾਰ ਦੀ ਕਰੇਡੀਬਿਲਟੀ ਜੀਰੋ ਹੈ ਅਤੇ ਇਸ ਦੀਆਂ ਸਾਰੀਆਂ ਕ੍ਰਾਂਤੀਆਂ ਦੀ ਫੂਕ ਨਿਕਲ ਚੁੱਕੀ ਹੈ। ਸਕੂਲਾਂ ਵਿੱਚ ਪਖਾਨਿਆਂ ਦਾ ਉਦਘਾਟਨ ਰਾਜਸੀ ਪੱਧਰ ਦੇ ਸਮਾਗਮਾਂ ਨਾਲ ਕੀਤਾ ਜਾ ਰਿਹਾ ਹੈ ਅਤੇ ਆਮ ਜਨਤਾ ਦੇ ਟੈਕਸ ਦਾ ਪੈਸਾ ਆਪਣੀ ਪਾਰਟੀ ਨੂੰ ਚਮਕਾਉਣ ਲਈ ਖਰਚਿਆ ਜਾ ਰਿਹਾ ਹੈ।

ਸਿੱਖਿਆ ਕ੍ਰਾਂਤੀ ਤੇ ਸਿਹਤ ਕ੍ਰਾਂਤੀ ਦੀ ਪਹਿਲਾਂ ਹੀ ਫੂਕ ਨਿਕਲ ਚੁੱਕੀ ਸੀ ਤੇ ਹੁਣ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵੀ ਦਮ ਤੋੜ ਚੁੱਕੀ ਹੈ ਤੇ ਇਹ ਮੁਹਿਮ ਵੀ ਛੋਟੇ ਤਸਕਰਾਂ ਦੇ ਘਰਾਂ ਦੀਆਂ ਕੰਧਾਂ ਡੇਗਣ ਤੱਕ ਹੀ ਸੀਮਤ ਹੋ ਚੁੱਕੀ ਹੈ ਜਦ ਕਿ ਅਸਲੀਅਤ ਵਿੱਚ ਰੋਜਾਨਾ



ਹੀ ਪੰਜਾਬ ਦੇ ਨੌਜਵਾਨ ਸਿੰਥੈਟਿਕ ਡਰੱਗਜ਼ ਦੀ ਭੇਂਟ ਚੜ ਰਹੇ ਹਨ ਪਰ ਮਾਨ ਸਰਕਾਰ ਇਸ ਵੱਲ ਬਿਲਕੁਲ ਧਿਆਨ ਨਹੀਂ ਦੇ ਰਹੀ ਅਤੇ ਤਸਕਰਾਂ ਦੇ ਹੌਸਲੇ ਪਹਿਲਾਂ ਨਾਲੋਂ ਜਿਆਦਾ ਬੁਲੰਦ ਹੋ ਚੁੱਕੇ ਹਨ।

ਉਨਾ ਦਾਅਵਾ ਕੀਤਾ ਕਿ 2027 ਵਿੱਚ ਭਾਜਪਾ ਦੀ ਸਰਕਾਰ ਬਣਨ ਤੋਂ ਬਾਅਦ ਪੰਜਾਬ ਦੇ ਪਾਣੀਆਂ ਸਮੇਤ ਸਾਰੇ ਮਸਲੇ ਹੱਲ ਹੋਣਗੇ।

# ਕਿਸੇ ਵੀ ਹੰਗਾਮੀ ਹਾਲਤ ਨਾਲ ਨਜਿੱਠਣ ਲਈ ਸਰਕਾਰੀ ਰਣਬੀਰ ਕਾਲਜ ਵਿਖੇ ਮੌਕ ਡਰਿਲ 07 ਮਈ ਨੂੰ: ਟੀ.ਬੈਨਿਥ

## ਡਿਪਟੀ ਕਮਿਸ਼ਨਰ ਵੱਲੋਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੀਟਿੰਗ, ਮੌਕ ਡਰਿਲ ਨੂੰ ਲੈ ਕੇ ਘਬਰਾਉਣ ਦੀ ਬਿਲਕੁਲ ਵੀ ਲੋੜ ਨਹੀਂ ਹੈ: ਡਿਪਟੀ ਕਮਿਸ਼ਨਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ

ਸੰਗਰੂਰ, 06 ਮਈ, 2025: ਕਿਸੇ ਵੀ ਕਿਸਮ ਦੀ ਹੰਗਾਮੀ ਹਾਲਤ ਨਾਲ ਨਜਿੱਠਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 7 ਮਈ ਨੂੰ ਸਰਕਾਰੀ ਰਣਬੀਰ ਕਾਲਜ ਵਿਖੇ ਮੌਕ ਡਰਿੱਲ ਕੀਤੀ ਜਾਵੇਗੀ, ਜਿਸ ਦੌਰਾਨ ਵਿਦਿਆਰਥੀਆਂ, ਅਧਿਆਪਕਾਂ ਅਤੇ ਆਮ ਲੋਕਾਂ ਨੂੰ ਅੱਗ ਬੁਝਾਉਣ, ਮੈਡੀਕਲ ਐਮਰਜੈਂਸੀ, ਕੋਈ ਵੀ ਥਾਂ ਖ਼ਾਲੀ ਕਰਨ, ਬਿਨਾਂ ਬਿਜਲੀ ਰਹਿਣ ਅਤੇ ਇਕ ਦੂਜੇ ਦੀ ਮਦਦ ਲਈ ਟ੍ਰੇਨਿੰਗ ਦਿੱਤੀ ਜਾਵੇਗੀ।

ਇਹ ਜਾਣਕਾਰੀ ਡਿਪਟੀ ਕਮਿਸ਼ਨਰ ਟੀ.ਬੈਨਿਥ (ਵਾਧੂ ਚਾਰਜ) ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇਸ ਮੌਕ ਡਰਿਲ ਸਬੰਧੀ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸਾਂਝੀ ਕੀਤੀ।



ਡਿਪਟੀ ਕਮਿਸ਼ਨਰ ਨੇ ਸਥਾਨਕ ਸਰਕਾਰਾਂ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਸ ਦੌਰਾਨ ਅੱਗ ਬੁਝਾਉਣ ਵਾਲੀਆਂ ਗੱਡੀਆਂ ਅਤੇ ਅੱਗ ਬੁਝਾਉਣ ਲਈ ਵਰਤਿਆ ਜਾਂਦਾ ਹੋਰ ਸਾਜੋ-ਸਮਾਨ ਸਰਕਾਰੀ ਰਣਬੀਰ ਕਾਲਜ ਵਿਖੇ ਪੁੱਜਦਾ ਕੀਤਾ ਜਾਵੇ ਅਤੇ ਉਸ ਦੀ ਸੁਚੱਜੇ ਢੰਗ ਨਾਲ ਵਰਤੋਂ ਕੀਤੇ ਜਾਣ ਸਬੰਧੀ ਸਿਖਲਾਈ ਦਿੱਤੀ ਜਾਵੇ।

ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਹੰਗਾਮੀ ਹਾਲਤ ਵਿੱਚ ਮੈਡੀਕਲ ਸਹਾਇਤਾ ਸਬੰਧੀ ਚੁੱਕ ਕੇ ਜਾਣ ਵਾਲੇ ਕਦਮਾਂ, ਦੀ ਪੂਰੀ ਜਾਣਕਾਰੀ ਵਿਦਿਆਰਥੀਆਂ ਨੂੰ ਮੌਕ ਡਰਿੱਲ ਦੌਰਾਨ ਦਿੱਤੀ ਜਾਵੇ। ਇਸ ਦੇ ਨਾਲ-ਨਾਲ ਇਹ ਵੀ ਜਾਣਕਾਰੀ ਵਿਦਿਆਰਥੀਆਂ ਨਾਲ ਸਾਂਝੀ ਕੀਤੀ ਜਾਵੇ ਕਿ ਜੇਕਰ ਕਿਸੇ ਹੰਗਾਮੀ ਹਾਲਤ ਵਿੱਚ ਸ਼ਹਿਰ ਨੂੰ ਖਾਲੀ ਕਰਨਾ ਪੈਂਦਾ ਹੈ ਤਾਂ ਕਿਸ ਢੰਗ ਨਾਲ ਸ਼ਹਿਰ ਨੂੰ ਖਾਲੀ ਕਰ ਕੇ ਸੁਰੱਖਿਤ ਥਾਂ ਉੱਤੇ ਪੁੱਜਿਆ ਜਾ ਸਕਦਾ ਹੈ। ਇਸ ਤੋਂ ਇਲਾਵਾ ਸ਼ਹਿਰ ਤੋਂ ਬਾਹਰੋਂ-ਬਾਹਰ ਐਮਰਜੈਂਸੀ ਮੈਡੀਕਲ ਸਹਾਇਤਾ ਕੇਂਦਰ ਬਣਾਉਣ ਸਬੰਧੀ ਪ੍ਰਸਤਾਵ ਤਿਆਰ ਕਰਨ ਲਈ ਵੀ ਹਦਾਇਤ ਕੀਤੀ ਗਈ।

ਡਿਪਟੀ ਕਮਿਸ਼ਨਰ ਨੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਵਿਚਲੀਆਂ ਸਨਅਤੀ ਇਕਾਈਆਂ ਸਮੇਤ ਸਮੁੱਚੇ ਸ਼ਹਿਰ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਢੁਕਵੇਂ ਕਦਮ ਚੁੱਕੇ ਜਾਣ ਅਤੇ ਕਿਸੇ ਵੀ ਹੰਗਾਮੀ ਹਾਲਤ ਨਾਲ ਨਜਿੱਠਣ ਲਈ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਦੀ ਸਥਾਪਿਤ ਕੀਤਾ ਜਾਵੇ। ਇਸ ਮੌਕ ਡਰਿੱਲ ਦੌਰਾਨ ਵਿਸ਼ੇਸ਼ ਤੌਰ 'ਤੇ ਇੱਕ ਸਾਇਰਨ ਵੀ ਵਜਾਇਆ ਜਾਵੇਗਾ। ਐੱਸ. ਡੀ.ਐਮ. ਸੰਗਰੂਰ ਇਸ ਡਰਿੱਲ ਦੇ ਨੋਡਲ ਅਫ਼ਸਰ ਲਾਏ ਗਏ ਹਨ।

ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਇਹ ਤੈਅ ਨਿਯਮਾਂ ਮੁਤਾਬਕ ਕੀਤੀ ਜਾਣ ਵਾਲੀ ਮੌਕ ਡਰਿੱਲ ਹੀ ਹੈ। ਇਸ ਨੂੰ ਲੈ ਕੇ ਘਬਰਾਉਣ ਦੀ ਬਿਲਕੁਲ ਵੀ ਲੋੜ ਨਹੀਂ ਹੈ। ਜ਼ਿਲ੍ਹਾ ਪ੍ਰਸ਼ਾਸਨ ਲੋਕਾਂ ਦੀ ਜਾਨ ਮਾਲ ਦੀ ਸੁਰੱਖਿਆ ਦੇ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ਼੍ਰੀ ਅਮਿਤ ਬੈਂਬੀ, ਐੱਸ.ਪੀ. ਦਿਲਪ੍ਰੀਤ ਸਿੰਘ, ਐੱਸ. ਡੀ.ਐਮ. ਸੰਗਰੂਰ ਚਰਨਜੋਤ ਸਿੰਘ ਵਾਲੀਆ, ਸਮੇਤ ਵੱਖੋ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਆਲ ਪਾਕਿਸਤਾਨ ਫੈਡਰੇਸ਼ਨ ਆਫ ਯੂਨਾਈਟਿਡ ਟ੍ਰੇਡ ਯੂਨੀਅਨਜ ਵੱਲੋਂ ਪਹਿਲਗਾਮ ਹਮਲੇ ਦੀ ਨਿਖੇਧੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

ਸੰਗਰੂਰ, 6 ਮਈ (ਜਗਸੀਰ ਸਿੰਘ ) - ਸੀਟੂ ਪੰਜਾਬ ਦੇ ਜਨਰਲ ਸਕੱਤਰ ਚੰਦਰ ਸ਼ੇਖਰ ਨੇ ਅੱਜ ਇੱਥੇ ਜਾਰੀ ਪ੍ਰੈਸ ਬਿਆਨ ਵਿੱਚ ਆਲ ਪਾਕਿਸਤਾਨ ਫੈਡਰੇਸ਼ਨ ਆਫ ਟ੍ਰੇਡ ਯੂਨੀਅਨਜ ਦੇ ਆਗੂਆ ਦੀ ਸ਼ਲਾਘਾ ਕੀਤੀ ਹੈ ਜਿਹਨਾ ਨੇ,ਉਹਨਾ ਦੇ ਅਪਣੇ ਦੇਸ਼ ਵਿੱਚ ਅਣਸੁਖਾਵੇਂ ਮਹੌਲ ਦੇ ਬਾਵਜੂਦ, ਕੌਮਾਂਤਰੀ ਮਨੁੱਖੀ ਭਾਈਚਾਰੇ ਦੇ ਹਕ 'ਚ ਪਹਿਲਗਾਮ ਵਿੱਚ ਬੇਰਹਿਮੀ ਅਤੇ ਕਾਇਰਤਾ ਭਰੇ ਅੱਤਵਾਦੀ ਹਮਲੇ ਦੀ ਸਪਸ਼ਟ ਨਿੰਦਾ ਕੀਤੀ ਹੈ। ਉਨ੍ਹਾਂ ਨੇ ਕਿਹਾ ਹੈ ਕਿ ਅਜੇਹੀ ਹਿੰਸਾ ਮਨੁੱਖਤਾ ਉੱਤੇ ਹਮਲਾ ਹੈ ਅਤੇ ਕਿਸੇ ਵੀ ਸੱਭਿਅਕ ਸਮਾਜ ਵਿੱਚ ਇਸ ਦੀ ਕੋਈ ਥਾਂ ਨਹੀਂ ਹੈ।

ਇਸ ਫੈਡਰੇਸ਼ਨ ਨੇ ਅਪਣੇ ਬਿਆਨ ਅਤੇ ਪੱਤਰ ਰਾਹੀਂ ਹਮਲੇ ਤੋਂ ਪੀੜਤ ਪਰਿਵਾਰਾ ਨਾਲ ਗਹਿਰੀ ਸ਼ੰਵੇਦਨਾ ਪ੍ਰਗਟਾਈ ਹੈ

ਉਹਨਾ ਨੇ ਕਿਹਾ ਕਿ ਦੁੱਖ ਅਤੇ ਗੁੱਸੇ ਦੀ ਇਸ ਘੜੀ ਵਿੱਚ ਉਹ ਭਾਰਤ ਦੇ ਲੋਕਾਂ ਦੇ ਨਾਲ ਇਕਜੁੱਟਤਾ ਨਾਲ ਖੜੇ ਹਨ। ਉਹਨਾਂ ਨੇ ਅੱਗੇ ਕਿਹਾ



ਕਿ ਅਜਿਹੇ ਘਿਨੌਣੇ ਜੁਲਮ ਮਾਸੂਮ ਲੋਕਾਂ ਦੀ ਜਾਨਾ ਦੇ ਨੁਕਸਾਨ ਨੂੰ ਭੁਲਾਇਆ ਨਹੀਂ ਜਾ ਸਕਦਾ ਅਤੇ ਨਾਂ ਹੀ ਭੁਲਾਣਾ ਚਾਹੀਦਾ ਹੈ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

# ਭਾਰਤ-ਪਾਕਿ ਜੰਗ ਦੀ ਦਸਤਕ? - 54 ਸਾਲਾਂ ਬਾਅਦ, 7 ਮਈ 2025 ਨੂੰ, ਕੇਂਦਰ ਨੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਸਿਵਲ ਡਿਫੈਂਸ ਮੌਕ ਡ੍ਰਿਲ ਲਈ ਆਦੇਸ਼ ਜਾਰੀ ਕੀਤੇ।



**ਭਾਰਤ ਨੂੰ ਪਾਕਿਸਤਾਨ ਵਿਰੁੱਧ ਫੌਜੀ ਕਾਰਵਾਈ ਦੀ ਲੋੜ ਹੈ- ਰਣਨੀਤਕ ਤਿਆਰੀਆਂ ਪੂਰੀਆਂ, ਹੁਣ ਕਾਰਵਾਈ ਦਾ ਸਮਾਂ ਹੈ, ਪਾਕਿਸਤਾਨ ਭਾਰਤ ਦੀ ਕੂਟਨੀਤੀ ਅਤੇ ਫੌਜੀ ਤਿਆਰੀ, ਉੱਚ ਪੱਧਰੀ ਮੀਟਿੰਗਾਂ, ਅੱਤਵਾਦੀਆਂ ਵਿਰੁੱਧ ਰੂਸ ਅਤੇ ਅਮਰੀਕਾ ਸਮੇਤ ਅੰਤਰਰਾਸ਼ਟਰੀ ਸਹਿਯੋਗ ਤੋਂ ਡਰਿਆ ਹੋਇਆ ਹੈ - ਐਡਵੋਕੇਟ ਕਿਸ਼ਨ ਸੰਮੁਖਦਾਸ ਭਵਨਾਨੀ, ਗੋਂਡੀਆ, ਮਹਾਰਾਸ਼ਟਰ**

ਗੋਂਡੀਆ - ਵਿਸ਼ਵ ਪੱਧਰ 'ਤੇ, ਪੂਰੀ ਦੁਨੀਆ ਭਾਰਤ 'ਤੇ ਨਜ਼ਰ ਰੱਖ ਰਹੀ ਹੈ ਕਿ ਭਾਰਤ ਪਾਕਿਸਤਾਨ ਵਿਰੁੱਧ ਫੌਜੀ ਕਾਰਵਾਈ ਕਦੋਂ ਸ਼ੁਰੂ ਕਰੇਗਾ। ਹਾਲਾਂਕਿ ਭਾਰਤੀ ਨਾਗਰਿਕ ਵੀ ਇਸ 'ਤੇ ਨਜ਼ਰ ਰੱਖ ਰਹੇ ਹਨ, ਜਿਸ ਕਾਰਨ ਅਜਿਹਾ ਲੱਗਦਾ ਹੈ ਕਿ ਹੁਣ ਸਮਾਂ ਆ ਗਿਆ ਹੈ ਕਿ ਪਾਕਿਸਤਾਨ ਵਿਰੁੱਧ ਫੌਜੀ ਕਾਰਵਾਈ ਸ਼ੁਰੂ ਕੀਤੀ ਜਾਵੇ, ਭਾਵੇਂ ਉਹ ਜ਼ਮੀਨ, ਪਾਣੀ ਜਾਂ ਹਵਾ ਰਾਹੀਂ ਹੋਵੇ, ਕਿਸੇ ਵੀ ਸਥਿਤੀ ਵਿੱਚ। ਪਰ ਮੇਰਾ ਮੰਨਣਾ ਹੈ ਕਿ ਭਾਰਤ ਸਰਕਾਰ ਉੱਚ ਪੱਧਰ 'ਤੇ ਜਿਸ ਰਣਨੀਤੀ 'ਤੇ ਚੱਲ ਰਹੀ ਹੈ ਉਹ ਵੀ ਸਹੀ ਹੈ ਕਿਉਂਕਿ ਯੁੱਧ ਸ਼ੁਰੂ ਕਰਨ ਤੋਂ ਪਹਿਲਾਂ, ਕੂਟਨੀਤੀ ਸਮੇਤ ਕਈ ਰਣਨੀਤੀਆਂ ਹੁੰਦੀਆਂ ਹਨ, ਜਿਸ ਵਿੱਚ ਇਸਦੇ ਲੰਬੇ ਸਮੇਂ ਦੇ ਪ੍ਰਭਾਵ, ਨਾਗਰਿਕਾਂ 'ਤੇ ਪ੍ਰਭਾਵ, ਅੰਤਰਰਾਸ਼ਟਰੀ ਸੋਚ ਅਤੇ ਸਹਿਯੋਗ ਸ਼ਾਮਲ ਹਨ, ਜਿਸ ਕਾਰਨ ਦੁਸ਼ਮਣ ਅੱਧਾ ਹਾਰ ਜਾਂਦਾ ਹੈ ਅਤੇ ਬਾਕੀ ਤਿੰਨਾਂ ਵਿੰਗਾਂ ਦੁਆਰਾ ਫੌਜੀ ਕਾਰਵਾਈ ਰਾਹੀਂ ਪੂਰਾ ਕੀਤਾ ਜਾ ਸਕਦਾ ਹੈ। 5 ਮਈ 2025 ਨੂੰ ਦੇਰ ਸ਼ਾਮ ਨੂੰ, ਕੇਂਦਰੀ ਗ੍ਰਹਿ ਮੰਤਰਾਲੇ ਨੇ ਸਿਵਲ ਮੌਕ ਡ੍ਰਿਲ ਦੇ ਆਦੇਸ਼ ਜਾਰੀ ਕੀਤੇ ਹਨ, ਜੋ ਕਿ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ 7 ਮਈ 2025 ਨੂੰ ਕਰਨੇ ਪੈਣਗੇ।ਇਸ ਤੋਂ ਪਹਿਲਾਂ, ਪਾਕਿਸ ਤਾਨ ਨੂੰ ਗੋਡੇ ਟੇਕਣ ਲਈ ਕਈ ਆਦੇਸ਼ ਜਾਰੀ ਕੀਤੇ ਗਏ ਹਨ, ਅੰਤਰਰਾਸ਼ਟਰੀ ਸਹਿਯੋਗ ਪ੍ਰਾਪਤ ਹੋ ਰਿਹਾ ਹੈ, ਇਸ ਐਪੀਸੋਡ ਵਿੱਚ, 5 ਮਈ 2025 ਨੂੰ, ਰੂਸ ਦੇ ਰਾਸ਼ਟਰਪਤੀ ਨੇ ਵੀ ਮੀਡੀਆ ਰਾਹੀਂ ਭਾਰਤੀ ਪ੍ਰਧਾਨ ਮੰਤਰੀ ਨਾਲ ਗੱਲ ਕਰਕੇ ਅੰਤਰਰਾਸ਼ਟਰੀ ਅੱਤਵਾਦ ਵਿਰੁੱਧ ਆਪਣੀ ਵਚਨਬੱਧਤਾ ਪ੍ਰਗਟ ਕੀਤੀ। ਹੁਣ, ਸਿਵਲ ਮੌਕ ਡ੍ਰਿਲ ਆਰਡਰ ਨੂੰ ਆਧਾਰ ਵਜੋਂ ਲੈਂਦੇ ਹੋਏ, ਅੱਜ, ਮੀਡੀਆ ਵਿੱਚ ਉਪਲਬਧ ਜਾਣਕਾਰੀ ਦੀ ਮਦਦ ਨਾਲ, ਅਸੀਂ ਇਸ ਲੇਖ ਰਾਹੀਂ ਚਰਚਾ ਕਰਾਂਗੇ, ਭਾਰਤ-ਪਾਕਿ ਜੰਗ ਦਸਤਕ ਦੇ ਰਹੀ ਹੈ? 54 ਸਾਲਾਂ ਬਾਅਦ, 7 ਮਈ 2025 ਨੂੰ, ਕੇਂਦਰ ਨੇ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਸਿਵਲ ਮੌਕ ਡ੍ਰਿਲ ਦੇ ਆਦੇਸ਼ ਜਾਰੀ ਕੀਤੇ ਹਨ।

ਦੋਸਤੋ, ਜੇਕਰ ਅਸੀਂ ਭਾਰਤ-ਪਾਕਿ ਯੁੱਧ ਦੇ ਸੰਭਾਵਿਤ ਫੈਲਣ ਦੀ ਗੱਲ ਕਰੀਏ, ਤਾਂ 1971 ਤੋਂ ਬਾਅਦ ਪਹਿਲੀ ਵਾਰ, ਗ੍ਰਹਿ ਮੰਤਰਾਲੇ ਨੇ 7 ਮਈ ਨੂੰ ਦੇਸ਼ ਵਿਆਪੀ ਸਿਵਲ ਡਿਫੈਂਸ ਮੌਕ ਡ੍ਰਿਲ ਦਾ ਨਿਰਦੇਸ਼ ਦਿੱਤਾ ਹੈ। ਪਿਛਲੇ 7 ਦਿਨਾਂ ਵਿੱਚ ਤਿੰਨਾਂ ਫੌਜ ਮੁਖੀਆਂ ਅਤੇ ਰੱਖਿਆ ਸਕੱਤਰ ਨਾਲ ਮੀਟਿੰਗਾਂ ਤੋਂ ਬਾਅਦ ਪ੍ਰਧਾਨ ਮੰਤਰੀ ਦੁਆਰਾ ਫੌਜੀ ਤਿਆਰੀਆਂ ਦੀ ਸਮੀਖਿਆ ਕੀਤੀ ਗਈ ਹੈ, ਜਿਸ ਵਿੱਚ ਕਿਹਾ ਗਿਆ ਹੈ ਕਿ ਭਾਰਤ ਦੇ ਜਵਾਬ ਦਾ ਸਮਾਂ, ਤਰੀਕਾ ਅਤੇ ਟੀਚਾ ਤਿੰਨਾਂ ਫੌਜਾਂ ਦੁਆਰਾ ਖੁਦ ਤੈਅ ਕੀਤਾ ਜਾਵੇਗਾ। ਪਾਕਿਸਤਾਨ ਨਾਲ ਤਣਾਅ ਦੇ ਵਿਚਕਾਰ, ਕੇਂਦਰ ਸਰਕਾਰ ਨੇ 7 ਮਈ ਨੂੰ ਦੇਸ਼ ਦੇ 244 ਜ਼ਿਲ੍ਹਿਆਂ ਵਿੱਚ ਇੱਕ ਮੌਕ ਡ੍ਰਿਲ ਕਰਨ ਲਈ ਕਿਹਾ ਹੈ। ਇਸ ਵਿੱਚ, ਨਾਗਰਿਕਾਂ ਨੂੰ ਹਮਲੇ ਦੌਰਾਨ ਆਪਣੀ ਰੱਖਿਆ ਕਰਨ ਦੀ ਸਿਖਲਾਈ ਦਿੱਤੀ ਜਾਵੇਗੀ। ਅਜਿਹਾ ਇਸ ਲਈ ਕੀਤਾ ਜਾ ਰਿਹਾ ਹੈ ਤਾਂ ਜੋ ਜੰਗ ਦੀ ਸਥਿਤੀ ਵਿੱਚ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ। ਕਿਹੜੇ ਰਾਜਾਂ ਵਿੱਚ 7 ਮਈ ਨੂੰ ਮੌਕ ਡ੍ਰਿਲ ਕੀਤੀ ਜਾਵੇਗੀ? ਇਸ ਬਾਰੇ ਜਾਣਕਾਰੀ ਅਜੇ ਸਾਹਮਣੇ ਨਹੀਂ ਆਈ ਹੈ। ਪਾਕਿਸਤਾਨ ਨਾਲ ਤਣਾਅ ਦੇ ਵਿਚਕਾਰ, ਕੇਂਦਰ ਸਰਕਾਰ ਨੇ 7 ਮਈ ਨੂੰ ਦੇਸ਼ ਦੇ 244 ਜ਼ਿਲ੍ਹਿਆਂ ਵਿੱਚ ਮੌਕ ਡ੍ਰਿਲ ਕਰਨ ਲਈ ਕਿਹਾ ਹੈ। ਇਸ ਵਿੱਚ, ਨਾਗਰਿਕਾਂ ਨੂੰ ਹਮਲੇ ਦੌਰਾਨ ਆਪਣੀ ਰੱਖਿਆ ਕਰਨ ਦੀ ਸਿਖਲਾਈ ਦਿੱਤੀ ਜਾਵੇਗੀ। ਇਹ ਜੰਗ ਦੀ ਸਥਿਤੀ ਵਿੱਚ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਕੀਤਾ ਜਾ ਰਿਹਾ ਹੈ। ਹਾਲਾਂਕਿ, ਐਤਵਾਰ-ਸੋਮਵਾਰ ਰਾਤ ਨੂੰ ਪੰਜਾਬ ਦੇ ਫਿਰੋਜ਼ਪੁਰ ਛਾਉਣੀ ਵਿੱਚ ਬਲੈਕਆਊਟ ਅਭਿਆਸ ਕੀਤਾ ਗਿਆ। ਇਸ ਸਮੇਂ ਦੌਰਾਨ, ਪਿੰਡਾਂ ਅਤੇ ਇਲਾਕਿਆਂ ਵਿੱਚ ਰਾਤ 9 ਵਜੇ ਤੋਂ 9:30 ਵਜੇ ਤੱਕ ਬਿਜਲੀ ਕੱਟ ਦਿੱਤੀ ਗਈ। ਦਰਅਸਲ, 22 ਅਪ੍ਰੈਲ ਨੂੰ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਇੱਕ ਵੱਡਾ ਅੱਤਵਾਦੀ ਹਮਲਾ ਹੋਇਆ ਸੀ, ਜਿਸ ਵਿੱਚ 26 ਲੋਕਾਂ ਦੀ ਮੌਤ ਹੋ ਗਈ ਸੀ। ਇਸ ਤੋਂ ਬਾਅਦ ਭਾਰਤ ਅਤੇ ਪਾਕਿਸਤਾਨ ਵਿਚਾਲੇ ਤਣਾਅ ਵਧ ਗਿਆ ਹੈ। ਸਰਕਾਰ ਕਿਸੇ ਵੀ ਸੰਭਾਵੀ ਖ਼ਤਰੇ ਤੋਂ ਪਹਿਲਾਂ ਤਿਆਰੀ ਕਰਨਾ ਚਾਹੁੰਦੀ ਹੈ।

ਦੋਸਤੋ, ਜੇਕਰ ਅਸੀਂ ਸਿਵਲ ਡਿਫੈਂਸ ਮਾਰਕ ਡ੍ਰਿਲ ਨੂੰ ਸਮਝਣ ਦੀ ਗੱਲ ਕਰੀਏ, ਤਾਂ, (1) ਮੌਕ ਡ੍ਰਿਲ ਇੱਕ ਕਿਸਮ ਦਾ "ਅਭਿਆਸ" ਹੈ ਜਿਸ ਵਿੱਚ ਅਸੀਂ ਦੇਖਦੇ ਹਾਂ ਕਿ ਆਮ ਲੋਕ ਅਤੇ ਪ੍ਰਸ਼ਾਸਨ ਐਮਰਜੈਂਸੀ (ਜਿਵੇਂ ਕਿ ਹਵਾਈ ਹਮਲਾ ਜਾਂ ਬੰਬ ਹਮਲਾ) ਦੀ ਸਥਿਤੀ ਵਿੱਚ ਕਿੰਨੀ ਅਤੇ ਕਿੰਨੀ ਜਲਦੀ ਪ੍ਰਤੀਕਿਰਿਆ ਕਰਦੇ ਹਨ। (2) ਬਲੈਕਆਊਟ ਅਭਿਆਸ ਦਾ ਅਰਥ ਹੈ ਪੂਰੇ ਖੇਤਰ ਦੀਆਂ ਲਾਈਟਾਂ ਨੂੰ ਇੱਕ ਨਿਸ਼ਚਿਤ ਸਮੇਂ ਲਈ ਬੰਦ ਕਰਨਾ। ਇਸਦਾ ਮਕਸਦ ਇਹ ਦਿਖਾਉਣਾ ਹੈ ਕਿ ਜੇਕਰ ਕੋਈ ਦੁਸ਼ਮਣ ਦੇਸ਼ ਹਮਲਾ ਕਰਦਾ ਹੈ ਤਾਂ ਇਲਾਕੇ ਨੂੰ ਹਨੇਰੇ ਵਿੱਚ ਕਿਵੇਂ ਸੁਰੱਖਿਅਤ ਰੱਖਿਆ ਜਾ ਸਕਦਾ ਹੈ। ਇਸ ਨਾਲ ਦੁਸ਼ਮਣ ਨੂੰ ਨਿਸ਼ਾਨਾ ਬਣਾਉਣਾ ਮੁਸ਼ਕਲ ਹੋ ਜਾਂਦਾ ਹੈ। ਇਹ ਡ੍ਰਿਲ ਦੇ ਮੁੱਖ ਪੜਾਅ ਹੋਣਗੇ - (1) ਹਵਾਈ ਹਮਲੇ ਦੇ ਸਾਇਰਨ ਦੀ ਜਾਂਚ: ਦੁਸ਼ਮਣ ਦੇ ਹਮਲੇ ਦੌਰਾਨ ਚੇਤਾਵਨੀ ਦੇਣ ਵਾਲੇ ਸਾਇਰਨ ਦੀ ਜਾਂਚ ਕੀਤੀ ਜਾਵੇਗੀ ਅਤੇ ਉਹਨਾਂ ਨੂੰ ਕਿਰਿਆਸ਼ੀਲ ਕੀਤਾ ਜਾਵੇਗਾ। (2) ਸਿਵਲ ਡਿਫੈਂਸ ਸਿਖਲਾਈ: ਆਮ ਲੋਕਾਂ ਨੂੰ ਸਿਖਾਇਆ ਜਾਵੇਗਾ ਕਿ ਹਮਲੇ ਦੌਰਾਨ ਕਿਵੇਂ ਸੁਰੱਖਿਅਤ ਰਹਿਣਾ ਹੈ। (3) ਬਲੈਕਆਊਟ ਪ੍ਰਬੰਧ: ਹਮਲੇ ਦੌਰਾਨ ਲਾਈਟਾਂ ਨੂੰ ਪੂਰੀ ਤਰ੍ਹਾਂ ਬੰਦ ਕਰਨ ਬਾਰੇ ਸਿਖਲਾਈ ਦਿੱਤੀ ਜਾਵੇਗੀ। (4) ਕੈਮੋ ਫੰਡੇ ਦੀ ਤਿਆਰੀ: ਦੇਸ਼ ਦੇ ਮਹੱਤਵਪੂਰਨ ਪੌਦਿਆਂ ਅਤੇ ਸਥਾਨਾਂ ਨੂੰ ਲੁਕਾਉਣ ਦੀਆਂ ਤਕਨੀਕਾਂ ਅਪਣਾਈਆਂ ਜਾਣਗੀਆਂ। (5) ਨਿਕਾਸੀ ਯੋਜਨਾ: ਐਮਰਜੈਂਸੀ ਵਿੱਚ ਲੋਕਾਂ ਨੂੰ ਕੱਢਣ ਦੀ ਯੋਜਨਾ ਨੂੰ ਅਪਡੇਟ ਕੀਤਾ ਜਾਵੇਗਾ ਅਤੇ ਇਸਦਾ ਅਭਿਆਸ ਵੀ ਕੀਤਾ ਜਾਵੇਗਾ।



ਦੋਸਤੋ, ਜੇਕਰ ਅਸੀਂ ਭਾਰਤ-ਪਾਕਿਸਤਾਨ ਤਣਾਅ ਦੇ ਸਿਖਰ 'ਤੇ ਪਹੁੰਚਣ ਦੀ ਗੱਲ ਕਰੀਏ, ਤਾਂ ਸਿਵਲ ਡਿਫੈਂਸ ਨੇ ਇੱਕ ਮੌਕ ਡ੍ਰਿਲ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਸਦਾ ਉਦੇਸ਼ ਦੇਸ਼ ਨੂੰ ਕਿਸੇ ਵੀ ਸੰਭਾਵੀ ਖ਼ਤਰੇ ਲਈ ਤਿਆਰ ਕਰਨਾ ਹੈ। ਇਹ ਅਭਿਆਸ ਦੇਸ਼ ਵਾਸੀਆਂ ਨੂੰ ਜਾਗਰੂਕ ਕਰਨ ਅਤੇ ਉਨ੍ਹਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਵੱਲ ਇੱਕ ਵੱਡਾ ਕਦਮ ਹੈ। ਗ੍ਰਹਿ ਮੰਤਰਾਲੇ ਨੇ ਰਾਜਾਂ ਨੂੰ ਕਈ ਮਹੱਤਵਪੂਰਨ ਨਿਰਦੇਸ਼ ਦਿੱਤੇ ਹਨ। ਸਭ ਤੋਂ ਪਹਿਲਾਂ, ਹਵਾਈ ਹਮਲੇ ਦੀ ਚੇਤਾਵਨੀ ਦੇਣ ਵਾਲੇ ਸਾਇਰਨ ਦੀ ਜਾਂਚ ਕੀਤੀ ਜਾਵੇਗੀ ਤਾਂ ਜੋ ਲੋੜ ਪੈਣ 'ਤੇ ਲੋਕਾਂ ਨੂੰ ਤੁਰੰਤ ਸੁਚੇਤ ਕੀਤਾ ਜਾ ਸਕੇ। ਇਸ ਤੋਂ ਇਲਾਵਾ,ਆਮ ਨਾਗਰਿਕਾਂ ਅਤੇ ਸਕੂਲੀ ਬੱਚਿਆਂ ਨੂੰ ਹਮਲੇ ਦੀ ਸਥਿਤੀ ਵਿੱਚ ਆਪਣੀ ਰੱਖਿਆ ਕਿਵੇਂ ਕਰਨੀ ਹੈ, ਇਸ ਬਾਰੇ ਸਿਖਲਾਈ ਦਿੱਤੀ ਜਾਵੇਗੀ। ਰਾਤ ਨੂੰ ਵੀ ਬਲੈਕਆਊਟ ਪ੍ਰਕਿਰਿਆਵਾਂ ਲਾਗੂ ਕੀਤੀਆਂ ਜਾਣਗੀਆਂ ਤਾਂ ਜੋ ਹਵਾਈ ਹਮਲਿਆਂ ਦੌਰਾਨ ਸ਼ਹਿਰ ਦੀਆਂ ਲਾਈਟਾਂ ਦੁਸ਼ਮਣ ਨੂੰ ਦਿਖਾਈ ਨਾ ਦੇਣ। ਮਹੱਤਵਪੂਰਨ ਇਮਾਰਤਾਂ ਅਤੇ ਸਥਾਨਾਂ ਨੂੰ ਲੁਕਾਉਣ ਲਈ ਕੈਮੋਫਲੇਜ ਤਕਨੀਕਾਂ ਦੀ ਵਰਤੋਂ ਕੀਤੀ ਜਾਵੇਗੀ। ਇਸ ਤੋਂ ਇਲਾਵਾ, ਐਮਰਜੈਂਸੀ ਦੀ ਸਥਿਤੀ ਵਿੱਚ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਲਿਜਾਣ ਲਈ ਨਿਕਾਸੀ ਯੋਜਨਾਵਾਂ ਨੂੰ ਅਪਡੇਟ ਕੀਤਾ ਜਾ ਰਿਹਾ ਹੈ।

ਦੋਸਤੋ, ਜੇਕਰ ਅਸੀਂ ਪਾਕਿਸਤਾਨ ਵਿਰੁੱਧ ਫੌਜੀ ਕਾਰਵਾਈ ਦੀ ਗੂੰਜ ਦੀ ਗੱਲ ਕਰੀਏ ਤਾਂ ਪਹਿਲਗਾਮ ਹਮਲੇ ਨੂੰ ਪੂਰੇ ਦੋ ਹਫ਼ਤੇ ਹੋ ਗਏ ਹਨ, ਅੱਜ 14ਵਾਂ ਦਿਨ ਹੈ, ਇਨ੍ਹਾਂ 14 ਦਿਨਾਂ ਵਿੱਚ ਸਿਰਫ਼ ਮੀਟਿੰਗਾਂ ਹੋਈਆਂ ਹਨ, ਵੱਡੀਆਂ ਮੀਟਿੰਗਾਂ ਹੋਈਆਂ ਹਨ, ਕੂਟਨੀਤਕ ਕਾਰਵਾਈਆਂ ਹੋਈਆਂ ਹਨ, ਪਾਕਿਸਤਾਨ ਦਾ ਪਾਣੀ ਰੋਕਣ ਲਈ ਕਾਰਵਾਈ ਕੀਤੀ ਗਈ ਹੈ, ਪਾਕਿਸਤਾਨ ਦਾ ਪੈਸਾ ਰੋਕਣ 'ਤੇ ਵੀ ਗੱਲਬਾਤ ਹੋ ਰਹੀ ਹੈ ਪਰ ਸਭ ਤੋਂ ਵੱਡਾ ਸਵਾਲ ਇਹ ਹੈ ਕਿ 26 ਮਾਸੂਮ ਲੋਕਾਂ ਦੇ ਕਾਤਲਾਂ 'ਤੇ ਸਿੱਧਾ ਹਮਲਾ ਕਦੋਂ ਹੋਵੇਗਾ, ਭਾਰਤ ਪਾਕਿਸਤਾਨ 'ਤੇ ਕਦੋਂ ਹਮਲਾ ਕਰੇਗਾ। ਭਾਰਤੀ ਫੌਜ ਲਾਹੌਰ, ਇਸਲਾਮਾਬਾਦ ਵੱਲ ਕਦੋਂ ਜਾਵੇਗੀ? ਭਾਰਤੀ ਹਵਾਈ ਸੈਨਾ ਦੇ ਜਹਾਜ਼ ਪਾਕਿਸਤਾਨੀ ਫੌਜੀ ਟਿਕਾਣਿਆਂ ਨੂੰ ਕਦੋਂ ਨਿਸ਼ਾਨਾ ਬਣਾਉਣਗੇ? ਇਹ ਦੇਸ਼ ਦਾ ਇਰਾਦਾ ਹੈ। ਦੇਸ਼ ਇਹ ਚਾਹੁੰਦਾ ਹੈ ਪਰ ਕੋਈ ਨਹੀਂ ਜਾਣਦਾ ਕਿ ਇਹ ਕਦੋਂ ਹੋਵੇਗਾ। ਅੱਜ ਦੇਸ਼ ਦੇ ਲੋਕ ਪੁੱਛ ਰਹੇ ਹਨ ਕਿ ਭਾਰਤ ਨੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਦਾ ਬਦਲਾ ਅਜੇ ਤੱਕ ਪਾਕਿਸਤਾਨ ਤੋਂ ਕਿਉਂ ਨਹੀਂ ਲਿਆ? ਜੇ ਅਸੀਂ ਅੱਜ ਸਰਕਾਰ ਦੀ ਭਾਸ਼ਾ ਵਿੱਚ ਕਹੀਏ, ਤਾਂ ਭਾਰਤ ਬਦਲਾ ਲਵੇਗਾ ਅਤੇ ਜ਼ਰੂਰ ਲਵੇਗਾ। ਪਰ ਅੱਜ ਅਸੀਂ ਇਹ ਸਮਝਣ ਦੀ ਕੋਸ਼ਿਸ਼ ਕਰਾਂਗੇ ਕਿ ਇਸ ਅਦਲਾ-ਬਦਲੀ ਵਿੱਚ ਇੰਨੀ ਦੇਰੀ ਕਿਉਂ ਹੋ ਰਹੀ ਹੈ? ਕੀ ਇਹ ਦੇਰੀ ਤਿਆਰੀਆਂ ਕਾਰਨ ਹੈ ਅਤੇ ਕੀ ਭਾਰਤ ਨੇ ਅਜੇ ਤੱਕ ਕੁਝ ਨਹੀਂ ਕੀਤਾ? ਅਸਲੀਅਤ ਇਹ ਹੈ ਕਿ ਹੁਣ ਤੱਕ ਭਾਰਤ ਨੇ ਬਿਨਾਂ ਕਿਸੇ ਹਥਿਆਰ ਦੀ ਵਰਤੋਂ ਕੀਤੇ ਪਾਕਿਸਤਾਨ ਨੂੰ ਪਸੀਨਾ ਵਹਾ ਦਿੱਤਾ ਹੈ। ਹਰ ਮੋਰਚੇ 'ਤੇ ਘਿਰਿਆ ਪਾਕਿਸਤਾਨ ਬਿਨਾਂ ਕਿਸੇ ਨੁਕਸਾਨ ਦੇ ਰੋ ਰਿਹਾ ਹੈ। ਹੁਣ ਜੰਗ ਦਾ ਸਾਇਰਨ ਵੱਜਣ ਵਾਲਾ ਹੈ ਅਤੇ ਭਾਰਤ ਨੇ ਆਪਣੇ ਨਾਗਰਿਕਾਂ ਨੂੰ ਜੰਗ ਲਈ ਤਿਆਰ ਕਰਨਾ ਸ਼ੁਰੂ ਕਰ ਦਿੱਤਾ ਹੈ। ਸਭ ਤੋਂ ਪਹਿਲਾਂ, ਆਓ ਉਸ ਸਵਾਲ ਬਾਰੇ ਗੱਲ ਕਰੀਏ ਜਿਸਦਾ ਜਵਾਬ ਦੇਸ਼ ਦੇ 140 ਕਰੋੜ ਲੋਕ ਇਸ ਸਮੇਂ ਜਾਣਨਾ ਚਾਹੁੰਦੇ ਹਨ ਅਤੇ ਉਹ ਸਵਾਲ ਇਹ ਹੈ ਕਿ ਪਾਕਿਸਤਾਨ ਤੋਂ ਬਦਲਾ ਲੈਣ ਵਿੱਚ ਇੰਨਾ ਸਮਾਂ ਕਿਉਂ ਲੱਗ ਰਿਹਾ ਹੈ? ਇਸ ਸਮੇਂ, ਦੇਸ਼ ਵਿੱਚ ਸਿਰਫ਼ ਇੱਕ ਹੀ ਕਹਾਣੀ ਚੱਲ ਰਹੀ ਹੈ ਕਿ ਜਨਤਾ ਬਦਲਾ ਚਾਹੁੰਦੀ ਹੈ। ਦੇਸ਼ ਵਾਸੀਆਂ ਦਾ ਇਹ ਗੁੱਸਾ ਜਾਇਜ਼ ਹੈ ਕਿਉਂਕਿ ਅੱਤਵਾਦੀਆਂ ਨੇ ਇੱਕ ਵੱਡੀ ਚੁਣੌਤੀ ਦਿੱਤੀ ਹੈ। ਉਨ੍ਹਾਂ ਨੂੰ ਉਨ੍ਹਾਂ ਦੇ ਧਰਮ ਬਾਰੇ ਪੁੱਛਣ ਤੋਂ ਬਾਅਦ ਗੋਲੀ ਮਾਰ ਦਿੱਤੀ ਗਈ; ਇਸ ਲਈ ਹਰ ਕੋਈ ਚਾਹੁੰਦਾ ਹੈ ਕਿ ਇਸ ਵਾਰ ਕਾਰਵਾਈ ਅਜਿਹੀ ਹੋਵੇ ਕਿ ਨਾ ਸਿਰਫ਼ ਪਾਕਿਸਤਾਨੀ ਅੱਤਵਾਦੀ ਸਗੋਂ ਉਨ੍ਹਾਂ ਦੀ ਫੌਜ ਦੀਆਂ ਸੱਤ ਪੀੜ੍ਹੀਆਂ ਵੀ ਇਸਨੂੰ ਯਾਦ ਰੱਖਣ। ਦੇਸ਼ ਵਾਸੀ ਇਸ ਲਈ ਵੀ ਬੇਸਬਰ ਹੋ ਰਹੇ ਹਨ ਕਿਉਂਕਿ ਪਿਛਲੀਆਂ ਦੋ ਵਾਰ ਯਾਨੀ ਕਿ ਸਰਜੀਕਲ ਅਤੇ ਹਵਾਈ ਹਮਲੇ ਇਸ ਵਾਰ ਤੱਕ ਹੋ ਚੁੱਕੇ ਸਨ, ਇਸ ਲਈ ਇੰਤਜ਼ਾਰ ਕੀਤਾ ਜਾ ਰਿਹਾ ਹੈ ਕਿ ਇਸ ਵਾਰ ਪਾਕਿਸਤਾਨ 'ਤੇ ਹਮਲਾ ਕਦੋਂ ਹੋਵੇਗਾ। ਆਖਰੀ ਵਾਰ ਜਦੋਂ ਉੜੀ ਹਮਲਾ 18 ਸਤੰਬਰ 2016 ਨੂੰ ਹੋਇਆ ਸੀ, ਤਾਂ ਭਾਰਤੀ ਫੌਜ ਨੇ 10 ਦਿਨਾਂ ਬਾਅਦ 28 ਸਤੰਬਰ 2016 ਨੂੰ ਪੀਓਕੇ ਵਿੱਚ ਸਰਜੀਕਲ ਸਟ੍ਰਾਈਕ ਕੀਤੀ ਸੀ। ਸਰਹੱਦ ਪਾਰ, ਫੌਜ ਨੇ ਸਰਜੀਕਲ ਸਟ੍ਰਾਈਕ ਵਿੱਚ 38 ਅੱਤਵਾਦੀਆਂ ਅਤੇ 2 ਪਾਕਿਸਤਾਨੀ ਸੈਨਿਕਾਂ ਨੂੰ ਮਾਰ ਦਿੱਤਾ ਸੀ। ਇਸੇ ਤਰ੍ਹਾਂ, ਪੁਲਵਾਮਾ ਹਮਲਾ 14 ਫਰਵਰੀ 2019 ਨੂੰ ਹੋਇਆ ਸੀ, ਜਿਸ ਦੇ 12 ਦਿਨਾਂ ਬਾਅਦ ਭਾਰਤੀ ਹਵਾਈ ਸੈਨਾ ਨੇ ਪਾਕਿਸਤਾਨ ਦੇ ਬਾਲਾਕੋਟ ਵਿੱਚ ਹਵਾਈ ਹਮਲਾ ਕੀਤਾ ਸੀ। ਅੱਤਵਾਦੀ ਕੈਂਪ ਤਬਾਹ ਕਰ ਦਿੱਤੇ ਗਏ। ਇਹੀ ਕਾਰਨ ਹੈ ਕਿ ਸਵਾਲ ਉਠਾਏ ਜਾ ਰਹੇ ਹਨ ਕਿ ਇਸ ਵਾਰ ਬਹੁਤ ਜ਼ਿਆਦਾ ਸਮਾਂ ਲੰਘ ਗਿਆ ਹੈ।

ਦੋਸਤੋ, ਜੇਕਰ ਅਸੀਂ ਜੰਗ ਲਈ ਸਬਰ ਦੀ ਲੋੜ ਦੀ ਗੱਲ ਕਰੀਏ ਤਾਂ ਸਰਕਾਰ ਸਪੱਸ਼ਟ ਤੌਰ 'ਤੇ ਕਹਿ ਰਹੀ ਹੈ ਕਿ ਬਦਲਾ ਜ਼ਰੂਰ ਲਵੇਗੀ ਪਰ ਥੋੜ੍ਹਾ ਜਿਹਾ ਸਬਰ ਬਣਾਈ ਰੱਖਣ ਦੀ ਲੋੜ ਹੈ ਅਤੇ ਅਜਿਹਾ ਨਹੀਂ ਹੈ ਕਿ ਸਰਕਾਰ ਨੇ ਕੁਝ ਨਹੀਂ ਕੀਤਾ, ਪਰ ਜੰਗ ਲਈ ਬਹੁਤ ਸਾਰੀਆਂ ਗੱਲਾਂ ਸੋਚ-ਸਮਝ ਕੇ ਕਰਨੀਆਂ ਪੈਂਦੀਆਂ ਹਨ, ਫੌਜ ਨੂੰ ਹਰ ਤਰ੍ਹਾਂ ਦੀਆਂ ਤਿਆਰੀਆਂ ਕਰਨੀਆਂ ਪੈਂਦੀਆਂ ਹਨ, ਜੇਕਰ ਫੌਜ ਜੰਗ ਲਈ ਤਿਆਰੀ ਕਰਦੀ ਹੈ ਤਾਂ ਜਿੱਤਣਾ ਹੋਵੇਗਾ, ਹਾਰਨਾ ਹੋਵੇਗਾ, ਜੇਕਰ ਫੌਜ ਜੰਗ ਲਈ ਤਿਆਰੀ ਕਰਦੀ ਹੈ ਤਾਂ ਹਰ ਕੋਣ ਨੂੰ ਧਿਆਨ ਵਿੱਚ ਰੱਖੇਗੀ, ਇਹ ਸਭ ਤੋਂ ਮਾੜੇ ਹਾਲਾਤਾਂ ਨਾਲ ਕੰਮ ਕਰੇਗੀ। ਪਾਕਿਸਤਾਨ ਨਾਲ ਸਭ ਤੋਂ ਮਾੜੀ ਸਥਿਤੀ ਇਹ ਹੋ ਸਕਦੀ ਹੈ ਕਿ ਜੰਗ ਪੂਰੀ ਤਰ੍ਹਾਂ ਖਤਮ ਹੋ ਜਾਵੇਗੀ ਅਤੇ ਫਿਰ ਪ੍ਰਮਾਣੂ ਯੁੱਧ ਦਾ ਵਿਕਲਪ ਵੀ ਮੌਜੂਦ ਹੋਵੇਗਾ। ਜੰਗ ਦੀ ਸਥਿਤੀ ਵਿੱਚ ਫੌਜ ਨੂੰ ਹਰ ਮੋਰਚੇ ਦੀ ਦੇਖਭਾਲ ਕਰਨੀ ਪਵੇਗੀ। ਜੇਕਰ ਜੰਗ ਹੁੰਦੀ ਹੈ, ਤਾਂ ਇਹ ਸਿਰਫ਼ ਜੰਮੂ-ਕਸ਼ਮੀਰ ਵਿੱਚ ਹੀ ਨਹੀਂ ਸਗੋਂ ਅੰਤਰਰਾਸ਼ਟਰੀ ਸਰਹੱਦ 'ਤੇ ਵੀ ਹੋਵੇਗੀ, ਯਾਨੀ ਅਸੀਂ ਰਾਜਸਥਾਨ ਅਤੇ ਗੁਜਰਾਤ ਬਾਰੇ ਵੀ ਗੱਲ ਕਰ ਰਹੇ ਹਾਂ। ਸਾਨੂੰ ਇਹ ਵੀ ਸੋਚਣਾ ਪਵੇਗਾ ਕਿ ਜੇਕਰ ਜੰਗ ਹੁੰਦੀ ਹੈ, ਤਾਂ ਅੰਤਰਰਾਸ਼ਟਰੀ ਕੈਂਪ ਕੀ ਹੋਵੇਗਾ, ਯਾਨੀ ਕਿ ਕਿਹੜਾ ਦੇਸ਼ ਕਿਸ ਦਾ ਸਮਰਥਨ ਕਰੇਗਾ, ਕੌਣ ਪਾਕਿਸਤਾਨ ਦਾ ਸਮਰਥਨ ਕਰਨ ਲਈ ਆਵੇਗਾ, ਇਸ ਸਮੇਂ ਚੀਨ ਪੂਰੀ ਦੁਨੀਆ ਵਿੱਚ ਪਾਕਿਸਤਾਨ ਦਾ ਸਮਰਥਨ ਕਰਦਾ ਹੈ, ਇਸ ਲਈ ਸਾਨੂੰ ਇਹ ਵੀ ਦੇਖਣਾ ਪਵੇਗਾ ਕਿ ਜੇਕਰ ਜੰਗ ਹੁੰਦੀ ਹੈ, ਤਾਂ ਕੀ ਚੀਨ ਭਾਰਤ 'ਤੇ ਹਮਲਾ ਕਰ ਸਕਦਾ ਹੈ? ਮੈਂ ਤੁਹਾਨੂੰ ਇਹ ਸਾਰੀਆਂ ਗੱਲਾਂ ਇਸ ਲਈ ਦੱਸ ਰਿਹਾ ਹਾਂ ਤਾਂ ਜੋ ਤੁਸੀਂ ਸਮਝ ਸਕੋ ਕਿ ਭਾਰਤ ਇਨ੍ਹਾਂ ਸਾਰੇ ਕਾਰਕਾਂ ਨੂੰ ਦੇਖਣ ਤੋਂ ਬਾਅਦ ਹੀ ਕੋਈ ਕਾਰਵਾਈ ਕਰੇਗਾ।

ਇਸ ਲਈ, ਜੇਕਰ ਅਸੀਂ ਪੂਰੇ ਬਿਆਨ ਦਾ ਅਧਿਐਨ ਅਤੇ ਵਿਸ਼ਲੇਸ਼ਣ ਕਰੀਏ, ਤਾਂ ਸਾਨੂੰ ਪਤਾ ਲੱਗੇਗਾ ਕਿ ਭਾਰਤ-ਪਾਕਿ ਜੰਗ ਦਸਤਕ ਦੇ ਰਹੀ ਹੈ? – 54 ਸਾਲਾਂ ਬਾਅਦ, 7 ਮਈ 2025 ਨੂੰ, ਕੇਂਦਰ ਨੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਸਿਵਲ ਮੌਕ ਡ੍ਰਿਲ ਲਈ ਆਦੇਸ਼ ਜਾਰੀ ਕੀਤੇ। ਭਾਰਤ ਨੂੰ ਪਾਕਿਸਤਾਨ ਵਿਰੁੱਧ ਫੌਜੀ ਕਾਰਵਾਈ ਦੀ ਲੋੜ ਹੈ - ਰਣਨੀਤਕ ਤਿਆਰੀਆਂ ਪੂਰੀਆਂ, ਹੁਣ ਕਾਰਵਾਈ ਦੀ ਵਾਰੀ ਹੈ। ਕੀ ਪਾਕਿਸਤਾਨ ਭਾਰਤ ਦੀ ਕੂਟਨੀਤੀ ਅਤੇ ਫੌਜੀ ਤਿਆਰੀਆਂ, ਉੱਚ ਪੱਧਰੀ ਮੀਟਿੰਗਾਂ, ਅੱਤਵਾਦੀਆਂ ਵਿਰੁੱਧ ਰੂਸ ਅਤੇ ਅਮਰੀਕਾ ਸਮੇਤ ਅੰਤਰਰਾਸ਼ਟਰੀ ਸਹਿਯੋਗ ਤੋਂ ਡਰਦਾ ਹੈ?

-ਕੰਪਾਈਲਰ ਲੇਖਕ - ਟੈਕਸ ਮਾਹਿਰ ਕਾਲਮਨਵੀਸ ਸਾਹਿਤਕਾਰ ਅੰਤਰਰਾਸ਼ਟਰੀ ਲੇਖਕ ਚਿੰਤਕ ਕਵੀ ਸੰਗੀਤ ਮਾਧਿਅਮ ਸੀਏ(ਏ.ਟੀ.ਸੀ) ਐਡਵੋਕੇਟ ਕਿਸ਼ਨ ਸੰਮੁਖਦਾਸ ਭਵਨਾਨੀ ਗੋਂਡੀਆ ਮਹਾਰਾਸ਼ਟਰ 9284141425

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੇ ਬਲਾਕ ਬਲਾਚੌਰ ਦੀ ਮੀਟਿੰਗ ਹੋਈ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com



ਬਲਾਚੌਰ (ਚਰਨਜੀਤ ਸੱਲ੍ਹਾ )ਅੱਜ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਬਲਾਕ ਸੜੋਆ ਦੀ ਮਹੀਨਾਵਾਰ ਮੀਟਿੰਗ ਬਲਾਕ ਪ੍ਰਧਾਨ ਡਾਕਟਰ ਜਸਵੀਰ ਸਿੰਘ ਗੜ੍ਹੀ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਵਿਸ਼ੇਸ਼ ਤੌਰ ਤੇ ਜ਼ਿਲ੍ਹਾ ਚੇਅਰਮੈਨ ਡਾਕਟਰ ਸੁਰਿੰਦਰ ਪਾਲ ਸਿੰਘ ਜੈਨ ਪੁਰੀ ਪਹੁੰਚੇ ਅਤੇ ਕਾਠਗੜ੍ਹ ਦੇ ਬਲਾਕ ਪ੍ਰਧਾਨ ਡਾਕਟਰ ਰਜਿੰਦਰ ਸਿੰਘ ਲੱਕੀ ਵਿਸ਼ੇਸ਼ ਤੌਰ ਤੇ ਪਹੁੰਚੇ ਇਸ ਦੌਰਾਨ ਜ਼ਿਲ੍ਹਾ ਚੇਅਰਮੈਨ ਨੇ ਕਿਹਾ ਕਿ 1ਮਈ ਦੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਦਿੱਤੀ ਗਈ ਅਤੇ ਉਨ੍ਹਾਂ ਦੀ ਕੁਰਬਾਨੀ ਨੂੰ ਸਦਾ ਹੀ ਯਾਦ ਰੱਖਿਆ ਜਾਵੇਗਾ ਇਸ ਦੇ ਨਾਲ ਹੀ ਪਹਿਲਗਾਮ ਅੱਤਵਾਦੀ ਹਮਲੇ ਵਿਚ ਮਾਰੇ ਗਏ ਸਲਾਨੀਆ ਨੂੰ ਸ਼ਰਧਾਜਲੀ ਦਿੱਤੀ ਗਈ ਐਸੋਸੀਏਸ਼ਨ ਵਲੋ ਇਸ ਦੀ ਜੋਰਦਾਰ ਨਖੇਦੀ ਕੀਤੀ ਗਈ ਪਹਿਲਗਾਮ ਹਮਲੇ ਦੇ ਦੋਸ਼ੀਆ ਨੂੰ ਮੌਤ ਦੀ ਸਜ਼ਾ ਦਿੱਤੀ ਜਾਵੇ ਪੰਜਾਬ ਸਰਕਾਰ ਵਲੋਂ ਸਾਡੀਆ ਮਨੀਆ ਹੋਇਆ ਮੰਗਾ ਜਲਦੀ ਲਾਗੂ ਕੀਤੀਆਂ ਜਾਣ ਇਸ ਤਰ੍ਹਾਂ ਹਾਜਰ ਹੋਏ ਡਾ ਨਿਰਮਲ ਸਿੰਘ ਡਾ ਜਸਵੀਰ ਸਿੰਘ ਡਾ ਜੋਗਰਾਜ ਡਾ ਸੁਰਿੰਦਰ ਨੇਰਧ ਡਾ ਇਕਬਾਲ ਸਿੰਘ ਡਾ ਅਮਰਜੀਤ ਡਾ ਰਾਕੇਸ਼ ਸਿੰਘ ਡਾ ਹੈਪੀ ਡਾ ਜਗਤਾਰ ਡਾ ਜਗਜੀਵਨ ਡਾ ਪ੍ਰੇਮ ਕੁਮਾਰ ਡਾ ਲਲਿਤ ਕੁਮਾਰ ਡਾ ਗੁਰਦੇਵ ਸਿੰਘ ਡਾ ਦਿਲਬਾਗ ਸਿੰਘ ਆਦਿ ਹਾਜ਼ਰ ਸਨ ਪ੍ਰੈਸ ਸਕੱਤਰ ਡਾਕਟਰ

# ਪੰਜਾਬ ਦੇ ਪਾਣੀਆਂ ਤੇ ਸਿਰਫ ਪੰਜਾਬ ਦਾ ਹੱਕ - ਐਡਵੋਕੇਟ ਗੌਰਵ ਗੋਇਲ

## ਕੇਂਦਰ ਦੀ ਭਾਜਪਾ ਸਰਕਾਰ ਨੂੰ ਸੂਬੇ ਦੇ ਪਾਣੀਆਂ ਤੇ ਡਾਕਾ ਨਹੀਂ ਮਾਰਨ ਦੇਵਾਂਗੇ - ਗੁਰਲਾਲ ਸਿੰਘ



ਲਹਿਰਾਗਾਗਾ, 6 ਮਈ (ਜਗਸੀਰ ਸਿੰਘ) - ਪੰਜਾਬ ਦੇ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਦੇ ਸਪੁੱਤਰ ਐਡਵੋਕੇਟ ਗੌਰਵ ਗੋਇਲ ਨੇ ਪੰਜਾਬ ਦਾ ਪਾਣੀ ਹਰਿਆਣਾ ਨੂੰ ਨਾ ਦੇਣ ਦੀ ਵਕਾਲਤ ਕਰਦੇ ਹੋਏ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕੇਂਦਰ ਦੀ ਹਰੇਕ ਸਰਕਾਰ ਨੇ ਪੰਜਾਬ ਨਾਲ ਵਿਤਕਰਾ ਕੀਤਾ ਹੈ ਇਸ ਦੀ ਤਾਜ਼ਾ ਉਦਾਹਰਣ ਪੰਜਾਬ ਦੇ ਪਾਣੀਆਂ ਤੇ ਕੇਂਦਰ ਸਰਕਾਰ ਡਾਕਾ ਮਾਰਨ ਲਈ ਨਵੀਆਂ ਸਕੀਮਾਂ ਕੱਢ ਰਹੀ ਹੈ ਕੈਬਨਿਟ ਮੰਤਰੀ ਗੋਇਲ ਦੇ ਸਪੁੱਤਰ ਐਡਵੋਕੇਟ ਗੌਰਵ ਗੋਇਲ ਨੇ ਕਿਹਾ ਕੀ ਇਸ ਵਿਚ ਕੋਈ ਸ਼ੱਕ ਨਹੀਂ ਕਿ ਹਰਿਆਣਾ ਸਾਡਾ ਗੁਆਂਢੀ ਸੂਬਾ ਅਤੇ ਛੋਟਾ ਭਰਾ ਹੈ ਕੇਂਦਰ ਦੀ ਭਾਜਪਾ ਸਰਕਾਰ ਪੰਜਾਬ ਦੇ ਪਾਣੀਆਂ ਨੂੰ ਲੈ ਕੇ ਹਰਿਆਣਾ ਅਤੇ ਪੰਜਾਬ ਦੇ ਆਪਸੀ ਸਬੰਧਾਂ ਨੂੰ ਖਰਾਬ ਕਰਨ ਲਈ ਕੋਝੀਆਂ ਹਰਕਤਾਂ ਕਰ ਰਹੀ ਹੈ ਐਡਵੋਕੇਟ ਗੌਰਵ ਗੋਇਲ ਨੇ ਦੱਸਿਆ ਕਿ ਪੰਜਾਬ ਇੱਕ ਖੇਤੀ ਪ੍ਰਧਾਨ ਸੂਬਾ ਹੈ ਜਿੱਥੇ ਵੱਡੀ ਗਿਣਤੀ ਵਿੱਚ ਲੋਕ ਖੇਤੀਬਾੜੀ ਨਾਲ ਸਬੰਧਤ ਹਨ ਇਸ ਲਈ ਪੰਜਾਬ ਦੇ ਲੋਕਾਂ ਨੂੰ ਲੋੜ ਨਾਲੋਂ ਵੱਧ ਪਾਣੀ ਦੀ ਜ਼ਰੂਰਤ ਰਹਿੰਦੀ ਹੈ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਪ੍ਰਧਾਨ ਗੁਰਲਾਲ ਸਿੰਘ ਨੇ ਪਾਣੀਆਂ ਦੇ ਮਸਲੇ ਤੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਕੇਂਦਰ ਦੀ ਹਰੇਕ ਸਰਕਾਰ ਨੇ ਪੰਜਾਬ ਨਾਲ ਹਮੇਸ਼ਾ ਮਤਰੇਈ ਮਾਂ ਵਾਲਾ ਸਲੂਕ ਕੀਤਾ ਹੈ ਪੰਜਾਬ ਦੇ ਪਾਣੀਆਂ ਤੇ ਵਿਤਕਰਾ ਕਰਕੇ ਕੇਂਦਰ ਸਰਕਾਰ ਨੇ ਪੰਜਾਬ ਵਿਰੋਧੀ ਹੋਣ ਦਾ ਸਬੂਤ ਦਿੱਤਾ ਹੈ ਪ੍ਰਧਾਨ ਗੁਰਲਾਲ ਸਿੰਘ ਨੇ ਦੱਸਿਆ ਕਿ ਪੰਜਾਬ ਕੋਲ ਲੋੜ ਅਨੁਸਾਰ ਪਾਣੀ ਹੈ ਕੋਈ ਵਾਧੂ ਪਾਣੀ ਨਹੀ ਹੈ ਜਦੋਂ ਪੰਜਾਬ ਕੋਲ ਫਾਲਤੂ ਪਾਣੀ ਨਹੀਂ ਹੈ ਤਾਂ ਉਹ ਆਪਣੇ ਗੁਆਂਢੀ ਸੂਬੇ ਹਰਿਆਣੇ ਨੂੰ ਪਾਣੀ ਕਿਵੇਂ ਦੇ ਸਕਦਾ ਹੈ ਇਹ ਗੱਲ ਕੇਂਦਰ ਅਤੇ ਹਰਿਆਣਾ ਸਰਕਾਰ ਨੂੰ ਸਮਝ ਆਉਣੀ ਚਾਹੀਦੀ ਹੈ ਪੰਜਾਬ ਦੇ ਪਾਣੀਆਂ ਤੇ ਕਿਸੇ ਨੂੰ ਵੀ ਡਾਕਾ ਮਾਰਨ ਨਹੀਂ ਦਿੱਤਾ ਜਾਵੇਗਾ ਪ੍ਰਧਾਨ ਗੁਰਲਾਲ ਸਿੰਘ ਨੇ ਕੇਂਦਰ ਸਰਕਾਰ ਨੂੰ ਸਖ਼ਤ ਸ਼ਬਦਾਂ ਵਿੱਚ ਕਿਹਾ ਕਿ ਪੰਜਾਬ ਦੀ ਜਨਤਾ ਪੰਜਾਬ ਦੇ ਪਾਣੀਆਂ ਦੇ ਹੱਕਾਂ ਦੀ ਰਾਖੀ ਲਈ ਕਿਸੇ ਵੀ ਤਰ੍ਹਾਂ ਦੇ ਸੰਘਰਸ਼ ਲਈ ਤਿਆਰ ਹੈ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਦੇ ਸਪੁੱਤਰ ਐਡਵੋਕੇਟ ਗੌਰਵ ਗੋਇਲ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਗੁਰਲਾਲ ਸਿੰਘ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪੰਜਾਬ ਦੇ ਪਾਣੀਆਂ ਦੀ ਹੁਣ ਤਕ ਕੀਤੀ ਗਈ ਲੁੱਟ ਖਸੁੱਟ ਦਾ ਹਿਸਾਬ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕੇਂਦਰ ਦੀ ਭਾਜਪਾ ਸਰਕਾਰ ਤੋਂ ਲੈਕੇ ਹਟਣਗੇ।

# ਬੀਕੇਯੂ ਡਕੌਂਦਾ ਵੱਲੋਂ ਪੰਜਾਬ ਸਰਕਾਰ ਤੋਂ ਤੂਫਾਨ ਨਾਲ ਨੁਕਸਾਨੀਆਂ ਫਸਲਾਂ ਦੇ ਮੁਆਵਜ਼ੇ ਦੇਣ ਦੀ ਮੰਗ

## ਬਿਜਲੀ ਦੇ ਖੰਭੇ, ਟਰਾਂਸਫਾਰਮਰ ਅਤੇ ਹੋਰ ਟੁੱਟੀਆਂ ਤਾਰਾਂ ਨੂੰ ਤਰੁੰਤ ਠੀਕ ਕਰਕੇ ਬਿਜਲੀ ਦੀ ਸਪਲਾਈ ਨਿਰਵਿਘਨ ਕਰਨ ਦੀ ਮੰਗ , ਭਾਕਿਯੂ ਏਕਤਾ ਡਕੌਂਦਾ ਦੀ ਬਲਾਕ ਪੱਧਰੀ ਮੀਟਿੰਗ ਵਿੱਚ ਮਸਲੇ ਵਿਚਾਰੇ



ਦਲਜੀਤ ਕੌਰ

ਭਵਾਨੀਗੜ੍ਹ, 6 ਮਈ 2025: ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਬਲਾਕ ਪੱਧਰੀ ਮੀਟਿੰਗ ਬਲਾਕ ਪ੍ਰਧਾਨ ਚਮਕੌਰ ਸਿੰਘ ਭੱਟੀਵਾਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਕਰਮ ਸਿੰਘ ਬਲਿਆਲ, ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਭੱਟੀਵਾਲ ਵੀ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਭੱਟੀਵਾਲ ਨੇ ਬੀਤੇ ਦਿਨੀ ਆਏ ਤੂਫਾਨ ਨਾਲ ਨੁਕਸਾਨੀ ਗਈਆਂ ਫਸਲਾਂ ਦਾ ਮੁਆਵਜਾ ਦੇਣ ਬਾਰੇ ਸਰਕਾਰ ਤੋਂ ਮੰਗ ਕੀਤੀ। ਉਨ੍ਹਾਂ ਕਿਹਾ ਕਿ ਬਿਜਲੀ ਦੇ ਖੰਭੇ, ਟਰਾਂਸਫਾਰਮਰ ਅਤੇ ਹੋਰ ਟੁੱਟੀਆਂ ਤਾਰਾਂ ਨੂੰ ਜਲਦੀ ਤੋਂ ਜਲਦੀ ਠੀਕ ਕਰਕੇ ਬਿਜਲੀ ਦੀ ਸਪਲਾਈ ਨੂੰ ਨਿਰਵਿਘਨ ਕੀਤਾ ਜਾਵੇ।

ਇਸ ਮੌਕੇ ਸਰਕਾਰ ਤੋਂ ਮੰਗ ਕਰਦਿਆਂ ਗੁਰਮੀਤ ਸਿੰਘ ਭੱਟੀਵਾਲ ਨੇ ਮੰਗ ਕਰਦਿਆਂ ਕੋਪਰੇਟ ਸੁਸਾਇਟੀਆਂ ਵੱਲੋਂ ਬਿਨ੍ਹਾਂ ਵਜ੍ਹਾ ਕਿਸਾਨਾਂ ਨੂੰ ਤੰਗ ਪਰੇਸ਼ਾਨ ਕਰਨ ਤੇ ਕਿਸਾਨਾਂ ਵੱਲੋਂ ਹੱਦ ਕਰਜੇ ਦੀਆਂ ਲਿਮਟਾਂ ਦੀਆਂ ਪੇਮੈਂਟਾਂ ਜਮਾਂ ਕਰਾਉਣ ਤੋਂ ਬਾਅਦ ਸੁਸਾਇਟੀਆਂ ਵੱਲੋਂ ਫਰਦਾਂ ਦੀ ਮੰਗ ਕਰਨ ਦੀ ਸਖਤ ਸ਼ਬਦਾਂ ਵਿੱਚ ਨਿਖੇਦੀ ਕੀਤੀ ਗਈ ਅਤੇ ਤਾੜਨਾ ਕੀਤੀ ਗਈ ਜੇਕਰ ਕਿਸਾਨਾਂ ਨੂੰ ਇਸੇ ਤਰ੍ਹਾਂ ਤੰਗ ਪਰੇਸ਼ਾਨ ਕੀਤਾ ਗਿਆ ਤਾਂ ਕਿਸਾਨ ਯੂਨੀਅਨ ਡਕੌਂਦਾ ਸਰਕਾਰ ਖਿਲਾਫ ਕੋਈ ਵੀ ਕਾਰ ਕਾਰਵਾਈ ਕਰਨ ਲਈ ਮਜਬੂਰ ਹੋਵੇਗੀ।

ਇਸ ਮੌਕੇ ਕਿਸਾਨ ਨਛੱਤਰ ਸਿੰਘ ਝਨੇੜੀ, ਗੁਰਜੀਤ ਸਿੰਘ ਝਨੇੜੀ, ਲੱਖਾ ਸਿੰਘ ਕਪਿਆਲ, ਗੁਰਮੇਲ ਸਿੰਘ ਭੜੋ, ਗੁਰਜੰਟ ਸਿੰਘ ਫਤਿਹਗੜ੍ਹ ਛੰਨਾ, ਜਰਨੈਲ ਸਿੰਘ ਘਰਾਚੋਂ, ਗੁਰ ਧਿਆਨ ਸਿੰਘ ਭੱਟੀਵਾਲ, ਸੁਰਜੀਤ ਸਿੰਘ ਭੱਟੀਵਾਲ ਅਤੇ ਪਰਮਜੀਤ ਸਿੰਘ ਭੱਟੀਵਾਲ ਅਤੇ ਹੋਰ ਵੱਖ-ਵੱਖ ਪਿੰਡਾਂ ਦੇ ਕਿਸਾਨ ਸ਼ਾਮਿਲ ਹੋਏ।

# ਵਿਧਾਨ ਸਭਾ ਹਲਕਾ ਧੂਰੀ ਵਿੱਚ ਪੈਂਦੇ 40 ਪਿੰਡਾਂ ਦੇ ਮੋਘਿਆਂ ਅਤੇ ਨਹਿਰੀ ਪਾਣੀ ਦੇ ਮਸਲੇ ਵਿਚਾਰੇ

## - ਚੱਲ ਰਹੇ ਕੰਮ ਤੈਅ ਸਮਾਂ ਸੀਮਾ ਵਿੱਚ ਮੁਕੰਮਲ ਕਰਨ ਦੀ ਹਦਾਇਤ , - ਹਰੇਕ ਖੇਤ ਤੱਕ ਪਹੁੰਚੇਗਾ ਨਹਿਰੀ ਪਾਣੀ - ਚੇਅਰਮੈਨ ਦਲਵੀਰ ਸਿੰਘ ਢਿੱਲੋਂ



ਦਲਜੀਤ ਕੌਰ

ਸੰਗਰੂਰ, 6 ਮਈ, 2025: ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਹਰੇਕ ਖੇਤ ਨੂੰ ਨਹਿਰੀ ਪਾਣੀ ਦੀ ਸਹੂਲਤ ਨਾਲ ਜੋੜਨ ਦੀ ਸ਼ੁਰੂ ਕੀਤੀ ਕਵਾਇਦ ਤਹਿਤ ਵਿਧਾਨ ਸਭਾ ਹਲਕਾ ਧੂਰੀ ਦੇ ਵੱਖ ਵੱਖ ਖੇਤਰਾਂ ਵਿੱਚ ਕੰਮ ਬਹੁਤ ਜ਼ੋਰਾਂ ਉੱਤੇ ਜਾਰੀ ਹਨ। ਇਹਨਾਂ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਪੰਜਾਬ ਰਾਜ ਉਦਯੋਗਿਕ ਵਿਕਾਸ ਨਿਗਮ ਦੇ ਚੇਅਰਮੈਨ ਸ੍ਰ ਦਲਵੀਰ ਸਿੰਘ ਢਿੱਲੋਂ ਅਤੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਅਮਿਤ ਬੈਂਬੀ ਨੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਇਸ ਮੌਕੇ ਹਲਕਾ ਧੂਰੀ ਨਾਲ ਸਬੰਧਤ 40 ਪਿੰਡਾਂ ਦੇ ਕਿਸਾਨ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਸ੍ਰ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਇਸ ਮੀਟਿੰਗ ਵਿੱਚ ਹਲਕਾ ਧੂਰੀ ਵਿੱਚ ਪੈਂਦੇ 40 ਪਿੰਡਾਂ ਦੇ ਮੋਘਿਆਂ ਅਤੇ ਨਹਿਰੀ ਪਾਣੀ ਦੇ ਮਸਲੇ ਵਿਚਾਰੇ ਗਏ। ਹਲਕਾ ਧੂਰੀ ਵਿੱਚ ਹਜ਼ਾਰਾਂ ਏਕੜ ਤੋਂ ਵਧੇਰੇ ਰਕਬੇ ਨੂੰ ਪਹਿਲੀ ਵਾਰ ਨਹਿਰੀ ਪਾਣੀ ਮਿਲਣ ਜਾ ਰਿਹਾ ਹੈ। ਥਾਂ ਥਾਂ ਉੱਤੇ ਮੋਘਿਆਂ ਦਾ ਨਿਰਮਾਣ ਕੰਮ ਕਰਵਾਇਆ ਜਾ ਰਿਹਾ ਹੈ। ਵਿਧਾਨ ਸਭਾ ਹਲਕਾ ਧੂਰੀ ਵਿੱਚ ਨਹਿਰੀ ਪਾਣੀ ਟੇਲਾਂ ਤੱਕ ਪਹੁੰਚਾਉਣ ਲਈ ਬਹੁਤ ਯਤਨ ਕੀਤੇ ਜਾ ਰਹੇ ਹਨ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਕੋਸ਼ਿਸ਼ਾਂ ਸਦਕਾ ਜਲਦੀ ਹੀ ਹਰੇਕ ਖੇਤ ਤੱਕ ਨਹਿਰੀ ਪਾਣੀ ਪਹੁੰਚੇਗਾ।

ਉਹਨਾਂ ਕਿਹਾ ਕਿ ਬਣ ਰਹੇ ਮੋਘਿਆ ਨਾਲ ਇਲਾਕੇ ਦੇ ਹਜ਼ਾਰਾਂ ਕਿਸਾਨਾਂ ਦੇ ਖੇਤਾਂ ਨੂੰ ਨਹਿਰੀ ਪਾਣੀ ਦੀ ਸਹੂਲਤ ਮਿਲਣ ਲੱਗ ਜਾਵੇਗੀ। ਖੇਤੀ ਲਈ ਨਹਿਰੀ ਪਾਣੀ ਮਿਲਣ ਨਾਲ ਇਲਾਕੇ ਦੇ ਕਿਸਾਨਾਂ ਦੀ ਆਰਥਿਕਤਾ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਵਿੱਚ ਅਥਾਹ ਵਾਧਾ ਹੋਵੇਗਾ।

ਉਹਨਾਂ ਕਿਹਾ ਕਿ ਚੱਲ ਰਹੇ ਜਿਆਦਾਤਰ ਕੰਮ ਝੋਨੇ ਦੀ ਬਿਜਾਈ ਤੋਂ ਪਹਿਲਾਂ ਪਹਿਲਾਂ ਮੁਕੰਮਲ ਕਰਨ ਦਾ ਟੀਚਾ ਹੈ। ਅਗਾਮੀ ਝੋਨੇ ਦੀ ਬਿਜਾਈ ਮੌਕੇ ਕਿਸਾਨਾਂ ਨੂੰ ਮਹਿੰਗੇ ਭਾਅ ਦਾ ਡੀਜ਼ਲ ਵਰਤਣ ਦੀ ਲੋੜ ਨਹੀਂ ਪਵੇਗੀ। ਇਸ ਬੱਚਤ ਨਾਲ ਜਿੱਥੇ ਕਿਸਾਨਾਂ ਨੂੰ ਆਰਥਿਕ ਲਾਭ ਹੋਵੇਗਾ ਉਥੇ ਹੀ ਨਹਿਰੀ ਪਾਣੀ ਮਿਲਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵਿੱਚ ਵੀ ਵਾਧਾ ਹੋਵੇਗਾ। ਖੇਤੀ ਮਾਹਿਰਾਂ ਦਾ ਮੰਨਣਾ ਹੈ ਕਿ ਧਰਤੀ ਹੇਠਲੇ ਪਾਣੀ ਦੇ ਮੁਕਾਬਲੇ ਨਹਿਰੀ ਪਾਣੀ ਵਿੱਚ ਜ਼ਮੀਨ ਲਈ ਲੋੜੀਂਦੇ ਖੁਰਾਕੀ ਤੱਤ ਜ਼ਿਆਦਾ ਹੁੰਦੇ ਹਨ।

ਉਹਨਾਂ ਕਿਹਾ ਕਿ ਪਹਿਲਾਂ ਜਿਸ ਰਕਬੇ ਨੂੰ ਟਿਊਬਵੈੱਲ ਨਾਲ ਪਾਣੀ ਮਿਲਦਾ ਸੀ ਪਰ ਪਾਣੀ ਡੂੰਘੇ ਹੋਣ ਕਾਰਨ ਹੁਣ ਇਹ ਟਿਊਬਵੈੱਲ ਲਗਭਗ ਨਕਾਰਾ ਹੋ ਚੁੱਕੇ ਸਨ। ਉਹਨਾਂ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦਾ ਯੋਜਨਾਬੱਧ ਤਰੀਕੇ ਨਾਲ ਵਿਕਾਸ ਕੀਤਾ ਜਾ ਰਿਹਾ ਹੈ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ਼੍ਰੀ ਅਮਿਤ ਬੈਂਬੀ ਨੇ ਸਮੂਹ ਅਧਿਕਾਰੀਆਂ ਨੂੰ ਕਿਹਾ ਕਿ ਉਹ ਚੱਲ ਰਹੇ ਕੰਮ ਤੈਅ ਸਮਾਂ ਸੀਮਾ ਵਿੱਚ ਮੁਕੰਮਲ ਕਰਨ ਨੂੰ ਤਰਜੀਹ ਦੇਣ। ਬਿਨਾ ਵਜਾ ਦੇਰੀ ਕਰਨ ਵਾਲੇ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਮੀਟਿੰਗ ਵਿੱਚ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਸ੍ਰ ਰਾਜਵੰਤ ਸਿੰਘ ਘੁਲੀ, ਮੁੱਖ ਮੰਤਰੀ ਦੇ ਉਪ ਪ੍ਰਮੁੱਖ ਸਕੱਤਰ ਸ੍ਰੀ ਯਸ਼ਪਾਲ ਸ਼ਰਮਾ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ

# ਭਾਸ਼ਾ ਵਿਭਾਗ ਦਫ਼ਤਰ ਵੱਲੋਂ ਉਰਦੂ ਆਮੋਜ਼ ਕੋਰਸ ਸਰਟੀਫਿਕੇਟ ਵੰਡ ਸਮਾਗਮ



ਹੁਸ਼ਿਆਰਪੁਰ, 6 ਮਈ ( ਤਰਸੇਮ ਦੀਵਾਨਾ )

ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਵੱਲੋਂ ਕਰਵਾਏ ਜਾ ਰਹੇ ਛੇ ਮਹੀਨੇ ਦੇ ਉਰਦੂ ਆਮੋਜ਼ ਕੋਰਸ ਦੇ ਬੈਚ ਜੁਲਾਈ-ਦਸੰਬਰ 2024 ਦੇ ਵਿਦਿਆਰਥੀਆਂ ਨੂੰ ਇਹ ਕੋਰਸ ਸੰਪੰਨ ਕਰਨ ਉਪਰੰਤ ਸਰਟੀਫਿਕੇਟ ਵੰਡ ਸਮਾਗਮ ਕਰਵਾਇਆ ਗਿਆ, ਜਿਸ ਵਿਚ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਮੁੱਖ ਮਹਿਮਾਨ ਨੂੰ ਜੀ ਆਇਆਂ ਸ਼ਬਦ ਆਖਦਿਆਂ ਜ਼ਿਲ੍ਹਾ ਖੋਜ ਅਫ਼ਸਰ ਡਾ. ਜਸਵੰਤ ਰਾਏ ਨੇ ਭਾਸ਼ਾ ਵਿਭਾਗ ਵੱਲੋਂ ਕਰਵਾਏ ਜਾ ਰਹੇ ਉਰਦੂ ਆਮੋਜ਼ ਕੋਰਸ ਅਤੇ ਭਾਸ਼ਾ ਵਿਭਾਗ ਦੀਆਂ ਬਾਕੀ ਸਾਹਿਤਕ ਅਤੇ ਸਿਰਜਣਾਤਮਕ ਗਤੀਵਿਧੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਉਰਦੂ ਆਮੋਜ਼ ਦਾ ਇਮਤਿਹਾਨ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਭਾਰਤ ਦੀ ਪ੍ਰਾਚੀਨ ਬਹੁਤ ਖ਼ੂਬਸੂਰਤ ਜ਼ੁਬਾਨ ਹੈ। ਸਾਡੀ ਪੰਜਾਬੀ ਭਾਸ਼ਾ ਦਾ ਹਾਜ਼ਮਾ ਦਰੁਸਤ ਹੋਣ ਕਰਕੇ ਅਰਬੀ ਫ਼ਾਰਸੀ ਦੇ ਬਹੁਤ ਸਾਰੇ ਸ਼ਬਦਾਂ ਦਾ ਖ਼ਜ਼ਾਨਾ ਇਸ ਵਿਚ ਰਲ ਗਿਆ ਹੈ। ਇਸ ਨਾਲ ਪੰਜਾਬੀ ਭਾਸ਼ਾ ਦੇ ਸ਼ਬਦ ਭੰਡਾਰ ਵਿੱਚ ਸਿਰਫ਼ ਵਾਧਾ ਹੀ ਨਹੀਂ ਹੋਇਆ ਸਗੋਂ ਇਸ ਜ਼ੁਬਾਨ ਵਿਚ ਰੌਚਕਤਾ ਅਤੇ ਖੂਬਸੂਰਤੀ ਵੀ ਵਧੀ । ਭਾਸ਼ਾ ਵਿਭਾਗ ਵੱਲੋਂ ਕਰਵਾਇਆ ਜਾ ਰਿਹਾ ਉਰਦੂ ਆਮੋਜ਼ ਦਾ ਕੋਰਸ ਪੰਜਾਬੀ ਭਾਸ਼ਾ ਦੇ ਲੰਬੇ ਚੌੜੇ ਇਤਿਹਾਸ ਨੂੰ ਟਟੋਲਣ ਅਤੇ ਖੰਘਾਲਣ ਵਿੱਚ ਹੋਰ ਵਾਧਾ ਕਰੇਗਾ। ਇਸ ਕਰਕੇ ਵੱਧ ਤੋਂ ਵੱਧ ਵਿਦਿਆਰਥੀਆਂ ਅਤੇ ਪਾਠਕਾਂ ਨੂੰ ਇਸ ਕੋਰਸ ਨਾਲ ਜੁੜਨ ਦੀ ਲੋੜ ਹੈ। ਉਨ੍ਹਾਂ ਉਰਦੂ ਆਮੋਜ਼ ਦਾ ਇਮਤਿਹਾਨ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਤਕਸੀਮ ਕਰਕੇ ਵਧਾਈ ਦਿੱਤੀ। ਇਸ ਮੌਕੇ ਭਾਸ਼ਾ ਵਿਭਾਗ ਵੱਲੋਂ ਆਸ਼ਿਕਾ ਜੈਨ ਦਾ ਚਿਰਾਗ਼ ਮੈਗਜ਼ੀਨ ਨਾਲ ਸਨਮਾਨ ਕੀਤਾ ਗਿਆ। ਇਸ ਸਮੇਂ ਲਵਪ੍ਰੀਤ, ਲਾਲ ਸਿੰਘ, ਡਾ. ਬ੍ਰਿਜ ਭੂਸ਼ਨ ਉਰਦੂ ਅਧਿਆਪਕ, ਨਵਲੀਨ ਕੌਰ, ਪ੍ਰਿੰਸੀਪਲ ਚਰਨ ਸਿੰਘ, ਬਲਬੀਰ ਸਿੰਘ, ਗੁਰਬਿੰਦਰ ਸਿੰਘ, ਸੁਖਦੇਵ ਸਿੰਘ, ਵਰਿੰਦਰ ਪਾਲ ਸਿੰਘ, ਸਤਬੀਰ ਸਿੰਘ, ਸੀਮਾ, ਮਯੰਕ ਸ਼ਰਮਾ , ਪੁਸ਼ਪਾ ਰਾਣੀ ਆਦਿ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਅਤੇ ਐਸ.ਐਸ.ਪੀ. ਨੇ ਡੇਰਾ ਬਾਬਾ ਭਾਈ ਗੁਰਦਾਸ ਜੀ ਦੇ ਗੱਦੀ ਨਸ਼ੀਨ ਮਹੰਤ ਅੰਮ੍ਰਿਤ ਮੁਨੀ ਜੀ ਦੇ ਦਿਹਾਂਤ ‘ਤੇ ਕੀਤਾ ਦੁੱਖ ਦਾ ਪ੍ਰਗਟਾਵਾ

ਮਾਨਸਾ, 06 ਮਈ : (ਆਤਮਾ ਸਿੰਘ ਪਮਾਰ)

ਡੇਰਾ ਬਾਬਾ ਭਾਈ ਗੁਰਦਾਸ ਜੀ ਦੇ ਗੱਦੀ ਨਸ਼ੀਨ ਮਹੰਤ ਅੰਮ੍ਰਿਤ ਮੁਨੀ ਜੀ ਦੇ ਅਚਾਨਕ ਦਿਹਾਂਤ ਹੋਣ ਤੇ ਡਿਪਟੀ ਕਮਿਸ਼ਨਰ ਮਾਨਸਾ ਸ੍ਰ. ਕੁਲਵੰਤ ਸਿੰਘ ਆਈ.ਏ.ਐਸ. ਅਤੇ ਐਸ.ਐਸ.ਪੀ. ਮਾਨਸਾ ਸ੍ਰੀ ਭਾਗੀਰਥ ਸਿੰਘ ਮੀਨਾ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਕਿਹਾ ਕਿ ਮਹੰਤ ਜੀ ਦੇ ਦਿਹਾਂਤ ਨਾਲ ਜਿੱਥੇ ਧਾਰਮਿਕ ਅਤੇ ਸਮਾਜਿਕ ਜਗਤ ਨੂੰ ਵੱਡਾ ਘਾਟਾ ਪਿਆ ਹੈ, ਉਥੇ ਹੀ ਉਨ੍ਹਾਂ ਦੇ ਨਿੱਜੀ ਚਾਹੁਣ ਵਾਲੇ ਅਤੇ ਪ੍ਰਸ਼ੰਸਕਾਂ ਵਿਚਕਾਰ ਸੋਗ ਦੀ ਲਹਿਰ ਦੌੜ ਗਈ ਹੈ।

# ਸਰਬ ਨੌਜਵਾਨ ਸਭਾ ਵਲੋਂ ਲੜਕੀਆਂ ਨੂੰ ਆਤਮ ਨਿਰਭਰ ਬਨਾਉਣ ਦਾ ਉਪਰਾਲਾ ਸ਼ਲਾਘਾਯੋਗ- ਕੁਲਾਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ INTERNATIONAL PAPER, 94636 01616 hardipchumber57@gmail.com



ਫਗਵਾੜਾ 6 ਮਈ (ਸ਼ਿਵ ਕੌੜਾ) ਸਰਬ ਨੌਜਵਾਨ ਸਭਾ ਵੱਲੋਂ ਸਕੀਮ ਨੰਬਰ 3, ਹੁਸ਼ਿਆਰਪੁਰ ਰੋਡ ਫਗਵਾੜਾ ਵਿਖੇ ਸੋਸਵਾ ਪੰਜਾਬ ਦੇ ਸਹਿਯੋਗ ਨਾਲ ਚਲਾਏ ਜਾ ਰਹੇ ਲੜਕੀਆਂ ਦੇ ਵੋਕੇਸ਼ਨਲ ਟਰੇਨਿੰਗ ਸੈਂਟਰ ਨੂੰ ਐਨ.ਆਰ.ਆਈ ਗੁਰਦਿਆਲ ਸਿੰਘ ਕੁਲਾਰ (ਯੂ.ਐਸ.ਏ.) ਵੱਲੋਂ ਜਰਨੇਟਰ ਭੇਟ ਕੀਤਾ ਗਿਆ ਹੈ। ਇਸ ਮੌਕੇ ਗੱਲਬਾਤ ਕਰਦਿਆਂ ਉਹਨਾਂ ਦੱਸਿਆ ਕਿ ਸਰਬ ਨੌਜਵਾਨ ਸਭਾ ਵਲੋਂ ਵੂਮੈਨ ਇੰਪਾਵਰਮੈਂਟ ਅਤੇ ਲੜਕੀਆਂ ਨੂੰ ਆਤਮ ਨਿਰਭਰ ਬਨਾਉਣ ਦੇ ਕੀਤੇ ਜਾ ਰਹੇ ਉਪਰਾਲੇ ਤੋਂ ਉਹ ਬਹੁਤ ਪ੍ਰਭਾਵਿਤ ਹੋਏ ਹਨ। ਸੈਂਟਰ 'ਚ ਬਿਜਲੀ ਕਟੌਤੀ ਸਮੇਂ ਲੜਕੀਆਂ ਦੀ ਟ੍ਰੇਨਿੰਗ ਪ੍ਰਭਾਵਿਤ ਨਾ ਹੋਵੇ, ਇਸ ਲਈ ਉਹਨਾਂ ਨੇ ਜਨਰੇਟਰ ਭੇਂਟ ਕੀਤਾ ਹੈ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਐਨ.ਆਰ.ਆਈ. ਗੁਰਦਿਆਲ ਸਿੰਘ ਤੋਂ ਇਲਾਵਾ ਸਭਾ ਦੇ ਚੇਅਰਮੈਨ ਸੁਰੇਸ਼ ਮੱਲ੍ਹਣ ਅਮਰੀਕਾ, ਹੁਸਨ ਲਾਲ ਜਨਰਲ ਮੈਨੇਜਰ ਵਰਧਮਾਨ ਚੰਡੀਗੜ੍ਹ ਅਤੇ ਸਵਰਨ ਸਿੰਘ ਪ੍ਰਧਾਨ ਹਲਵਾਈ ਯੂਨੀਅਨ ਦਾ ਵੀ ਜਨਰੇਟਰ 'ਚ ਆਰਥਕ ਸਹਿਯੋਗ ਲਈ ਤਹਿ ਦਿਲੋਂ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਇਹ ਜਨਰੇਟਰ ਸੈਂਟਰ ਅਤੇ ਸਭਾ ਵਲੋਂ ਕੀਤੇ ਜਾਣ ਵਾਲੇ ਸਮਾਜਕ ਭਲਾਈ ਕਾਰਜਾਂ ਲਈ ਬਹੁਤ ਲਾਹੇਵੰਦ ਬਣੇਗਾ। ਉਹਨਾਂ ਕਿਹਾ ਕਿ ਇਸ ਤਰ੍ਹਾਂ ਦੇ ਸਹਿਯੋਗ ਨਾਲ ਸਭਾ ਦੀ ਸਮੁੱਚੀ ਟੀਮ ਦੀ ਹੌਂਸਲਾ ਅਫਜਾਈ ਹੁੰਦੀ ਹੈ ਅਤੇ ਹੋਰ ਤਨਦੇਹੀ ਨਾਲ ਸੇਵਾ ਕਾਰਜ ਕਰਨ ਦੀ ਪ੍ਰੇਰਣਾ ਮਿਲਦੀ ਹੈ। ਸਭਾ ਵਲੋਂ ਐਨ.ਆਰ. ਆਈ. ਗੁਰਦਿਆਲ ਸਿੰਘ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਸਭਾ ਦੇ ਜਨਰਲ ਸਕੱਤਰ ਵਿਜੇ ਕੁਮਾਰ, ਨਰਿੰਦਰ ਸੈਣੀ, ਗੁਰਸ਼ਰਨ ਬਾਸੀ, ਮੈਡਮ ਤਨੂ, ਮੈਡਮ ਆਸ਼ੂ ਬੱਗਾ, ਮੈਡਮ ਸਪਨਾ ਸ਼ਾਰਦਾ, ਮੈਡਮ ਨਵਜੋਤ ਕੌਰ, ਮਨਦੀਪ ਬਾਸੀ ਤੇ ਸਤਪਾਲ ਚੱਕਪ੍ਰੇਮਾ ਤੋਂ ਇਲਾਵਾ ਸੈਂਟਰ ਦੀਆਂ ਸਿੱਖਿਆਰਥਣਾਂ ਸਿਮਰਨ, ਅਮਨਪ੍ਰੀਤ, ਕੋਮਲ, ਹਰਮਨ, ਕਿਰਨ, ਮਮਤਾ, ਹਰਮੀਨ, ਅੰਜਲੀ ਕੁਮਾਰੀ, ਪ੍ਰਿਯੰਕਾ, ਨੇਹਾ, ਗਗਨਦੀਪ, ਸੰਜਨਾ, ਪਰਭਜੋਤ, ਖੁਸ਼ੀ, ਅੰਜਲੀ ਹੀਰ, ਸਵੀਟੀ, ਨੀਰਜ, ਸਨੇਹਾ, ਜਸਪ੍ਰੀਤ, ਪ੍ਰਿਆ, ਰੀਤਾ, ਨੇਹਾ, ਰਿੰਪੀ ਰਾਣੀ, ਸੁਰਜੀਤ, ਖੁਸ਼ੀ, ਰਜਨੀ, ਜਸਪ੍ਰੀਤ ਕੌਰ, ਸੀਮਾ, ਨਿਸ਼ਾ, ਜਯੋਤੀ, ਰਮਨ, ਕਮਲ, ਲਵਪ੍ਰੀਤ, ਅੰਜਨਾ, ਕੌਸ਼ਲਿਆ, ਰੇਸ਼ਮੀ, ਪਿੰਕੀ, ਗੁਰਪ੍ਰੀਤ ਕੌਰ, ਮਨਪ੍ਰੀਤ ਕੌਰ, ਹਰਪ੍ਰੀਤ ਕੌਰ, ਦਿਲਜੋਤ, ਅਮਨਦੀਪ, ਮਨਰਾਜ, ਕਮਲ, ਗੁਰਪ੍ਰੀਤ ਕੌਰ, ਰਮਨਦੀਪ, ਜਯੋਤੀ, ਰੇਨੂਕਾ, ਜੈਸਮੀਨ, ਲਵਲੀਨ, ਮੇਘਾ, ਬਲਜੀਤ, ਕਮਲਪ੍ਰੀਤ, ਗੁਰਪ੍ਰੀਤ, ਪ੍ਰਿਯੰਕਾ, ਕਾਜਲ, ਅਮਨਪ੍ਰੀਤ, ਅਮਨਦੀਪ, ਕਾਮਨੀ , ਭਾਵਨਾ, ਲਵਲੀਨ, ਜ਼ਸ਼ਨ, ਹਰਪ੍ਰੀਤ, ਦਿਲਜੋਤ ਆਦਿ ਹਾਜ਼ਰ ਸਨ।

# ਪਿੰਡਾਂ/ਵਾਰਡਾਂ ਵਿੱਚ ਰੱਖਿਆ ਕਮੇਟੀਆਂ ਨੂੰ ਨਸ਼ਿਆਂ ਖਿਲਾਫ਼ ਜਾਗਰੂਕ ਕਰਨ ਲਈ ਨਸ਼ਾ ਮੁਕਤੀ ਯਾਤਰਾਵਾਂ 07 ਮਈ ਤੋਂ: ਡਿਪਟੀ ਕਮਿਸ਼ਨਰ ਟੀ. ਬੈਨਿਥ

## ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪ੍ਰਬੰਧ ਮੁਕੰਮਲ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ INTERNATIONAL PAPER, 94636 01616 hardipchumber57@gmail.com



ਦਲਜੀਤ ਕੌਰ

ਸੰਗਰੂਰ, 06 ਮਈ, 2025: ਮੁੱਖ ਮੰਤਰੀ, ਪੰਜਾਬ, ਸ. ਭਗਵੰਤ ਸਿੰਘ ਮਾਨ ਵੱਲੋਂ ਬੀਤੀ 24 ਫਰਵਰੀ ਤੋਂ ਆਰੰਭੀ ਨਸ਼ਿਆਂ ਖਿਲਾਫ ਫੈਸਲਾਕੁੰਨ ਲੜਾਈ ਦੇ ਅਗਲੇ ਪੜਾਅ ਵਜੋਂ ਹੁਣ ਸਰਕਾਰ ਵੱਲੋਂ ਨਸ਼ਾ ਮੁਕਤੀ ਯਾਤਰਾ ਤਹਿਤ ਪਿੰਡ ਪੱਧਰ ਅਤੇ ਵਾਰਡ ਪੱਧਰ 'ਤੇ ਜਾ ਕੇ ਰੱਖਿਆ ਕਮੇਟੀਆਂ ਨਾਲ ਜਾਗਰੂਕਤਾ ਮੀਟਿੰਗਾਂ ਦਾ ਸਿਲਸਿਲਾ ਆਰੰਭਿਆ ਗਿਆ ਹੈ।

ਇਨ੍ਹਾਂ ਮੀਟਿੰਗਾਂ ਦਾ ਮੰਤਵ ਪਿੰਡ ਰੱਖਿਆ ਕਮੇਟੀਆਂ ਅਤੇ ਵਾਰਡ ਰੱਖਿਆ ਕਮੇਟੀਆਂ ਦੇ ਮੈਂਬਰਾਂ ਨੂੰ ਨਸ਼ਾ ਤਸਕਰਾਂ ਦੀਆਂ ਗਤੀਵਿਧੀਆਂ ਪੁਲਿਸ ਅਤੇ ਜ਼ਿਲ੍ਹਾ ਪ੍ਰਸ਼ਾਸਨ ਤੱਕ ਪਹੁੰਚਾਉਣ, ਨਸ਼ਾ ਪੀੜਤਾਂ ਦੇ ਇਲਾਜ ਲਈ ਉਹਨਾਂ ਨੂੰ ਪ੍ਰੇਰ ਕੇ ਨਸ਼ਾ ਮੁਕਤੀ ਕੇਂਦਰਾਂ ਤੱਕ ਲਿਆਉਣ ਲਈ ਜਾਗਰੂਕ ਕਰਨਾ ਹੋਵੇਗਾ।

ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਟੀ.ਬੈਨਿਥ ਨੇ ਦੱਸਿਆ ਕਿ ਜ਼ਿਲ੍ਹੇ ਵਿਚਲੇ ਸਾਰੇ ਹਲਕਿਆਂ ਵਿੱਚ ਇਹ ਯਾਤਰਾ 07 ਮਈ ਤੋਂ ਸ਼ੁਰੂ ਹੋਵੇਗੀ, ਜਦਕਿ ਹਲਕਾ ਸੁਨਾਮ ਵਿਖੇ ਇਹ ਯਾਤਰਾ 08 ਮਈ ਤੋਂ ਸ਼ੁਰੂ ਹੋਵੇਗੀ।

ਵਿਧਾਨ ਸਭਾ ਹਲਕਾ ਧੂਰੀ ਦੇ ਪਿੰਡ ਭੁਲਰਹੇੜੀ ਵਿਖੇ ਸ਼ਾਮ 04 ਵਜੇ, ਭਲਵਾਨ ਵਿਖੇ ਸ਼ਾਮ 05 ਵਜੇ ਅਤੇ ਪਲਾਸੌਰ ਵਿਖੇ ਸ਼ਾਮ 06 ਵਜੇ ਇਸ ਯਾਤਰਾ ਤਹਿਤ ਮੀਟਿੰਗਾਂ ਕੀਤੀਆਂ ਜਾਣਗੀਆਂ।

ਸੰਗਰੂਰ ਹਲਕੇ ਵਿੱਚ ਨਸ਼ਾ ਮੁਕਤੀ ਯਾਤਰਾ ਦੀ ਅਗਵਾਈ ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਕੀਤੀ ਜਾਵੇਗੀ ਤੇ ਪਿੰਡ ਭਿੰਡਰਾਂ ਵਿਖੇ ਸ਼ਾਮ 04 ਵਜੇ, ਘਾਬਦਾਂ ਵਿਖੇ 05 ਵਜੇ ਅਤੇ ਸੰਗਰੂਰ ਵਾਰਡ ਨੰਬਰ 01 ਵਿਖੇ ਸ਼ਾਮ 06 ਵਜੇ ਇਸ ਯਾਤਰਾ ਤਹਿਤ ਮੀਟਿੰਗਾਂ ਕੀਤੀਆਂ ਜਾਣਗੀਆਂ।

ਹਲਕਾ ਦਿੜ੍ਹਬਾ ਵਿਖੇ ਨਸ਼ਾ ਮੁਕਤੀ ਯਾਤਰਾ ਦੀ ਅਗਵਾਈ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਕਰਨਗੇ ਤੇ ਮਹਿਲਾਂ ਚੌਂਕ ਵਿਖੇ ਬਾਅਦ ਦੁਪਹਿਰ 03 ਵਜੇ, ਮੌੜਾਂ ਵਿਖੇ ਸ਼ਾਮ 04 ਵਜੇ ਅਤੇ ਗੁਜਰਾਂ ਵਿਖੇ ਸ਼ਾਮ 05 ਵਜੇ ਇਸ ਯਾਤਰਾ ਤਹਿਤ ਮੀਟਿੰਗਾਂ ਕੀਤੀਆਂ ਜਾਣਗੀਆਂ।

ਹਲਕਾ ਲਹਿਰਾ ਵਿਖੇ ਕੈਬਨਿਟ ਮੰਤਰੀ ਬਰਿੰਦਰ ਗੋਇਲ ਨਸ਼ਾ ਮੁਕਤੀ ਯਾਤਰਾ ਦੀ ਅਗਵਾਈ ਕਰਨਗੇ ਤੇ ਕੋਟੜਾ ਲਿਹਲ ਵਿਖੇ ਸ਼ਾਮ 04 ਵਜੇ, ਆਲਮਪੁਰ ਵਿਖੇ ਸ਼ਾਮ 05 ਵਜੇ ਅਤੇ ਲਹਿਰਾ ਵਾਰਡ ਨੰਬਰ 01 ਵਿਖੇ ਸ਼ਾਮ 06 ਵਜੇ ਇਸ ਯਾਤਰਾ ਤਹਿਤ ਮੀਟਿੰਗਾਂ ਕੀਤੀਆਂ ਜਾਣਗੀਆਂ।

ਹਲਕਾ ਸੁਨਾਮ ਵਿਖੇ ਕੈਬਨਿਟ ਮੰਤਰੀ ਅਮਨ ਅਰੋੜਾ ਇਸ ਨਸ਼ਾ ਮੁਕਤੀ ਯਾਤਰਾ ਤਹਿਤ 08 ਮਈ ਨੂੰ ਸ਼ਾਮ 04 ਵਜੇ ਪਿੰਡ ਬਡਰੁੱਖਾਂ, 05 ਵਜੇ ਬਹਾਦਰਪੁਰ ਅਤੇ ਸ਼ਾਮ 06 ਵਜੇ ਲਿੱਦੜਾਂ ਵਿਖੇ ਮੀਟਿੰਗਾਂ ਦੀ ਅਗਵਾਈ ਕਰਨਗੇ।

ਡਿਪਟੀ ਕਮਿਸ਼ਨਰ ਨੇ ਅੱਜ ਸਾਰੀਆਂ ਸਬ ਡਿਵੀਜ਼ਨਾਂ ਦੇ ਉਪ ਮੰਡਲ ਮੈਜਿਸਟਰੇਟਾਂ ਨਾਲ ਰਾਬਤਾ ਕਰ ਕੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਨਾਲ ਹੀ ਉਹਨਾਂ ਨੇ ਸਮੂਹ ਪਿੰਡਾਂ ਅਤੇ ਵਾਰਡਾਂ ਦੇ ਲੋਕਾਂ ਨੂੰ ਆਪੋ ਆਪਣੇ ਪਿੰਡ ਵਿੱਚ ਹੋਣ ਵਾਲੀ ਯਾਤਰਾ ਵਿੱਚ ਵੱਡੇ ਪੱਧਰ 'ਤੇ ਸ਼ਮੂਲੀਅਤ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਸਭਨਾਂ ਦਾ ਇਹ ਫਰਜ਼ ਬਣ ਜਾਂਦਾ ਹੈ ਕਿ ਸਰਕਾਰ ਵੱਲੋਂ ਸ਼ੁਰੂ ਕੀਤੀ ਇਸ ਮੁਹਿੰਮ ਵਿੱਚ ਡੱਟ ਕੇ ਸਾਥ ਦਿੱਤਾ ਜਾਵੇ

# ਆਦਿਵਾਸੀ ਇਲਾਕਿਆਂ 'ਚ ਹਕੂਮਤੀ ਜ਼ਬਰ ਵਿਰੁੱਧ ਸੰਗਰੂਰ ਵਿਖੇ ਸੂਬਾਈ ਕਨਵੈਨਸ਼ਨ ਤੇ ਮੁਜ਼ਾਹਰਾ ਕਰਨ ਦਾ ਐਲਾਨ

## - ਓਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਵੱਲੋਂ 22 ਮਈ ਨੂੰ ਸੰਗਰੂਰ ਵਿਖੇ ਹੋਵੇਗਾ ਸੂਬਾਈ ਰੋਸ ਪ੍ਰਦਰਸ਼ਨ - ਜਮਹੂਰੀ ਹੱਕਾਂ ਦੀ ਬੁਲੰਦ ਆਵਾਜ਼ ਡਾ. ਨਵਸ਼ਰਨ ਹੋਣਗੇ ਮੁੱਖ ਵਕਤਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ INTERNATIONAL PAPER, 94636 01616 hardipchumber57@gmail.com

ਦਲਜੀਤ ਕੌਰ

ਚੰਡੀਗੜ੍ਹ/ਜਲੰਧਰ, 6 ਮਈ 2025: ਬਸਤਰ ਅਤੇ ਹੋਰ ਆਦਿਵਾਸੀ ਇਲਾਕਿਆਂ ਅੰਦਰ ਨਕਸਲਵਾਦ ਨੂੰ ਖ਼ਤਮ ਕਰਨ ਦੇ ਨਾਂ ਹੇਠ ਕੀਤੇ ਜਾ ਰਹੇ ਕਤਲੇਆਮ ਵਿਰੁੱਧ ਆਵਾਜ਼ ਉਠਾਉਣ ਲਈ 22 ਮਈ ਨੂੰ ਪਰਲ ਪੈਲੇਸ (ਨੇੜੇ ਬਰਨਾਲਾ ਕੈਂਚੀਆਂ) ਸੰਗਰੂਰ ਵਿਖੇ ਜਬਰ ਵਿਰੁੱਧ ਸੂਬਾਈ ਕਨਵੈਨਸ਼ਨ ਕਰਨ ਉਪਰੰਤ ਮੁਜ਼ਾਹਰਾ ਕੀਤਾ ਜਾਵੇਗਾ। ਜਿਸ ਦੇ ਮੁੱਖ ਵਕਤਾ ਜਮਹੂਰੀ ਹੱਕਾਂ ਦੀ ਪਹਿਰੇਦਾਰ ਨਾਮਵਰ ਸ਼ਖ਼ਸੀਅਤ ਡਾ. ਨਵਸ਼ਰਨ ਹੋਣਗੇ।

ਇਹ ਜਾਣਕਾਰੀ ਦਿੰਦਿਆਂ ਓਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਦੇ ਸੂਬਾਈ ਕਨਵੀਨਰਾਂ ਡਾ.ਪਰਮਿੰਦਰ, ਪ੍ਰੋਫੈਸਰ ਏ.ਕੇ.ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ਪਾਲ ਨੇ ਕਿਹਾ ਕਿ ਮਾਓਵਾਦੀ ਅਤੇ ਹੋਰ ਹਥਿਆਰਬੰਦ ਰੂਪ 'ਚ ਭਾਰਤੀ ਸਟੇਟ ਨਾਲ ਹਥਿਆਰਬੰਦ ਟਕਰਾਅ ਨੰਗੇ ਅਨਿਆਂ ਅਤੇ ਘੋਰ ਨਾਬਰਾਬਰੀ 'ਤੇ ਆਧਾਰਤ ਮੌਜੂਦਾ ਰਾਜਨੀਤਕ ਪ੍ਰਬੰਧ ਦੀ ਲੋਕ ਵਿਰੋਧੀ ਕਾਰਗੁਜ਼ਾਰੀ 'ਚੋਂ ਉਪਜੀ ਸਮਾਜਿਕ ਬੇਚੈਨੀ ਦਾ ਨਤੀਜਾ ਹੈ। ਜਿਸ ਨੂੰ ਰਾਜਨੀਤਕ ਮਸਲੇ ਵਜੋਂ ਲੈ ਕੇ ਬੁਨਿਆਦੀ ਮਸਲੇ ਹੱਲ ਕਰਨ ਦੀ ਬਜਾਏ ਭਾਰਤੀ ਹੁਕਮਰਾਨ ਜੰਗਲੀ-ਪਹਾੜੀ ਇਲਾਕਿਆਂ ਨੂੰ ਸੁਰੱਖਿਆ ਬਲਾਂ ਦੀ ਵਿਆਪਕ ਛਾਉਣੀ ਬਣਾ ਕੇ ਅਤੇ 'ਓਪਰੇਸ਼ਨ ਕਗਾਰ' ਵਰਗੇ ਨੀਮ-ਫ਼ੌਜੀ ਓਪਰੇਸ਼ਨ ਚਲਾਕੇ ਸੰਘਰਸ਼ਸ਼ੀਲ ਦੱਬੇ ਕੁਚਲੇ ਲੋਕਾਂ ਦੀਆਂ ਲਾਸ਼ਾਂ ਵਿਛਾਉਣ ਦੀ ਨੀਤੀ 'ਤੇ ਚੱਲ ਰਹੇ ਹਨ।

ਉਨ੍ਹਾਂ ਕਿਹਾ ਕਿ 'ਮਾਰਚ 2026 ਤੱਕ ਨਕਸਲਵਾਦ ਦਾ ਸਫ਼ਾਇਆ ਕਰਨ' ਦੀ ਭਾਜਪਾ ਦੀ ਨੀਤੀ ਕਥਿਤ ਵਿਕਾਸ ਦੇ ਨਾਂ ਹੇਠ ਕਾਰਪੋਰੇਟ ਪ੍ਰੋਜੈਕਟਾਂ ਦਾ ਰਾਹ ਸਾਫ਼ ਕਰਨ ਦੀ ਫਾਸ਼ੀਵਾਦੀ ਨੀਤੀ ਹੈ ਜਿਸ ਦਾ ਮੁਲਕ ਦੇ ਹਿਤਾਂ ਅਤੇ ਲੋਕਾਂ ਦੀ ਬਿਹਤਰੀ ਨਾਲ ਕੋਈ ਲੈਣਾ-ਦੇਣਾ ਨਹੀਂ ਹੈ। ਇਹ ਦਰਅਸਲ, ਆਦਿਵਾਸੀਆਂ ਦੇ ਜਲ-ਜੰਗਲ-ਜ਼ਮੀਨ ਉੱਪਰ ਕੁਦਰਤੀ ਹੱਕ ਦੀ ਰਾਖੀ ਦੇ ਜਮਹੂਰੀ ਹੱਕ ਨੂੰ ਕੁਚਲਕੇ ਕੁਦਰਤੀ ਵਸੀਲਿਆਂ ਨਾਲ ਭਰਪੂਰ ਜੰਗਲੀ-ਪਹਾੜੀ ਇਲਾਕਿਆਂ ਅਤੇ ਹੋਰ ਜ਼ਮੀਨਾਂ ਉੱਪਰ ਕਾਰਪੋਰੇਟ ਪ੍ਰੋਜੈਕਟ ਥੋਪਣ ਦੀ ਲੋਕ ਵਿਰੋਧੀ ਸਾਜ਼ਿਸ਼ ਹੈ ਅਤੇ ਇਸੇ ਕਾਰਨ ਆਦਿਵਾਸੀਆਂ ਅਤੇ ਦੇਸ਼ ਦੇ ਹੋਰ ਲੋਕਾਂ ਨੂੰ ਇਹ 'ਵਿਕਾਸ' ਮਨਜ਼ੂਰ ਨਹੀਂ ਹੈ। ਪੰਜਾਬ ਵਿਚ ਜ਼ਮੀਨਾਂ, ਸਿੱਖਿਆ ਸਿਹਤ ਆਦਿ ਖੇਤਰਾਂ ਅਤੇ ਬਾਇਓ ਗੈਸ ਪਲਾਂਟਾਂ ਵਰਗੇ ਲੋਕ ਵਿਰੋਧੀ ਪ੍ਰੋਜੈਕਟਾਂ ਦਾ ਹੱਲਾ ਰੋਕਣ ਲਈ ਵੀ ਆਦਿਵਾਸੀਆਂ ਅਤੇ ਉਨ੍ਹਾਂ ਦੇ ਹਿੱਤਾਂ ਲਈ ਜੂਝਦੇ ਇਨਕਲਾਬੀਆਂ ਦੇ ਕਤਲੇਆਮ ਵਿਰੁੱਧ ਜਨਤਕ ਜਮਹੂਰੀ ਆਵਾਜ਼ ਦਾ ਉੱਠਣਾ ਸਮੇਂ ਦੀ ਅਹਿਮ ਮੰਗ ਹੈ।

ਉਨ੍ਹਾਂ ਦੱਸਿਆ ਕਿ ਇਸ ਜਮਹੂਰੀ ਇਕੱਠ ਦੀ ਕਾਮਯਾਬੀ ਲਈ ਵੱਖ-ਵੱਖ ਇਲਾਕਿਆਂ ਵਿਚ ਸੰਪਰਕ ਮੁਹਿੰਮ ਚਲਾਉਂਦੇ ਹੋਏ ਬੁੱਧੀਜੀਵੀਆਂ, ਲੇਖਕਾਂ, ਕਲਾਕਾਰਾਂ, ਰੰਗਕਰਮੀਆਂ, ਵਕੀਲਾਂ, ਪੱਤਰਕਾਰਾਂ ਸਮੇਤ ਪੰਜਾਬ ਦੀਆਂ ਸਮੂਹ ਲੋਕਪੱਖੀ ਤਾਕਤਾਂ ਨੂੰ ਦਨਦਨਾ ਰਹੇ ਜਾਬਰ ਹਮਲੇ ਵਿਰੁੱਧ ਆਵਾਜ਼ ਉਠਾਉਣ ਦੀ ਅਪੀਲ ਕੀਤੀ ਜਾਵੇਗੀ ਅਤੇ ਇਹ ਮੰਗ ਕੀਤੀ ਜਾਵੇਗੀ ਕਿ ਆਦਿਵਾਸੀ ਇਲਾਕਿਆਂ ਵਿਚ ਝੂਠੇ ਮੁਕਾਬਲਿਆਂ, ਡਰੋਨ ਹਮਲਿਆਂ ਅਤੇ ਹੋਰ ਰੂਪਾਂ ਵਿਚ ਕਤਲੇਆਮ ਬੰਦ ਕੀਤਾ ਜਾਵੇ, ਆਦਿਵਾਸੀ ਇਲਾਕਿਆਂ ਵਿੱਚੋਂ ਸਕਿਉਰਿਟੀ ਕੈਂਪ ਹਟਾਏ ਜਾਣ ਅਤੇ ਵਿਸ਼ੇਸ਼ ਸੁਰੱਖਿਆ ਤਾਕਤਾਂ ਵਾਪਸ ਬੁਲਾਈਆਂ ਜਾਣ; ਉਜਾੜੇ ਅਤੇ ਕਾਰਪੋਰੇਟ ਕਬਜ਼ੇ ਦਾ ਸੰਦ ਕਾਰਪੋਰੇਟ ਪੱਖੀ ਆਰਥਕ ਮਾਡਲ ਰੱਦ ਕੀਤਾ ਜਾਵੇ, ਜਲ-ਜੰਗਲ-ਜ਼ਮੀਨ ਉੱਪਰ ਆਦਿਵਾਸੀ ਲੋਕਾਂ ਦਾ ਕੁਦਰਤੀ ਹੱਕ ਤਸਲੀਮ ਕੀਤਾ ਜਾਵੇ, ਜਨਤਕ ਅੰਦੋਲਨਾਂ ਨੂੰ ਗ਼ੈਰਕਾਨੂੰਨੀ/ਪਾਬੰਦੀਸ਼ੁਦਾ ਕਰਾਰ ਦੇ ਕੇ ਕੁਚਲਣ ਅਤੇ ਹੁਕਮਰਾਨ ਜਮਾਤ ਦੀਆਂ ਲੋਕ ਵਿਰੋਧੀ ਨੀਤੀਆਂ ਉੱਪਰ ਸਵਾਲ ਉਠਾਉਣ ਵਾਲੇ ਚਿੰਤਕਾਂ ਤੇ ਜਮਹੂਰੀ ਕਾਰਕੁਨਾਂ ਨੂੰ ਝੂਠੇ ਕੇਸ ਬਣਾ ਕੇ ਜੇਲ੍ਹਾਂ ਵਿਚ ਡੱਕਣ ਦੀ ਨੀਤੀ ਬੰਦ ਕੀਤੀ ਜਾਵੇ ਅਤੇ ਜੇਲ੍ਹਾਂ ਵਿਚ ਡੱਕੇ ਰਾਜਨੀਤਕ ਕੈਦੀਆਂ ਤੇ ਆਮ ਲੋਕਾਂ ਨੂੰ ਰਿਹਾਅ ਕੀਤਾ ਜਾਵੇ।

# 12 ਮਈ ਨੂੰ ਅਧਿਕਾਰ ਰੈਲੀ ਜਲੰਧਰ ਵਿੱਚ ਆਪਣੀ ਆਵਾਜ਼ ਨੂੰ ਬੁਲੰਦ ਕਰਨ ਲਈ ਸਾਰੇ ਵਰਗਾਂ ਦੇ ਲੋਕ ਸ਼ਾਮਿਲ ਹੋਣ : ਖੋਸਲਾ

## * ਲੋਕਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਦੇਸ਼ ਦੇ ਪ੍ਰਧਾਨ ਮੰਤਰੀ ਦੇ ਨਾਮ ਦਿੱਤਾ ਜਾਵੇਗਾ ਮੰਗ ਪੱਤਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ INTERNATIONAL PAPER, 94636 01616 hardipchumber57@gmail.com



ਹੁਸ਼ਿਆਰਪੁਰ 6 ਮਈ ( ਤਰਸੇਮ ਦੀਵਾਨਾ ) ਡੇਮੋਕ੍ਰੇਟਿਕ ਭਾਰਤੀਯ ਲੋਕ ਦਲ ਦੀ ਇੱਕ ਅਹਿਮ ਮੀਟਿੰਗ ਰਾਜਿੰਦਰ ਕੁਮਾਰ ਦੇ ਗ੍ਰਹਿ ਪਿੰਡ ਬੀਸਲਾ ਵਿਖੇ ਡੇਮੋਕ੍ਰੇਟਿਕ ਭਾਰਤੀਯ ਦਲ ਦੇ ਰਾਸ਼ਟਰੀ ਚੈਅਰਮੈਨ ਪ੍ਰੇਮ ਸਾਰਸਰ ਦੀ ਅਗਵਾਈ ਹੇਠ ਕੀਤੀ ਗਈ। ਇਸ ਮੀਟਿੰਗ ਵਿਚ ਡੈਮੋਕ੍ਰੇਟਿਕ ਭਾਰਤੀਯ ਲੋਕ ਦਲ ਕੇ ਰਾਸ਼ਟਰੀ ਪ੍ਰਧਾਨ ਗੁਰਮੁੱਖ ਸਿੰਘ ਖੋਸਲਾ ਵੀ ਉਚੇਚੇ ਤੌਰ ਤੇ ਪਹੁੰਚੇ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਗੁਰਮੁੱਖ ਸਿੰਘ ਖੋਸਲਾ ਨੇ ਕਿਹਾ ਕਿ 12 ਮਈ ਨੂੰ ਸਵੇਰੇ 11 ਵਜੇ ਤੋਂ ਸ਼ਾਮ 4 ਵਜੇ ਤੱਕ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਅਧਿਕਾਰ ਰੈਲੀ ਪੁੱਡਾ ਗਰਾਊਂਡ ਵਿਚ ਸਾਹਮਣੇ ਡੀਸੀ ਦਫਤਰ ਜਲੰਧਰ ਵਿਖੇ ਕੀਤੀ ਜਾ ਰਹੀ ਹੈ।ਇਸ ਰੈਲੀ ਵਿੱਚ ਗ੍ਰਾਮ ਪੰਚਾਇਤ, ਨਗਰ ਕੌਂਸਲ ਅਤੇ ਕਾਰਪੋਰੇਸ਼ਨ ਕੱਚੇ ਸਫਾਈ ਮਜਦੂਰਾਂ ਨੂੰ ਪੱਕੇ ਕਰਨ,ਮਨਰੇਗਾ ਮਜ਼ਦੂਰ, ਭੱਠਾ ਮਜ਼ਦੂਰ, ਕੀਰਤੀ ਕਿਸਾਨ ਮਜ਼ਦੂਰ, ਪੰਜਾਬ ਵਿਚ ਸਾਢੇ 12% ਐਸ. ਸੀ ਕੋਟਾ ਲਾਗੂ ਕਰਾਉਣ ਅਤੇ ਬੇਰੋਜਗਾਰ ਵਰਗ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਦੇਸ਼ ਦੇ ਪ੍ਰਧਾਨ ਮੰਤਰੀ ਅਤੇ ਮੁੱਖ ਮੰਤਰੀ ਪੰਜਾਬ ਦੇ ਨਾਮ ਡਿਪਟੀ ਕਮਿਸ਼ਨਰ ਜਲੰਧਰ ਰਾਹੀਂ ਮੰਗ ਪੱਤਰ ਵੀ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਰੈਲੀ ਵਿੱਚ ਭਾਰਤ ਦੇ ਹੋਰਨਾਂ ਸੂਬਿਆਂ ਤੋਂ ਵੀ ਪਾਰਟੀ ਦੇ ਆਗੂ ਸਾਹਿਬਾਨ ਪਹੁੰਚਣਗੇ। ਖੋਸਲਾ ਨੇ ਪੰਜਾਬ ਦੇ ਹਰ ਵਰਗ ਦੇ ਲੋਕਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਆਪ ਸਭ ਨੇ ਆਪਣੇ ਹੱਕਾਂ, ਅਧਿਕਾਰਾਂ ਦੀ ਖਾਤਰ ਆਪਣੀ ਆਵਾਜ਼ ਨੂੰ ਬੁਲੰਦ ਕਰਨ ਲਈ ਇਸ ਰੈਲੀ ਵਿੱਚ ਸਮੇਂ ਸਿਰ ਆਪਣੇ ਸਾਥੀਆਂ ਸਮੇਤ ਪਹੁੰਚਣ ਦੀ ਕਿਰਪਾਲਤਾ ਕਰਨੀ ਇਸ ਮੌਕੇ ਰਾਜਿੰਦਰ ਕੁਮਾਰ ਅਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਰਾਸ਼ਟਰੀ ਪ੍ਰਧਾਨ ਗੁਰਮੁਖ ਸਿੰਘ ਖੋਸਲਾ ਦੇ ਪੱਗੜੀ ਬੰਨ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਹਿੰਦਰ ਸਿੰਘ ਭਾਮ , ਸ਼੍ਰੀ ਚੰਦ ਪ੍ਰਧਾਨ, ਰਘਵੀਰ ਸਰਵਾਣ , ਹਰੀ ਰਾਮ, ਸੁਖਦੇਵ, ਬਨਵਾਰੀ ਲਾਲ, ਗੱਬੂ, ਰਾਜੂ, ਕੜਾ, ਕਹਿਨਾਇਆ, ਮਹਿੰਦਰ ਸਿੰਘ ਮਹਿਮੋਵਾਲ ਆਦਿ ਸਾਥੀ ਮੌਜੂਦ ਸਨ।

# ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਵਿਗਿਆਨਕ) ਜ਼ਿਲ੍ਹਾ ਇਕਾਈ ਮਾਨਸਾ ਦੀ ਮੀਟਿੰਗ ਹੋਈ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ INTERNATIONAL PAPER, 94636 01616 hardipchumber57@gmail.com



ਮਾਨਸਾ 6 ਮਈ (ਆਤਮਾ ਸਿੰਘ ਪਮਾਰ) ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਵਿਗਿਆਨਕ) ਜ਼ਿਲ੍ਹਾ ਇਕਾਈ ਮਾਨਸਾ ਦੀ ਇੱਕ ਅਹਿਮ ਮੀਟਿੰਗ ਸੂਬਾਈ ਆਗੂ ਬਿੱਕਰ ਸਿੰਘ ਮਾਖਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਉਪਰੰਤ ਡਿਪਟੀ ਕਮਿਸ਼ਨਰ ਮਾਨਸਾ ਰਾਹੀਂ ਮੁੱਖ ਮੰਤਰੀ ਪੰਜਾਬ ਸ.ਭਗਵੰਤ ਸਿੰਘ ਮਾਨ ਦੇ ਨਾਮ 20 ਮਈ ਨੂੰ ਕੀਤੀ ਜਾ ਰਹੀ ਹੜਤਾਲ ਦੇ ਸੰਬੰਧ ਵਿੱਚ ਇੱਕ ਮੰਗ ਪੱਤਰ ਵੀ ਭੇਜਿਆ ਗਿਆ। ਇਸ ਸਮੇਂ ਹਿੰਮਤ ਸਿੰਘ ਦੂਲੋਵਾਲ ਮੇਜਰ ਸਿੰਘ ਬਾਜੇਵਾਲਾ, ਹਰਬੰਸ ਸਿੰਘ ਫਰਵਾਹੀ, ਜਸਪ੍ਰੀਤ ਸਿੰਘ ਮਾਨਸਾ, ਬਲਵਿੰਦਰ ਸਿੰਘ ਘਰਾਗਣਾਂ, ਗੁਰਪ੍ਰੀਤ ਸਿੰਘ ਮਾਨਸਾ ਗੁਰਸੇਵਕ ਸਿੰਘ ਭੀਖੀ ਆਦਿ ਆਗੂ ਹਾਜ਼ਰ ਸਨ। ਇਸ ਸਮੇਂ ਆਗੂਆਂ ਨੇ ਕਿਹਾ ਕਿ ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, ਕੱਚੇ ਅਤੇ ਆਊਟਸੋਰਸ ਕਾਮੇ ਪੱਕੇ ਕੀਤੇ ਜਾਣ, ਠੇਕੇਦਾਰੀ ਪ੍ਰਣਾਲੀ ਬੰਦ ਕੀਤੀ ਜਾਵੇ ਅਤੇ ਪੱਕੀ ਭਰਤੀ ਚਾਲੂ ਕੀਤੀ ਜਾਵੇ, ਡੀ ਏ ਦੀਆਂ ਕਿਸ਼ਤਾਂ ਦਾ ਪੁਰਾਣਾ ਬਕਾਇਆ ਜਾਰੀ ਕੀਤਾ ਜਾਵੇ, 37 ਪ੍ਰਕਾਰ ਦੇ ਬੰਦ ਕੀਤੇ ਭੱਤੇ ਬਹਾਲ ਕੀਤੇ ਜਾਣ ਘੱਟੋ ਘੱਟ ਉਜ਼ਰਤਾਂ 'ਚ ਵੀ ਵਾਧਾ ਕੀਤਾ ਜਾਵੇ ਆਸ਼ਾ ਵਰਕਰ ਮਿਡ ਡੇ ਮੀਲ ਵਰਕਰਾਂ ਦੇ ਮਾਣ ਭੱਤਾ ਵੀ ਵਧਾਇਆ ਜਾਵੇ ਵਾਟਰ ਵਰਕਸਾਂ ਦਾ ਪੰਚਾਇਤੀ ਕਰਨ ਬੰਦ ਕੀਤਾ ਜਾਵੇ। ਇਸ ਸਮੇਂ ਜ਼ਿਲ੍ਹਾ ਮਾਨਸਾ ਚੋਂ 20 ਮਈ ਦੀ ਹੜਤਾਲ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦਾ ਅਹਿਦ ਵੀ ਕੀਤਾ ਗਿਆ।

# ਆਦਿਵਾਸੀ ਇਲਾਕਿਆਂ 'ਚ ਹਕੂਮਤੀ ਜਬਰ ਵਿਰੁੱਧ ਸੰਗਰੂਰ ਵਿਖੇ ਸੂਬਾਈ ਕਨਵੈਨਸ਼ਨ ਅਤੇ ਮੁਜ਼ਾਹਰਾ 22 ਮਈ ਨੂੰ

## ਜਮਹੂਰੀ ਹੱਕਾਂ ਦੀ ਬੁਲੰਦ ਆਵਾਜ਼ ਡਾ. ਨਵਸ਼ਰਨ ਹੋਣਗੇ ਮੁੱਖ ਵਕਤਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ INTERNATIONAL PAPER, 94636 01616 hardipchumber57@gmail.com

ਜਲੰਧਰ, 6 ਮਈ: ਓਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਦੇ ਸੂਬਾਈ ਕਨਵੀਨਰਾਂ ਡਾ.ਪਰਮਿੰਦਰ, ਪ੍ਰੋਫੈਸਰ ਏ.ਕੇ.ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ਪਾਲ ਨੇ ਸੂਬਾ ਕਮੇਟੀ ਮੀਟਿੰਗ ਦੇ ਫ਼ੈਸਲਿਆਂ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਸਤਰ ਅਤੇ ਹੋਰ ਆਦਿਵਾਸੀ ਇਲਾਕਿਆਂ ਅੰਦਰ ਨਕਸਲਵਾਦ ਨੂੰ ਖ਼ਤਮ ਕਰਨ ਦੇ ਨਾਂ ਹੇਠ ਕੀਤੇ ਜਾ ਰਹੇ ਕਤਲੇਆਮ ਵਿਰੁੱਧ ਆਵਾਜ਼ ਉਠਾਉਣ ਲਈ 22 ਮਈ ਨੂੰ ਪਰਲ ਪੈਲੇਸ ( ਨੇੜੇ ਬਰਨਾਲਾ ਕੈਂਚੀਆਂ ) ਸੰਗਰੂਰ ਵਿਖੇ ਜਬਰ ਵਿਰੁੱਧ ਸੂਬਾਈ ਕਨਵੈਨਸ਼ਨ ਕਰਨ ਉਪਰੰਤ ਮੁਜ਼ਾਹਰਾ ਕੀਤਾ ਜਾਵੇਗਾ।

ਜਿਸ ਦੇ ਮੁੱਖ ਵਕਤਾ ਜਮਹੂਰੀ ਹੱਕਾਂ ਦੀ ਪਹਿਰੇਦਾਰ ਨਾਮਵਰ ਸ਼ਖ਼ਸੀਅਤ ਡਾ. ਨਵਸ਼ਰਨ ਹੋਣਗੇ। ਉਨ੍ਹਾਂ ਕਿਹਾ ਕਿ ਮਾਓਵਾਦੀ ਅਤੇ ਹੋਰ ਹਥਿਆਰਬੰਦ ਲਹਿਰਾਂ ਦੇ ਰੂਪ 'ਚ ਭਾਰਤੀ ਸਟੇਟ ਨਾਲ ਹਥਿਆਰਬੰਦ ਟਕਰਾਅ ਨੰਗੇ ਅਨਿਆਂ ਅਤੇ ਘੋਰ ਨਾਬਰਾਬਰੀ 'ਤੇ ਆਧਾਰਤ ਮੌਜੂਦਾ ਰਾਜਨੀਤਕ ਪ੍ਰਬੰਧ ਦੀ ਲੋਕ ਵਿਰੋਧੀ ਕਾਰਗੁਜ਼ਾਰੀ 'ਚੋਂ ਉਪਜੀ ਸਮਾਜਿਕ ਬੇਚੈਨੀ ਦਾ ਨਤੀਜਾ ਹੈ। ਜਿਸ ਨੂੰ ਰਾਜਨੀਤਕ ਮਸਲੇ ਵਜੋਂ ਲੈ ਕੇ ਬੁਨਿਆਦੀ ਮਸਲੇ ਹੱਲ ਕਰਨ ਦੀ ਬਜਾਏ ਭਾਰਤੀ ਹੁਕਮਰਾਨ ਜੰਗਲੀ-ਪਹਾੜੀ ਇਲਾਕਿਆਂ ਨੂੰ ਸੁਰੱਖਿਆ ਬਲਾਂ ਦੀ ਵਿਆਪਕ ਛਾਉਣੀ ਬਣਾ ਕੇ ਅਤੇ 'ਓਪਰੇਸ਼ਨ ਕਗਾਰ' ਵਰਗੇ ਨੀਮ-ਫ਼ੌਜੀ ਓਪਰੇਸ਼ਨ ਚਲਾਕੇ ਸੰਘਰਸ਼ਸ਼ੀਲ ਦੱਬੇ ਕੁਚਲੇ ਲੋਕਾਂ ਦੀਆਂ ਲਾਸ਼ਾਂ ਵਿਛਾਉਣ ਦੀ ਨੀਤੀ 'ਤੇ ਚੱਲ ਰਹੇ ਹਨ।

ਉਨ੍ਹਾਂ ਕਿਹਾ ਕਿ 'ਮਾਰਚ 2026 ਤੱਕ ਨਕਸਲਵਾਦ ਦਾ ਸਫ਼ਾਇਆ ਕਰਨ' ਦੀ ਭਾਜਪਾ ਦੀ ਨੀਤੀ ਕਥਿਤ ਵਿਕਾਸ ਦੇ ਨਾਂ ਹੇਠ ਕਾਰਪੋਰੇਟ ਪ੍ਰੋਜੈਕਟਾਂ ਦਾ ਰਾਹ ਸਾਫ਼ ਕਰਨ ਦੀ ਫਾਸ਼ੀਵਾਦੀ ਨੀਤੀ ਹੈ ਜਿਸ ਦਾ ਮੁਲਕ ਦੇ ਹਿਤਾਂ ਅਤੇ ਲੋਕਾਂ ਦੀ ਬਿਹਤਰੀ ਨਾਲ ਕੋਈ ਲੈਣਾ-ਦੇਣਾ ਨਹੀਂ ਹੈ। ਇਹ ਦਰਅਸਲ, ਆਦਿਵਾਸੀਆਂ ਦੇ ਜਲ-ਜੰਗਲ-ਜ਼ਮੀਨ ਉੱਪਰ ਕੁਦਰਤੀ ਹੱਕ ਦੀ ਰਾਖੀ ਦੇ ਜਮਹੂਰੀ ਹੱਕ ਨੂੰ ਕੁਚਲਕੇ ਕੁਦਰਤੀ ਵਸੀਲਿਆਂ ਨਾਲ ਭਰਪੂਰ ਜੰਗਲੀ-ਪਹਾੜੀ ਇਲਾਕਿਆਂ ਅਤੇ ਹੋਰ ਜ਼ਮੀਨਾਂ ਉੱਪਰ ਕਾਰਪੋਰੇਟ ਪ੍ਰੋਜੈਕਟ ਥੋਪਣ ਦੀ ਲੋਕ ਵਿਰੋਧੀ ਸਾਜ਼ਿਸ਼ ਹੈ ਅਤੇ ਇਸੇ ਕਾਰਨ ਆਦਿਵਾਸੀਆਂ ਅਤੇ ਦੇਸ਼ ਦੇ ਹੋਰ ਲੋਕਾਂ ਨੂੰ ਇਹ 'ਵਿਕਾਸ' ਮਨਜ਼ੂਰ ਨਹੀਂ ਹੈ। ਪੰਜਾਬ ਵਿਚ ਜ਼ਮੀਨਾਂ, ਸਿੱਖਿਆ ਸਿਹਤ ਆਦਿ ਖੇਤਰਾਂ ਅਤੇ ਬਾਇਓ ਗੈਸ ਪਲਾਂਟਾਂ ਵਰਗੇ ਲੋਕ ਵਿਰੋਧੀ ਪ੍ਰੋਜੈਕਟਾਂ ਦਾ ਹੱਲਾ ਰੋਕਣ ਲਈ ਵੀ ਆਦਿਵਾਸੀਆਂ ਅਤੇ ਉਨ੍ਹਾਂ ਦੇ ਹਿੱਤਾਂ ਲਈ ਜੂਝਦੇ ਇਨਕਲਾਬੀਆਂ ਦੇ ਕਤਲੇਆਮ ਵਿਰੁੱਧ ਜਨਤਕ ਜਮਹੂਰੀ ਆਵਾਜ਼ ਦਾ ਉੱਠਣਾ ਸਮੇਂ ਦੀ ਅਹਿਮ ਮੰਗ ਹੈ।

ਉਨ੍ਹਾਂ ਦੱਸਿਆ ਕਿ ਇਸ ਜਮਹੂਰੀ ਇਕੱਠ ਦੀ ਕਾਮਯਾਬੀ ਲਈ ਵੱਖ-ਵੱਖ ਇਲਾਕਿਆਂ ਵਿਚ ਸੰਪਰਕ ਮੁਹਿੰਮ ਚਲਾਉਂਦੇ ਹੋਏ ਬੁੱਧੀਜੀਵੀਆਂ, ਲੇਖਕਾਂ, ਕਲਾਕਾਰਾਂ, ਰੰਗਕਰਮੀਆਂ, ਵਕੀਲਾਂ, ਪੱਤਰਕਾਰਾਂ ਸਮੇਤ ਪੰਜਾਬ ਦੀਆਂ ਸਮੂਹ ਲੋਕਪੱਖੀ ਤਾਕਤਾਂ ਨੂੰ ਦਨਦਨਾ ਰਹੇ ਜਾਬਰ ਹਮਲੇ ਵਿਰੁੱਧ ਆਵਾਜ਼ ਉਠਾਉਣ ਦੀ ਅਪੀਲ ਕੀਤੀ ਜਾਵੇਗੀ ਅਤੇ ਇਹ ਮੰਗ ਕੀਤੀ ਜਾਵੇਗੀ ਕਿ ਆਦਿਵਾਸੀ ਇਲਾਕਿਆਂ ਵਿਚ ਝੂਠੇ ਮੁਕਾਬਲਿਆਂ, ਡਰੋਨ ਹਮਲਿਆਂ ਅਤੇ ਹੋਰ ਰੂਪਾਂ ਵਿਚ ਕਤਲੇਆਮ ਬੰਦ ਕੀਤਾ ਜਾਵੇ, ਆਦਿਵਾਸੀ ਇਲਾਕਿਆਂ ਵਿੱਚੋਂ ਸਕਿਉਰਿਟੀ ਕੈਂਪ ਹਟਾਏ ਜਾਣ ਅਤੇ ਵਿਸ਼ੇਸ਼ ਸੁਰੱਖਿਆ ਤਾਕਤਾਂ ਵਾਪਸ ਬੁਲਾਈਆਂ ਜਾਣ; ਉਜਾੜੇ ਅਤੇ ਕਾਰਪੋਰੇਟ ਕਬਜ਼ੇ ਦਾ ਸੰਦ ਕਾਰਪੋਰੇਟ ਪੱਖੀ ਆਰਥਕ ਮਾਡਲ ਰੱਦ ਕੀਤਾ ਜਾਵੇ, ਜਲ-ਜੰਗਲ-ਜ਼ਮੀਨ ਉੱਪਰ ਆਦਿਵਾਸੀ ਲੋਕਾਂ ਦਾ ਕੁਦਰਤੀ ਹੱਕ ਤਸਲੀਮ ਕੀਤਾ ਜਾਵੇ, ਜਨਤਕ ਅੰਦੋਲਨਾਂ ਨੂੰ ਗ਼ੈਰਕਾਨੂੰਨੀ/ਪਾਬੰਦੀਸ਼ੁਦਾ ਕਰਾਰ ਦੇ ਕੇ ਕੁਚਲਣ ਅਤੇ ਹੁਕਮਰਾਨ ਜਮਾਤ ਦੀਆਂ ਲੋਕ ਵਿਰੋਧੀ ਨੀਤੀਆਂ ਉੱਪਰ ਸਵਾਲ ਉਠਾਉਣ ਵਾਲੇ ਚਿੰਤਕਾਂ ਤੇ ਜਮਹੂਰੀ ਕਾਰਕੁਨਾਂ ਨੂੰ ਝੂਠੇ ਕੇਸ ਬਣਾ ਕੇ ਜੇਲ੍ਹਾਂ ਵਿਚ ਡੱਕਣ ਦੀ ਨੀਤੀ ਬੰਦ ਕੀਤੀ ਜਾਵੇ ਅਤੇ ਜੇਲ੍ਹਾਂ ਵਿਚ ਡੱਕੇ ਰਾਜਨੀਤਕ ਕੈਦੀਆਂ ਤੇ ਆਮ ਲੋਕਾਂ ਨੂੰ ਰਿਹਾਅ ਕੀਤਾ ਜਾਵੇ।

ਜਾਰੀ ਕਰਤਾ: ਡਾ. ਪਰਮਿੰਦਰ 95010-25030, ਬੂਟਾ ਸਿੰਘ ਮਹਿਮੂਦਪੁਰ 94634-74342, ਪ੍ਰੋਫੈਸਰ ਏ.ਕੇ. ਮਲੇਰੀ 98557-00310, ਯਸ਼ਪਾਲ 98145-35005

**ਤਨਵੀਰ ਕੌਰ, ਜਮਾਤ ਤੀਸਰੀ, ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਗੰਭੀਰਪੁਰ ਲੋਅਰ, ਜ਼ਿਲ੍ਹਾ ਰੂਪਨਗਰ, ਗਾਈਡ ਅਧਿਆਪਕ ਮਾਸਟਰ ਸੰਜੀਵ ਧਰਮਾਣੀ 9478561356**





# ਪੰਜਾਬ ਅਤੇ ਕੇਂਦਰ ਸਰਕਾਰ ਵੱਲੋਂ ਉਡਾਈਆਂ ਜਾ ਰਹੀਆਂ ਹਨ ਸੰਵਿਧਾਨ ਦੀਆਂ ਧੱਜੀਆਂ : ਡਿੰਪਾ, ਜ਼ੀਰਾ

## ਪਿੰਡ ਖੋਸਾ ਦਲ ਸਿੰਘ ਵਾਲਾ ਵਿਖੇ ਸੰਵਿਧਾਨ ਬਚਾਓ ਰੈਲੀ ਵਿੱਚ ਕਾਂਗਰਸੀ ਵਰਕਰਾਂ ਦਾ ਉਮੜਿਆ ਭਾਰੀ ਇਕੱਠ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ INTERNATIONAL PAPER, 94636 01616 hardipchumber57@gmail.com



ਜ਼ੀਰਾ 6 ਮਈ ( ਅੰਗਰੇਜ਼ ਬਰਾੜ ) - ਕਾਂਗਰਸ ਹਾਈਕਮਾਂਡ ਦੇ ਸੱਦੇ ਤੇ ਹਲਕਾ ਜ਼ੀਰਾ ਦੇ ਸਾਬਕਾ ਵਿਧਾਇਕ ਅਤੇ ਕਾਂਗਰਸ ਕਮੇਟੀ ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਕੁਲਬੀਰ ਸਿੰਘ ਜ਼ੀਰਾ ਵੱਲੋਂ ਜ਼ੀਰਾ- ਫਿਰੋਜ਼ਪੁਰ ਰੋਡ ਤੇ ਸਥਿਤ ਪਿੰਡ ਖੋਸਾ ਦਲ ਸਿੰਘ ਵਾਲਾ ਵਿਖੇ ਇੱਕ ਨਿੱਜੀ ਪੈਲਸ ਵਿੱਚ "ਸੰਵਿਧਾਨ ਬਚਾਓ" ਰੈਲੀ ਕੀਤੀ ਗਈ ਜਿਸ ਵਿੱਚ ਕਾਂਗਰਸ ਪਾਰਟੀ ਦੇ ਵਰਕਰਾਂ ਦਾ ਭਾਰੀ ਇਕੱਠ ਉਮੜਿਆ। ਇਸ ਦੌਰਾਨ ਸੰਬੋਧਨ ਕਰਦਿਆਂ ਸਾਬਕਾ ਮੈਂਬਰ ਪਾਰਲੀਮੈਂਟ ਜਸਬੀਰ ਸਿੰਘ ਡਿੰਪਾ ਅਤੇ ਕੁਲਬੀਰ ਸਿੰਘ ਜ਼ੀਰਾ ਨੇ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਬਾਬਾ ਸਾਹਿਬ ਭੀਮ ਰਾਓ ਅੰਬੇਦਕਰ ਵੱਲੋਂ ਲਿਖੇ ਗਏ ਸੰਵਿਧਾਨ ਨਾਲ ਛੇੜ ਛਾੜ ਕਰਨ ਦੇ ਵਿਰੁੱਧ ਸਮੁੱਚੇ ਪੰਜਾਬ ਵਿੱਚ ਲੋਕਾਂ ਨੂੰ ਇਸ ਦੇ ਪ੍ਰਤੀ ਜਾਗ੍ਰਿਤ ਕਰਨ ਲਈ ਇਹ"ਸੰਵਿਧਾਨ ਬਚਾਓ" ਰੈਲੀਆਂ ਕੀਤੀਆਂ ਜਾ ਰਹੀਆਂ ਹਨ। ਉਹਨਾਂ ਕਿਹਾ ਕਿ ਅੱਜ ਜਿੱਥੇ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਆਪਣੇ ਸੰਵਿਧਾਨਿਕ ਹੱਕ ਰੋਸ ਪ੍ਰਦਰਸ਼ਨ ਅਤੇ ਧਰਨੇ ਲਗਾਉਣ ਤੋਂ ਰੋਕਿਆ ਜਾ ਰਿਹਾ ਹੈ ਉੱਥੇ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਇੱਕ ਆਮ ਵਿਅਕਤੀ ਨੂੰ ਵੋਟ ਪਾਉਣ ਦੇ ਅਧਿਕਾਰ ਤੋਂ ਵੀ ਵਾਂਝੇ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਉਹਨਾਂ ਕਿਹਾ ਕਿ ਪੰਜਾਬ ਦੇ 70 ਫੀਸਦੀ ਕਿਸਾਨ ਖੇਤੀਬਾੜੀ ਦਾ ਧੰਦਾ ਕਰਦੇ ਹਨ ਅਤੇ ਜਦੋਂ ਵੀ ਕਣਕ ਦੀ ਬਿਜਾਈ ਦਾ ਸੀਜ਼ਨ ਆਉਂਦਾ ਹੈ ਤਾਂ ਜਾਣ ਬੁੱਝ ਕੇ ਖਾਦ ਦੀ ਸ਼ੋਰਟੇਜ ਪੈਦਾ ਕੀਤੀ ਜਾਂਦੀ ਹੈ ਅਤੇ ਬਾਅਦ ਵਿੱਚ ਹਰ 6 ਮਹੀਨੇ ਬਾਅਦ 200-300 ਰੁਪਏ ਪ੍ਰਤੀ ਥੈਲਾ ਖਾਦ ਦੀ ਕੀਮਤ ਵਧਾ ਦਿੱਤੀ ਜਾਂਦੀ ਹੈ ਜਦੋਂਕਿ ਕੇਂਦਰ ਵਿੱਚ ਡਾਕਟਰ ਮਨਮੋਹਨ ਸਿੰਘ ਦੀ ਸਰਕਾਰ ਦੇ ਹੁੰਦਿਆਂ ਖਾਦ ਦੇ ਥੈਲੇ ਦੀ ਕੀਮਤ ਕੇਵਲ 400 ਰੁਪਏ ਸੀ ਜੋ ਅੱਜ ਵਧ ਕੇ 1600 ਰੁਪਏ ਪ੍ਰਤੀ ਥੈਲੇ ਤੇ ਪਹੁੰਚ ਚੁੱਕੀ ਹੈ ਜਿਸ ਕਰਕੇ ਕਿਸਾਨਾਂ ਨੂੰ ਹਰ ਸਾਲ ਖਾਦ ਤੇ 30 ਹਜ਼ਾਰ ਕਰੋੜ ਰੁਪਏ ਵੱਧ ਖਰਚਣੇ ਪੈ ਰਹੇ ਹਨ। ਉਹਨਾਂ ਕਿਹਾ ਕਿ ਰਾਜਸਥਾਨ, ਹਰਿਆਣਾ ,ਯੂ.ਪੀ.ਅਤੇ ਹੋਰ ਸਟੇਟਾਂ ਵਿੱਚ ਵੀ ਸਰਕਾਰਾਂ ਵੱਲੋਂ ਹਾਈਬ੍ਰਿਡ ਝੋਨੇ ਦੀ ਬਿਜਾਈ ਕਰਵਾਈ ਜਾ ਰਹੀ ਹੈ ਕਿਉਂਕਿ ਇਸ ਦਾ ਝਾੜ ਵੱਧ ਨਿਕਲਦਾ ਹੈ ਪਰ ਕੇਂਦਰ ਦੀ ਸਰਕਾਰ ਨਾਲ ਮਿਲ ਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਇੱਕ ਨੀਤੀ ਦੇ ਤਹਿਤ ਪੰਜਾਬ ਦੇ ਕਿਸਾਨਾਂ ਨੂੰ ਹਾਈਬ੍ਰਿਡ ਝੋਨੇ ਦੀ ਬਿਜਾਈ ਕਰਨ ਦੀ ਇਜਾਜ਼ਤ ਨਾ ਦੇ ਕੇ ਕਿਸਾਨਾਂ ਦਾ ਵੱਡਾ ਨੁਕਸਾਨ ਕਰ ਰਹੇ ਹਨ। ਉਨਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੁਝ ਸਮੇਂ ਤੋਂ ਚਲਾਈ ਗਈ ਨਸ਼ਿਆਂ ਵਿਰੁੱਧ ਮੁਹਿੰਮ,"ਯੁੱਧ ਨਸ਼ਿਆਂ ਵਿਰੁੱਧ" ਬਿਲਕੁਲ ਫਲਾਪ ਸਾਬਤ ਹੋ ਰਹੀ ਹੈ। ਉਹਨਾਂ ਕਿਹਾ ਕਿ ਪਿੰਡ-ਪਿੰਡ ਸ਼ਰੇਆਮ ਨਸ਼ਾ ਵਿਕ ਰਿਹਾ ਹੈ ਅਤੇ ਗਰੀਬ ਵਰਗ ਦੇ ਲੋਕਾਂ ਤੇ ਨਜਾਇਜ਼ ਗੋਲੀਆਂ ਪਾ ਕੇ ਕੇਵਲ ਪਰਚਿਆਂ ਦੀ ਗਿਣਤੀ ਵਧਾਈ ਜਾ ਰਹੀ ਹੈ। ਉਹਨਾਂ ਕਿਹਾ ਕਿ ਜਿਹੜੀ ਪੁਲਿਸ ਮੁਲਾਜ਼ਮ ਚਿੱਟੇ ਸਮੇਤ ਫੜੀ ਗਈ ਸੀ ਉਹ ਜਮਾਨਤ ਮਿਲਣ ਤੋਂ ਬਾਅਦ ਅੱਜ ਫਿਰ ਥਾਰ ਤੇ ਸ਼ਰੇਆਮ ਘੁੰਮ ਰਹੀ ਹੈ ਜਦੋਂਕਿ ਇਸ ਮਾਮਲੇ ਵਿੱਚ ਉਸ ਦੀਆਂ ਕਾਲ ਡਿਟੇਲਾਂ ਕਢਵਾ ਕੇ ਉਸ ਦੀਆਂ ਕਿਹੜੇ-ਕਿਹੜੇ ਨਸ਼ਾ ਤਸਕਰਾਂ ਨਾਲ ਤਾਰਾਂ ਜੁੜੀਆਂ ਹੋਈਆਂ ਹਨ ਦਾ ਸਾਰਾ ਰਿਕਾਰਡ ਖੰਗਾਲ ਕੇ ਦੋਸ਼ੀਆਂ ਵਿਰੁੱਧ ਬਣਦੀ ਕਾਰਵਾਈ ਕਰਨੀ ਚਾਹੀਦੀ ਸੀ। ਉਹਨਾਂ ਕਿਹਾ ਕਿ ਵੱਡੀਆਂ ਮੱਛੀਆਂ ਨੂੰ ਹੱਥ ਨਹੀਂ ਪਾਇਆ ਜਾ ਰਿਹਾ ਹੈ ਅਤੇ ਗਰੀਬ ਅਤੇ ਬੇਸਹਾਰਾ ਲੋਕਾਂ ਤੇ ਨਜਾਇਜ਼ ਪਰਚੇ ਪਾਏ ਜਾ ਰਹੇ ਹਨ ਜਿਨਾਂ ਦੀ ਕਾਂਗਰਸ ਪਾਰਟੀ ਬਾਂਹ ਫੜੇਗੀ। ਉਨਾ ਕਿਹਾ ਕਿ ਅੱਜ ਪੰਜਾਬ ਦੇ ਲੋਕਾਂ ਵਿੱਚ ਅੱਤਵਾਦ ਦੇ ਸਮੇਂ ਵਰਗਾ ਸਹਿਮ ਦਾ ਮਾਹੌਲ ਪਾਇਆ ਜਾ ਰਿਹਾ ਹੈ ਅਤੇ ਗੈਂਗਸਟਰਾਂ ਦਾ ਰਾਜ ਹੋਣ ਕਰਕੇ ਹਰ ਰੋਜ਼ ਸ਼ਹਿਰੀਆਂ ਨੂੰ ਫਿਰੌਤੀਆਂ ਦੇਣ ਦੇ ਫੋਨ ਆ ਰਹੇ ਹਨ। ਇਸ ਰੈਲੀ ਵਿੱਚ ਕਾਂਗਰਸ ਪਾਰਟੀ ਦੇ ਸੀਨੀਅਰ ਆਗੂਆਂ ਮਹਿੰਦਰਜੀਤ ਸਿੰਘ ਜ਼ੀਰਾ, ਵਿੱਕੀ ਭਿੰਡਰ, ਲਖਵਿੰਦਰ ਸਿੰਘ ਜੌੜਾ, ਬਲਜੀਤ ਸਿੰਘ ਬੱਬਾ, ਹਰਭਜਨ ਸਿੰਘ ਸਭਰਾ, ਬਲਦੇਵ ਸਿੰਘ ਭਾਗੋ ਕੇ, ਜਸਵੀਰ ਸਿੰਘ ਹਾਮਦ ਵਾਲਾ ਉਤਾੜ , ਹਰਪ੍ਰੀਤ ਸਿੰਘ ਕੋਹਾਲਾ, ਨਵਦੀਪ ਸਿੰਘ ਕਾਲਾ , ਲਾਭ ਸਿੰਘ ਭੜਾਣਾ, ਗੁਰਮੇਜ਼ ਸਿੰਘ ਚੇਅਰਮੈਨ, ਮਲਕੀਤ ਸਿੰਘ ਖੋਸਾ, ਲਖਵਿੰਦਰ ਸਿੰਘ ਲੱਖਾ, ਜਨਕ ਰਾਜ ਵਾੜਾ ਪੋਹ ਵਿੰਡ, ਗੁਰਭਗਤ ਸਿੰਘ ਗੋਰਾ ਗਿੱਲ, ਬੂਟਾ ਸਿੰਘ ਟਿੰਡਵਾ, ਜੋਗਿੰਦਰ ਸਿੰਘ ਬੁਈਆਂ ਵਾਲਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡਾਂ ਦੇ ਸਰਪੰਚ, ਪੰਚ, ਨੰਬਰਦਾਰ ਅਤੇ ਪਾਰਟੀ ਵਰਕਰ ਹਾਜ਼ਰ ਸਨ।

# ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 6 ਲੱਖ 11 ਹਜ਼ਾਰ 449 ਮੀਟਰਕ ਟਨ ਕਣਕ ਦੀ ਹੋਈ ਖ਼ਰੀਦ - ਡਿਪਟੀ ਕਮਿਸ਼ਨਰ

## *ਕਿਸਾਨਾਂ ਨੂੰ ਕਰੀਬ 15 ਕਰੋੜ ਰੁਪਏ ਦੀ ਰਾਸ਼ੀ ਦਾ ਕੀਤਾ ਭੁਗਤਾਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ INTERNATIONAL PAPER, 94636 01616 hardipchumber57@gmail.com

ਮਾਨਸਾ, 6 ਮਈ (: ਆਤਮਾ ਸਿੰਘ ਪਮਾਰ) ਡਿਪਟੀ ਕਮਿਸ਼ਨਰ ਮਾਨਸਾ ਸ਼੍ਰੀ ਕੁਲਵੰਤ ਸਿੰਘ ਆਈ .ਏ .ਐਸ ਨੇ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਮਾਨਸਾ ਦੀਆਂ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਨਿਰਵਿਘਨ ਢੰਗ ਨਾਲ ਚੱਲ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਦੇ ਚੱਲਦਿਆਂ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 6 ਲੱਖ 11 ਹਜ਼ਾਰ 449 ਮੀਟਰਕ ਟਨ ਕਣਕ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਖਰੀਦ ਕੀਤੀ ਗਈ ਫਸਲ ਦੀ ਕਿਸਾਨਾਂ ਨੂੰ ਨਿਰਧਾਰਿਤ ਸਮੇਂ ਅੰਦਰ ਅਦਾਇਗੀ ਵੀ ਯਕੀਨੀ ਬਣਾਈ ਜਾ ਰਹੀ ਹੈ ਅਤੇ ਕਿਸਾਨਾਂ ਨੂੰ ਖ਼ਰੀਦੀ ਗਈ ਫ਼ਸਲ ਦਾ ਕਰੀਬ 15 ਕਰੋੜ ਰੁਪਏ ਦਾ ਭੁਗਤਾਨ ਵੀ ਕੀਤਾ ਜਾ ਚੁੱਕਾ ਹੈ।

ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈ ਕੰਟਰੋਲਰ ਮਾਨਸਾ ਮਨਦੀਪ ਸਿੰਘ ਮਾਨ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 6 ਲੱਖ 20 ਹਜ਼ਾਰ 791 ਮੀਟਰਕ ਟਨ ਕਣਕ ਦੀ ਆਮਦ ਹੋਈ ਹੈ, ਜਿਸ ਵਿੱਚੋਂ ਵੱਖ-ਵੱਖ ਏਜੰਸੀਆਂ ਅਤੇ ਪ੍ਰਾਈਵੇਟ ਵਪਾਰੀਆਂ ਵੱਲੋਂ 6 ਲੱਖ 11 ਹਜ਼ਾਰ 449 ਮੀਟਰਕ ਟਨ ਦੀ ਖਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਖ਼ਰੀਦੀ ਗਈ ਕਣਕ ਵਿੱਚੋਂ ਪਨਗਰੇਨ ਵੱਲੋਂ 1 ਲੱਖ 94 ਹਜ਼ਾਰ 522 ਮੀਟਰਕ ਟਨ, ਮਾਰਕਫੈੱਡ ਨੇ 1 ਲੱਖ 66 ਹਜ਼ਾਰ 785 ਮੀਟਰਕ ਟਨ, ਪਨਸਪ ਵੱਲੋਂ 1 ਲੱਖ 48 ਹਜ਼ਾਰ 523 ਮੀਟਰਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 84 ਹਜ਼ਾਰ 068 ਮੀਟਰਕ ਟਨ ਅਤੇ ਵਪਾਰੀਆਂ ਵੱਲੋਂ 17 ਹਜ਼ਾਰ 550 ਮੀਟਰਕ ਟਨ ਕਣਕ ਦੀ ਖ਼ਰੀਦ ਕੀਤੀ ਗਈ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਤੋਂ ਬਾਅਦ ਕਣਕ ਦੀ ਲਿਫਟਿੰਗ ਦਾ ਕੰਮ ਵੀ ਤੇਜ਼ੀ ਨਾਲ ਕੀਤਾ ਜਾ ਰਿਹਾ ਹੈ ਅਤੇ ਬੀਤੀ ਸ਼ਾਮ ਤੱਕ 4 ਲੱਖ 77 ਹਜ਼ਾਰ 698 ਮੀਟਰਕ ਟਨ ਕਣਕ ਦੀ ਲਿਫਟਿੰਗ ਵੀ ਨਿਰਧਾਰਿਤ ਸਮੇਂ ਅੰਦਰ ਕੀਤੀ ਜਾ ਚੁੱਕੀ ਹੈ।

# ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਸਕੂਲਾਂ ਨੂੰ ਬਣਾ ਰਹੀ ਆਧੁਨਿਕ

## - ਪਿੰਡ ਕੁੰਭੜਵਾਲ ਅਤੇ ਰੰਗੀਆਂ ਦੇ ਸਕੂਲਾਂ ਵਿੱਚ 1.22 ਕਰੋੜ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ - ਪੰਜਾਬ ਸਿੱਖਿਆ ਦੇ ਖੇਤਰ ਵਿੱਚ ਸਭ ਤੋਂ ਮੋਹਰੀ ਸੂਬਾ ਬਣਨ ਜਾ ਰਿਹੈ: ਚੇਅਰਮੈਨ ਦਲਵੀਰ ਸਿੰਘ ਢਿੱਲੋਂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ



ਧੂਰੀ/ਸੰਗਰੂਰ, 6 ਮਈ, 2025: ਸੂਬੇ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਸਰਕਾਰੀ ਸਕੂਲਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰ ਰਹੀ ਹੈ ਤਾਂ ਬਹੁਤੇ ਸਕੂਲਾਂ ਤਾਂ ਆਧੁਨਿਕ ਹੋ ਚੁੱਕੇ ਹਨ, ਰਹਿੰਦੇ ਸਕੂਲਾਂ ਵਿੱਚ ਵੀ ਉੱਚ ਦਰਜੇ ਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਦੇ ਸਿਰਤੋੜ ਯਤਨ ਜਾਰੀ ਹਨ। ਪੰਜਾਬ ਸਰਕਾਰ ਦੀ ਪੰਜਾਬ ਸਿੱਖਿਆ ਕ੍ਰਾਂਤੀ ਨਾਲ ਕਰੋੜਾਂ ਰੁਪਏ ਦੀਆਂ ਗ੍ਰਾਂਟਾਂ ਸਕੂਲਾਂ ਨੂੰ ਆਧੁਨਿਕ ਕਰਨ ਲਈ ਮੁਹੱਈਆ ਕਰਵਾਈਆਂ ਜਾ ਚੁੱਕੀਆਂ ਹਨ ਅਤੇ ਇਹ ਅੱਗੇ ਵੀ ਇਸੇ ਤਰ੍ਹਾਂ ਜਾਰੀ ਰਹਿਣਗੀਆਂ।

ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਰਾਜ ਉਦਯੋਗਿਕ ਵਿਕਾਸ ਨਿਗਮ ਦੇ ਚੇਅਰਮੈਨ ਸ੍ਰ. ਦਲਵੀਰ ਸਿੰਘ ਢਿੱਲੋਂ ਨੇ ਪਿੰਡ ਕੁੰਭੜਵਾਲ ਅਤੇ ਪਿੰਡ ਰੰਗੀਆਂ ਦੇ ਸਰਕਾਰੀ ਸਕੂਲਾਂ ਵਿੱਚ ਕਰੀਬ 1.22 ਕਰੋੜ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਕੀਤਾ। ਉਕਤ ਰਾਸ਼ੀ ਤਹਿਤ ਕੁੰਭੜਵਾਲ ਦੇ ਸਕੂਲਾਂ ਨੂੰ 39 ਲੱਖ ਰੁਪਏ ਅਤੇ ਪਿੰਡ ਰੰਗੀਆਂ ਦੇ ਸਕੂਲਾਂ ਨੂੰ 83 ਲੱਖ ਰੁਪਏ ਦੀਆਂ ਗ੍ਰਾਂਟਾਂ ਜਾਰੀ ਕੀਤੀਆਂ ਗਈਆਂ ਸਨ।

ਇਹਨਾਂ ਵਿਕਾਸ ਕਾਰਜਾਂ ਵਿੱਚ ਸਕੂਲਾਂ ਦੀਆਂ ਸੋਹਣੀਆਂ ਚਾਰਦਿਵਾਰੀਆਂ, ਸਾਇੰਸ ਲੈਬ, ਸਮਾਰਟ ਕਲਾਸ ਰੂਮਜ਼ ਅਤੇ ਹੋਰ ਬੁਨਿਆਦੀ ਵਿਕਾਸ ਸ਼ਾਮਿਲ ਹਨ। ਸ੍ਰ. ਢਿੱਲੋਂ ਨੇ ਦੱਸਿਆ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਬੱਚਿਆ ਦੇ ਦਾਖਲਿਆਂ ਵਿੱਚ ਵਾਧਾ ਵੀ ਇਸ ਗੱਲ ਦਾ ਸਬੂਤ ਹੈ ਕਿ ਪੰਜਾਬ ਸਰਕਾਰ ਨੇ ਸਿੱਖਿਆ ਦੇ ਖੇਤਰ ਵਿੱਚ ਬੇਮਿਸਾਲ ਕੰਮ ਕੀਤੇ ਹਨ ਤੇ ਇਹ ਨਿਰੰਤਰ ਜਾਰੀ ਵੀ ਹਨ। ਪੰਜਾਬ ਸਿੱਖਿਆ ਦੇ ਖੇਤਰ ਵਿੱਚ ਜਲਦ ਹੀ ਦੇਸ਼ ਦਾ ਸਭ ਤੋਂ ਮੋਹਰੀ ਸੂਬਾ ਬਣਨ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਹੁਣ ਸਰਕਾਰੀ ਸਕੂਲਾਂ ਨੂੰ ਆਧੁਨਿਕ ਕੀਤਾ ਜਾ ਰਿਹਾ ਹੈ। ਬੱਚੇ ਅਤੇ ਅਧਿਆਪਕਾਂ ਨੂੰ ਕੋਈ ਵੀ ਮੁਸ਼ਕਿਲ ਪੇਸ਼ ਨਹੀਂ ਆ ਰਹੀ। ਵਧੀਆ ਪਾਣੀ, ਬਿਜਲੀ ਬੁਨਿਆਦੀ ਸਹੂਲਤਾਂ ਤੋਂ ਇਲਾਵਾ ਆਧੁਨਿਕ ਸਹੂਲਤਾਂ ਵੀ ਸਰਕਾਰੀ ਸਕੂਲਾਂ ਵਿੱਚ ਉਪਲੱਬਧ ਹਨ।ਸਰਕਾਰੀ ਸਕੂਲਾਂ ਦੀਆਂ ਸੋਹਣੀਆਂ ਇਮਾਰਤਾਂ, ਵਧੀਆ ਇੰਨਫਰਾਸਟਰਕਚਰ, ਸਮਾਰਟ ਕਲਾਸ ਰੂਮ, ਸਾਇੰਸ ਲੈਬਜ਼, ਖੇਡ ਗਰਾਊਂਡ ਸਕੂਲਾਂ ਦੀ ਦਿੱਖ ਅਤੇ ਪੜ੍ਹਾਈ ਦੇ ਮਿਆਰ ਨੂੰ ਚਾਰ ਚੰਨ ਲਗਾ ਰਹੇ ਹਨ। ਇਹ ਸਭ ਕੁਝ ਆਮ ਆਦਮੀ ਪਾਰਟੀ ਦੀ ਸੁਚੱਜੀ ਅਤੇ ਦੂਰਅੰਦੇਸ਼ੀ ਸੋਚ ਸਦਕਾ ਸੰਭਵ ਹੋਇਆ ਹੈ। ਇਸ ਮੌਕੇ ਉਹਨਾਂ ਨਾਲ ਸ੍ਰ. ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਅਤੇ ਹੋਰ ਵੀ ਹਾਜ਼ਰ ਸਨ

# ਭਾਕਿਯੂ ਏਕਤਾ ਉਗਰਾਹਾਂ ਵੱਲੋਂ ਪੰਜਾਬ ਸਰਕਾਰ ਦੇ ਵਧ ਰਹੇ ਤਾਨਾਸ਼ਾਹ ਜਾਬਰ ਵਤੀਰੇ ਦੀ ਸਖ਼ਤ ਨਿਖੇਧੀ

## ਐੱਮਐੱਲਏ ਵੱਲੋਂ ਸਵਾਲ ਪੁੱਛਣ ਗਏ ਕਿਸਾਨਾਂ ਨੂੰ ਕਾਰ ਥੱਲੇ ਕੁਚਲਣ ਦਾ ਯਤਨ ਅਤੇ ਝੂਠਾ ਪਰਚਾ ਦਰਜ ਕਰ ਕੇ ਜ਼ਿਲ੍ਹਾ ਆਗੂ ਘੁਡਾਣੀ ਗ੍ਰਿਫ਼ਤਾਰ, ਸ਼ੰਭੂ ਥਾਣੇ ਅੱਗੇ ਕਿਸਾਨਾਂ ਦਾ ਰੋਸ ਧਰਨਾ ਫੇਲ੍ਹ ਕਰਨ ਲਈ ਆਗੂਆਂ ਦੀ ਫੜੋ ਫੜੀ ਅਤੇ ਘਰਾਂ 'ਚ ਨਜ਼ਰਬੰਦੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ



ਚੰਡੀਗੜ੍ਹ, 6 ਮਈ, 2025: ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਵੱਲੋਂ ਪੰਜਾਬ ਸਰਕਾਰ ਦੇ ਵਧ ਰਹੇ ਤਾਨਾਸ਼ਾਹ ਜਾਬਰ ਵਤੀਰੇ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਹੈ। ਇਸ ਨਿਖੇਧੀ ਸੰਬੰਧੀ ਪ੍ਰੈੱਸ ਦੇ ਨਾਂ ਸਾਂਝਾ ਬਿਆਨ ਜਾਰੀ ਕਰਦਿਆਂ ਜਥੇਬੰਦੀ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਅਤੇ ਸੀਨੀਅਰ ਮੀਤ ਪ੍ਰਧਾਨ ਝੰਡਾ ਸਿੰਘ ਜੇਠੂਕੇ ਨੇ ਦੱਸਿਆ ਹੈ ਕਿ ਬੀਤੇ ਦਿਨੀਂ ਐੱਮ ਐੱਲ ਏ ਮਨਵਿੰਦਰ ਸਿੰਘ ਗਿਆਸਪੁਰਾ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਿਆੜ੍ਹ ਦੇ ਦੌਰੇ ਮੌਕੇ ਕਿਸਾਨ ਮਸਲਿਆਂ ਬਾਰੇ ਸਵਾਲ ਪੁੱਛਣ ਗੇਟ 'ਤੇ ਪਹੁੰਚੇ ਸ਼ਾਂਤਮਈ ਕਿਸਾਨਾਂ ਉੱਤੇ ਪਹਿਲਾਂ ਤਾਂ ਕਾਰ ਚੜ੍ਹਾ ਕੇ ਕੁਚਲਣ ਦਾ ਯਤਨ ਕੀਤਾ ਗਿਆ। ਪਰ ਆਪਣੀ ਚੌਕਸੀ ਕਾਰਨ ਬਚਾਅ ਕਰਨ ਮਗਰੋਂ 8 ਕਿਸਾਨ ਆਗੂਆਂ ਉੱਤੇ ਝੂਠਾ ਪਰਚਾ ਦਰਜ ਕਰਵਾ ਕੇ ਅੱਜ ਤੜਕਸਾਰ ਕਈਆਂ ਦੇ ਘਰਾਂ 'ਚ ਛਾਪੇਮਾਰੀ ਕੀਤੀ ਗਈ ਅਤੇ ਜਥੇਬੰਦੀ ਦੇ ਜ਼ਿਲ੍ਹਾ ਜਨਰਲ ਸਕੱਤਰ ਸੁਦਾਗਰ ਸਿੰਘ ਘੁਡਾਣੀ ਨੂੰ ਗ੍ਰਿਫਤਾਰ ਕਰ ਲਿਆ ਗਿਆ। ਦੂਜੇ ਪਾਸੇ ਜਾਬਰ ਪੁਲੀਸ ਹੱਲੇ ਰਾਹੀਂ ਸ਼ੰਭੂ/ਖਨੌਰੀ ਬਾਰਡਰਾਂ ਤੋਂ ਧਰਨਾ ਚੁਕਵਾਉਣ ਮੌਕੇ ਪੁਲਿਸ ਰਾਹੀਂ ਚੋਰੀ ਕੀਤੀਆਂ/ਕਰਵਾਈਆਂ ਟਰਾਲੀਆਂ ਤੇ ਹੋਰ ਕੀਮਤੀ ਸਾਮਾਨ ਬਰਾਮਦ ਕਰਵਾਉਣ ਲਈ ਧਰਨਾਕਾਰੀ ਕਿਸਾਨ ਜਥੇਬੰਦੀਆਂ ਵੱਲੋਂ ਅੱਜ ਸ਼ੰਭੂ ਥਾਣੇ ਅੱਗੇ ਧਰਨਾ ਲਾਉਣ ਦਾ ਐਲਾਨਿਆ ਪ੍ਰੋਗਰਾਮ ਫੇਲ੍ਹ ਕਰਨ ਲਈ ਪੰਜਾਬ ਭਰ ਵਿੱਚ ਤੜਕਸਾਰ ਛਾਪੇਮਾਰੀ ਰਾਹੀਂ ਦਰਜਨਾਂ ਕਿਸਾਨ ਆਗੂਆਂ ਦੀਆਂ ਗ੍ਰਿਫ਼ਤਾਰੀਆਂ ਤੋਂ ਇਲਾਵਾ ਮੁੱਖ ਆਗੂਆਂ ਦੀ ਘਰਾਂ 'ਚ ਨਜ਼ਰਬੰਦੀ ਕੀਤੀ ਗਈ ਹੈ। ਉਨ੍ਹਾਂ ਦੋਸ਼ ਲਾਇਆ ਕਿ ਲੁੱਟ, ਜਬਰ, ਬੇਰੁਜ਼ਗਾਰੀ, ਗੁੰਡਾਗਰਦੀ ਤੇ ਨਸ਼ਿਆਂ ਵਰਗੇ ਚੌਤਰਫੇ ਹੱਲਿਆਂ ਦੇ ਸਤਾਏ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ, ਠੇਕਾ ਕਾਮਿਆਂ, ਵਿਦਿਆਰਥੀਆਂ ਤੇ ਛੋਟੇ ਕਾਰੋਬਾਰੀਆਂ ਦੇ ਜਨਤਕ ਸੰਘਰਸ਼ ਦੇ ਸੰਵਿਧਾਨਕ ਜਮਹੂਰੀ ਇਕੱਠਾਂ ਉੱਤੇ ਦਿਨੋਂ ਦਿਨ ਵਧ ਰਹੇ ਜਬਰ ਦਾ ਭਗਵੰਤ ਮਾਨ ਸਰਕਾਰ ਦਾ ਨਿਸ਼ਾਨਾ ਵੀ ਅਸਲ ਵਿੱਚ ਕੇਂਦਰੀ ਮੋਦੀ ਸਰਕਾਰ ਵਾਂਗ ਹੀ ਕਾਰਪੋਰੇਟ ਪੱਖੀ ਨਿੱਜੀਕਰਨ, ਵਪਾਰੀਕਰਨ, ਸੰਸਾਰੀਕਰਨ ਦੀਆਂ ਕਿਸਾਨ ਮਜ਼ਦੂਰ ਮਾਰੂ ਨੀਤੀਆਂ ਮੜ੍ਹਨ ਵੱਲ ਸੇਧਤ ਹੈ। ਇਨ੍ਹਾਂ ਨੀਤੀਆਂ ਰਾਹੀਂ ਕਾਰਪੋਰੇਟਾਂ ਦੇ ਅੰਨ੍ਹੇ ਮੁਨਾਫ਼ਿਆਂ ਨੂੰ ਜਰਬਾਂ ਦੇਣ ਲਈ ਮਿਹਨਤਕਸ਼ ਦੇਸ਼ਵਾਸੀਆਂ ਨੂੰ ਜਲ, ਜੰਗਲ, ਜ਼ਮੀਨਾਂ ਤੇ ਛੋਟੇ ਕਾਰੋਬਾਰਾਂ ਸਮੇਤ ਰੁਜ਼ਗਾਰ ਦੇ ਹੱਕਾਂ ਤੋਂ ਵਾਂਝੇ ਕਰਨਾ ਹੈ। ਕਾਰਪੋਰੇਟਾਂ ਦੇ ਘਰ ਭਰਨ ਵਾਲੇ ਭਾਰਤ ਮਾਲਾ ਪ੍ਰਾਜੈਕਟ ਲਈ ਥਾਂ ਥਾਂ ਪੁਲੀਸ ਜਬਰ ਰਾਹੀਂ ਜ਼ਮੀਨਾਂ ਅਕਵਾਇਰ ਕਰਨ ਦੇ ਹੱਲੇ ਵੀ ਇਸੇ ਨਿਸ਼ਾਨੇ ਦਾ ਸਿੱਟਾ ਹਨ। ਉਨ੍ਹਾਂ ਨੇ ਕਿਹਾ ਕਿ ਜਥੇਬੰਦੀ ਵੱਲੋਂ ਐਮ ਐਲ ਏ ਗਿਆਸਪੁਰਾ ਦੀ ਧੱਕੇਸ਼ਾਹੀ ਵਿਰੁੱਧ ਕੱਲ੍ਹ 7 ਮਈ ਨੂੰ ਸੂਬਾ ਅਹੁਦੇਦਾਰਾਂ ਦੀ ਹੰਗਾਮੀ ਮੀਟਿੰਗ ਵਿੱਚ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। ਧੱਕੇਸ਼ਾਹੀ ਦਾ ਸ਼ਿਕਾਰ ਹੋ ਰਹੀਆਂ ਦੂਜੀਆਂ ਕਿਸਾਨ ਜਥੇਬੰਦੀਆਂ ਵੱਲੋਂ ਉਲੀਕੇ ਜਾਣ ਵਾਲੇ ਪ੍ਰੋਗਰਾਮਾਂ ਦਾ ਵੀ ਜਥੇਬੰਦੀ ਵੱਲੋਂ ਸਮਰਥਨ ਕੀਤਾ ਜਾਵੇਗਾ। ਕਿਸਾਨ ਆਗੂਆਂ ਨੇ ਪੰਜਾਬ ਦੇ ਸਮੂਹ ਸੰਘਰਸ਼ਸ਼ੀਲ ਇਨਸਾਫਪਸੰਦ ਲੋਕਾਂ ਨੂੰ ਸੱਦਾ ਦਿੱਤਾ ਹੈ ਕਿ ਇਸ ਤਾਨਾਸ਼ਾਹੀ ਜਬਰ ਦਾ ਮੂੰਹ ਮੋੜਨ ਲਈ ਤੇ ਆਪਣੇ ਹੱਕ ਹਾਸਲ ਕਰਨ ਲਈ ਕਾਫ਼ਲੇ ਬੰਨ੍ਹ ਕੇ ਵੱਡੀ ਗਿਣਤੀ ਵਿੱਚ ਸੰਘਰਸ਼ਾਂ ਦੇ ਮੈਦਾਨ ਵਿੱਚ ਨਿੱਤਰਿਆ ਜਾਵੇ।

# ਰਾਜ ਸਰਕਾਰ ਨੇ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਕੇ ਚੰਗੀ ਸਿੱਖਿਆ ਲਈ ਲੋੜੀਂਦੀ ਹਰ ਸਹੂਲਤ ਕਰਵਾਈ ਉਪਲਬਧ: ਦਲਵੀਰ ਸਿੰਘ ਢਿੱਲੋਂ

## ਪੰਜਾਬ ਰਾਜ ਉਦਯੋਗਿਕ ਵਿਕਾਸ ਨਿਗਮ ਦੇ ਚੇਅਰਮੈਨ ਅਤੇ ਮਾਰਕੀਟ ਕਮੇਟੀ ਚੇਅਰਮੈਨ ਨੇ ਬੁਗਰਾਂ ਅਤੇ ਰਾਜੋਮਾਜਰਾ ਦੇ ਸਰਕਾਰੀ ਸਕੂਲਾਂ ਵਿੱਚ 41 ਲੱਖ ਰੁਪਏ ਨਾਲ ਹੋਏ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ



ਧੂਰੀ/ਸੰਗਰੂਰ, 6 ਮਈ, 2025: ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਪੰਜਾਬ ਰਾਜ ਉਦਯੋਗਿਕ ਵਿਕਾਸ ਨਿਗਮ ਦੇ ਚੇਅਰਮੈਨ ਸ੍ਰ. ਦਲਵੀਰ ਸਿੰਘ ਢਿੱਲੋਂ ਅਤੇ ਮਾਰਕੀਟ ਕਮੇਟੀ ਚੇਅਰਮੈਨ ਧੂਰੀ ਦੇ ਚੇਅਰਮੈਨ ਸ੍ਰ. ਰਾਜਵੰਤ ਸਿੰਘ ਘੁਲੀ ਨੇ ਬੁਗਰਾਂ ਅਤੇ ਰਾਜੋਮਾਜਰਾ ਦੇ ਸਰਕਾਰੀ ਸਕੂਲ ਵਿੱਚ 41 ਲੱਖ ਰੁਪਏ ਨਾਲ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਇਹਨਾਂ ਵਿਕਾਸ ਕਾਰਜਾਂ ਵਿੱਚ ਸਰਕਾਰੀ ਹਾਈ ਸਕੂਲ ਬੁੱਗਰਾ ਵਿਖੇ 11 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਸਾਇੰਸ ਲੈਬ ਅਤੇ ਸਰਕਾਰੀ ਹਾਈ ਸਕੂਲ ਰਾਜੋਮਾਜਰਾ ਵਿਖੇ 30 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਮੁੱਖ ਗੇਟ ਅਤੇ ਕਾਨਫਰੰਸ ਰੂਮ ਸ਼ਾਮਿਲ ਹਨ।

ਇਸ ਮੌਕੇ ਸ੍ਰ. ਢਿੱਲੋਂ ਅਤੇ ਸ੍ਰ. ਘੁੱਲੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪਹਿਲੇ ਦਿਨ ਤੋਂ ਹੀ ਸਿੱਖਿਆ ਅਤੇ ਸਿਹਤ ਦੇ ਖੇਤਰਾਂ ਵਿੱਚ ਕ੍ਰਾਂਤੀਕਾਰੀ ਸੁਧਾਰ ਲਿਆਉਣ ਦੇ ਮਕਸਦ ਨਾਲ ਕੰਮ ਕੀਤਾ ਜਾ ਰਿਹਾ ਸੀ। ਉਨ੍ਹਾਂ ਕਿਹਾ ਕਿ ਇਨ੍ਹਾਂ ਕੰਮਾਂ ਸਦਕਾ ਹੀ ਹੁਣ ਸੂਬਾ ਸਰਕਾਰ ਵੱਲੋਂ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਕੇ ਚੰਗੀ ਸਿੱਖਿਆ ਲਈ ਲੋੜੀਂਦੀ ਹਰ ਸਹੂਲਤ ਦੀ ਉਪਲਬਧਤਾ ਯਕੀਨੀ ਬਣਾਈ ਗਈ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਲਈ ਹਰ ਵਿਸ਼ੇ 'ਤੇ ਆਧਾਰਤ ਆਧੁਨਿਕ ਲੈਬਜ਼, ਖੁੱਲ੍ਹੇ ਹਵਾਦਾਰ ਕਮਰੇ, ਸੁਰੱਖਿਆ ਪੱਖੋਂ ਮਜ਼ਬੂਤ ਚਾਰ-ਦੀਵਾਰੀ ਸਮੇਤ ਹਰ ਸੁਵਿਧਾ ਉਪਲਬਧ ਹੈ।

ਉਹਨਾਂ ਨੇ ਕਿਹਾ ਕਿ ਇਹ ਮਾਨ ਸਰਕਾਰ ਦੇ ਅਣਥੱਕ ਯਤਨਾਂ ਦਾ ਹੀ ਨਤੀਜਾ ਹੈ ਕਿ ਹੁਣ ਪੰਜਾਬ ਦੇ ਸਰਕਾਰੀ ਸਕੂਲ ਪ੍ਰਾਈਵੇਟ ਸਕੂਲਾਂ ਨੂੰ ਵੀ ਮਾਤ ਪਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਸਦਕਾ ਹੁਣ ਪੰਜਾਬ ਵਿੱਚ ਮਾਪਿਆਂ ਦਾ ਵਿਸ਼ਵਾਸ ਸਰਕਾਰੀ ਸਕੂਲ 'ਤੇ ਵੱਧਣਾ ਸ਼ੁਰੂ ਹੋ ਗਿਆ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਇਸ ਗਿਣਤੀ ਵਿੱਚ ਹੋਰ ਵੀ ਵੱਡਾ ਵਾਧਾ ਹੋਵੇਗਾ। ਇਸ ਮੌਕੇ ਆਮ ਆਦਮੀ ਪਾਰਟੀ ਦੇ ਆਗੂ, ਸਿੱਖਿਆ ਵਿਭਾਗ ਦੇ ਅਧਿਕਾਰੀ, ਸਕੂਲਾਂ ਦੇ ਅਧਿਆਪਕ ਤੇ ਵਿਦਿਆਰਥੀਆਂ ਦੇ ਮਾਪੇ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਹੁਸ਼ਿਆਰਪੁਰ ਦੇ ਵਿਰਾਸਤੀ ਘੰਟਾਘਰ ਦੀ ਘੜੀ ਅਤੇ ਐਮਰਜੈਂਸੀ ਵਿੱਚ ਵਜਾਉਣ ਵਾਲਾ ਯੰਤਰ ਕਿੱਥੇ ਹੈ : ਤਲਵਾੜ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ 6 ਮਈ ( ਤਰਸੇਮ ਦੀਵਾਨਾ ) ਭਾਰਤ ਆਉਣ ਵਾਲੇ ਖ਼ਤਰੇ ਦੇ ਮੱਦੇਨਜ਼ਰ ਆਪਣੇ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਐਮਰਜੈਂਸੀ ਕਾਰਵਾਈਆਂ ਦੀ ਲਗਾਤਾਰ ਰਿਹਸਲ ਕਰ ਰਿਹਾ ਹੈ। ਇਨ੍ਹਾਂ ਸਾਰੇ ਕੰਮਾਂ ਲਈ, ਹੁਸ਼ਿਆਰਪੁਰ ਦੇ ਸਥਾਨਕ ਘੰਟਾਘਰ ਵਿੱਚ "ਘੁੱਗੂ" ਨਾਮਕ ਇੱਕ ਯੰਤਰ ਲਗਾਇਆ ਗਿਆ ਸੀ ਅਤੇ ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ, ਇਸ ਯੰਤਰ ਤੋਂ ਆਉਣ ਵਾਲੀ ਆਵਾਜ਼ 20 ਕਿਲੋਮੀਟਰ ਦੇ ਘੇਰੇ ਵਿੱਚ ਸੁਣੀ ਜਾ ਸਕਦੀ ਸੀ। ਇਹ ਯੰਤਰ ਪਹਿਲਾਂ ਸਿਰਫ਼ ਐਮਰਜੈਂਸੀ ਵਿੱਚ ਹੀ ਕੰਮ ਕਰਦਾ ਸੀ, ਪਰ ਅੱਜ ਦੇ ਸਮੇਂ ਵਿੱਚ, ਇਸਨੇ ਇੱਕ ਬਹੁਤ ਹੀ ਪੁਰਾਣੀ ਵਸਤੂ ਦੀ ਥਾਂ ਲੈ ਲਈ ਹੈ। ਇਸੇ ਤਰ੍ਹਾਂ, ਕਲਾਕ ਟਾਵਰ ਵਿੱਚ ਇੱਕ ਪ੍ਰਾਚੀਨ ਘੜੀ ਵੀ ਲਗਾਈ ਗਈ ਸੀ, ਜਿਸ ਨੂੰ ਹੁਣ ਬਦਲ ਦਿੱਤਾ ਗਿਆ ਹੈ। ਸਵਾਲ ਇਹ ਹੈ ਕਿ ਇਹਨਾਂ ਬਦਲੇ ਗਏ ਯੰਤਰਾਂ ਦੀ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੀਮਤ ਲੱਖਾਂ ਵਿੱਚ ਹੈ ਅਤੇ ਸਾਨੂੰ ਇਹਨਾਂ "ਪੁਰਾਣੀਆਂ ਵਸਤੂਆਂ" ਨੂੰ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਸੁਰੱਖਿਅਤ ਰੱਖਣਾ ਚਾਹੀਦਾ ਸੀ। ਕੀ ਪ੍ਰਸ਼ਾਸਨ ਨੇ ਦੱਸਿਆ ਕਿ ਇਹ ਯੰਤਰ ਕਿੱਥੇ ਗਏ?

ਤਲਵਾੜ ਨੇ ਕਿਹਾ ਕਿ ਇਹ ਇੱਕ ਖਾਸ ਕਿਸਮ ਦਾ ਭ੍ਰਿਸ਼ਟਾਚਾਰ ਹੈ ਜਿਸਦੀ ਜਾਂਚ ਕਰਨ ਦੀ ਲੋੜ ਹੈ ਅਤੇ ਇਸਦੀ ਤਹਿ ਤੱਕ ਜਾਣਾ ਮਹੱਤਵਪੂਰਨ ਹੈ। ਉਨ੍ਹਾਂ ਸਥਾਨਕ ਸਰਕਾਰ ਮੰਤਰੀ ਨੂੰ ਇੱਕ ਪੱਤਰ ਲਿਖ ਕੇ ਮੰਗ ਕੀਤੀ ਕਿ ਇਨ੍ਹਾਂ ਪ੍ਰਾਚੀਨ ਵਸਤੂਆਂ ਦੇ ਗਾਇਬ ਹੋਣ ਦੀ ਪੂਰੀ ਜਾਂਚ ਕੀਤੀ ਜਾਵੇ ਅਤੇ ਇਨ੍ਹਾਂ ਨੂੰ ਹੁਸ਼ਿਆਰਪੁਰ ਦੇ ਸਾਧੂ ਆਸ਼ਰਮ ਅਜਾਇਬ ਘਰ ਵਿੱਚ ਰੱਖਿਆ ਜਾਵੇ।

## ਜਨਮ ਦਿਨ ਮੁਬਾਰਕ

ਗੁਰਨੂਰ ਕੌਰ
ਪਿਤਾ ਮਨਿੰਦਰ ਪਾਲ ਸਿੰਘ
ਮਾਤਾ ਕਮਲਪ੍ਰੀਤ ਕੌਰ
ਨਿਵਾਸੀ ਸੰਗਰੂਰ



# ਕਾਂਗਰਸ ਸਰਕਾਰ ਦੇ ਬਣਾਏ ਸਮਾਰਟ ਸਕੂਲਾਂ 'ਚ ਫੀਤੇ ਕੱਟ ਕੇ ਸੁਰਖੀਆਂ ਬਟੋਰ ਰਹੇ 'ਆਪ' ਦੇ ਲੀਡਰ : ਧਾਲੀਵਾਲ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

ਫਗਵਾੜਾ 6 ਮਈ ( ) ਜ਼ਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਫਗਵਾੜਾ ਤੋਂ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਨੂੰ ਫਰਜ਼ੀ ਅਤੇ ਦਿਖਾਵਾ ਕਰਾਰ ਦਿੰਦਿਆਂ ਕਿਹਾ ਕਿ ਸਿੱਖਿਆ ਕ੍ਰਾਂਤੀ ਦੇ ਨਾਮ 'ਤੇ ਭਗਵੰਤ ਮਾਨ ਸਰਕਾਰ ਦੇ ਮੰਤਰੀ, ਸੰਸਦ ਮੈਂਬਰ, ਵਿਧਾਇਕ ਅਤੇ ਪਾਰਟੀ ਆਗੂ ਕਾਂਗਰਸ ਪਾਰਟੀ ਦੇ ਰਾਜ ਦੌਰਾਨ ਸਰਕਾਰੀ ਸਕੂਲਾਂ 'ਚ ਹੋਏ ਵਿਕਾਸ ਕਾਰਜਾਂ ਦੇ ਫੀਤੇ ਕੱਟ ਕੇ ਨਾ ਸਿਰਫ਼ ਸਿੱਖਿਆ ਕ੍ਰਾਂਤੀ ਦੇ ਝੂਠੇ ਦਾਅਵੇ ਕਰ ਰਹੇ ਹਨ ਸਗੋਂ ਜਨਤਾ ਦੀਆਂ ਅੱਖਾਂ 'ਚ ਘੱਟਾ ਵੀ ਪਾ ਰਹੇ ਹਨ। ਧਾਲੀਵਾਲ ਨੇ 'ਆਪ' ਸਰਕਾਰ ਵੱਲੋਂ ਸਕੂਲੀ ਵਿਕਾਸ ਅਤੇ ਉਦਘਾਟਨਾਂ ਨੂੰ ਪਬਲੀਸਿਟੀ ਸਟੰਟ ਦੱਸਿਆ ਅਤੇ ਕਿਹਾ ਕਿ ਫੋਕੀ ਸ਼ੋਹਰਤ ਦੇ ਲਾਲਚ 'ਚ ਹਰੇਕ ਪ੍ਰੋਗਰਾਮ ਦੇ ਆਯੋਜਨ ਲਈ ਅਧਿਆਪਕਾਂ ਦੀਆਂ ਜੇਬਾਂ ਵਿੱਚੋਂ 15,000 ਤੋਂ 20,000 ਰੁਪਏ ਖਰਚ ਕਰਵਾਏ ਜਾ ਰਹੇ ਹਨ। ਜੋ ਕਿ ਖਾਸ ਕਰਕੇ ਪ੍ਰਾਇਮਰੀ ਸਕੂਲਾਂ ਵਿੱਚ ਪੜ੍ਹਾਉਣ ਵਾਲੇ ਅਧਿਆਪਕਾਂ ਦੀਆਂ ਜੇਬਾਂ 'ਤੇ ਡਾਕਾ ਹੈ। ਉਨ੍ਹਾਂ ਕਿਹਾ ਕਿ ਫਗਵਾੜਾ ਦੇ ਪੁਰਾਣੇ ਡਾਕ ਖਾਨਾ ਰੋਡ ਸਥਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਅਤੇ ਸਰਕਾਰੀ ਐਲੀਮੈਂਟਰੀ ਸਕੂਲ ਚਾਚੋਕੀ ਤੇ ਖੇੜਾ ਰੋਡ ਸਮੇਤ ਬਹੁਤ ਸਾਰੇ ਸਕੂਲ ਹਨ, ਜਿੱਥੇ ਭਗਵੰਤ ਮਾਨ ਸਰਕਾਰ ਨੇ ਸਕੂਲਾਂ ਦੇ ਵਿਕਾਸ 'ਤੇ ਇੱਕ ਪੈਸਾ ਵੀ ਖਰਚ ਨਹੀਂ ਕੀਤਾ ਹੈ। ਕਈ ਸਾਲ ਪਹਿਲਾਂ ਕਾਂਗਰਸ ਸਰਕਾਰ ਵੱਲੋਂ ਬਣਾਏ ਗਏ ਕਮਰਿਆਂ ਦੇ ਸਾਹਮਣੇ ਨਵੇਂ ਪੱਥਰ ਰੱਖ ਕੇ ਉਦਘਾਟਨ ਕੀਤੇ ਜਾ ਰਹੇ ਹਨ, ਜੋ ਹਾਸੋਹੀਣੀ ਗੱਲ ਹੈ। ਬਿਹਤਰ ਹੁੰਦਾ ਜੇਕਰ ਸਰਕਾਰ ਸਿੱਖਿਆ ਕ੍ਰਾਂਤੀ ਦੇ ਨਾਮ 'ਤੇ ਸਕੂਲਾਂ ਨੂੰ ਗ੍ਰਾਂਟਾਂ ਜਾਰੀ ਕਰਦੀ। ਬੱਚਿਆਂ ਨੂੰ ਵਰਦੀਆਂ, ਕਿਤਾਬਾਂ ਅਤੇ ਹੋਰ ਜ਼ਰੂਰੀ ਸਮੱਗਰੀ ਪ੍ਰਦਾਨ ਕੀਤੀ ਜਾਂਦੀ। ਮਿਡ-ਡੇਅ ਮੀਲ ਦੇ ਪ੍ਰਬੰਧਨ ਵਿੱਚ ਸੁਧਾਰ ਕੀਤਾ ਜਾਂਦਾ। ਵਿਦਿਆਰਥੀਆਂ ਅਤੇ ਸਟਾਫ਼ ਦੀ ਸਹੂਲਤ ਲਈ, ਡਿਜੀਟਲ ਬਲੈਕ ਬੋਰਡ, ਵਧੀਆ ਫਰਨੀਚਰ ਆਦਿ 'ਤੇ ਪੈਸਾ ਖਰਚ ਕੀਤਾ ਜਾਂਦਾ ਅਤੇ ਸਿੱਖਿਆ ਦੇ ਨਾਮ 'ਤੇ ਕਾਰੋਬਾਰ ਕਰਨ ਵਾਲੇ ਨਿੱਜੀ ਸਕੂਲਾਂ ਦੀ ਲੁੱਟ ਨੂੰ ਰੋਕਿਆ ਜਾਂਦਾ ਤਾਂ ਲੋਕ ਸ਼ਲਾਘਾ ਵੀ ਕਰਦੇ। ਪਰ ਅਜਿਹੇ ਸੁਧਾਰਾਂ ਦੀ ਉਮੀਦ ਉਸ ਪਾਰਟੀ ਅਤੇ ਸਰਕਾਰ ਤੋਂ ਨਹੀਂ ਕੀਤੀ ਜਾ ਸਕਦੀ ਜਿਸਦੇ ਪਾਸ ਨੇਕ ਇਰਾਦਿਆਂ ਦੀ ਘਾਟ ਅਤੇ ਇੱਕੋ ਇੱਕ ਟੀਚਾ ਸੱਤਾ ਦੀ ਲਾਲਸਾ ਹੋਵੇ। ਕਾਂਗਰਸੀ ਵਿਧਾਇਕ ਨੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਤੰਜ਼ ਕੱਸਦਿਆਂ ਕਿਹਾ ਮੌਜੂਦਾ ਰਾਜ ਵਿਚ ਤਾਂ ਪ੍ਰਵਾਸੀ ਭਾਰਤੀ ਪੰਜਾਬ ਦੇ ਪੇਂਡੂ ਵਿਕਾਸ ਅਤੇ ਸਕੂਲਾਂ ਲਈ ਗ੍ਰਾਂਟਾਂ ਭੇਜ ਰਹੇ ਹਨ। ਵਰਦੀਆਂ, ਖੇਡਾਂ ਦਾ ਸਾਮਾਨ, ਬੂਟ, ਮੇਜ਼ੇ ਅਤੇ ਸਟੇਸ਼ਨਰੀ ਆਦਿ ਸਮਾਜ ਸੇਵੀ ਸੰਸਥਾਵਾਂ ਵੱਲੋਂ ਮੁਹੱਈਆ ਕਰਵਾਏ ਜਾ ਰਹੇ ਹਨ। ਪੰਜਾਬ ਦੇ ਖ਼ਜ਼ਾਨੇ ਦਾ ਪੈਸਾ ਅਰਵਿੰਦ ਕੇਜਰੀਵਾਲ ਦੀ ਮਹਿਮਾਨ ਨਿਵਾਜ਼ੀ 'ਤੇ ਖਰਚ ਕੀਤਾ ਜਾ ਰਿਹਾ ਹੈ। ਕਿਉਂਕਿ



ਮੁੱਖ ਮੰਤਰੀ ਭਗਵੰਤ ਮਾਨ ਪੂਰੀ ਤਰ੍ਹਾਂ ਅਰਵਿੰਦ ਕੇਜਰੀਵਾਲ ਦੀ ਕਠਪੁਤਲੀ ਬਣ ਚੁੱਕੇ ਹਨ। ਜਿਸਨੇ ਦਿੱਲੀ ਵਿੱਚ ਕਰਾਰੀ ਹਾਰ ਤੋਂ ਬਾਅਦ ਪੰਜਾਬ ਵਿੱਚ ਡੇਰਾ ਲਾ ਰੱਖਿਆ ਹੈ। ਧਾਲੀਵਾਲ ਨੇ ਕਿਹਾ ਕਿ ਦਿੱਲੀ ਵਿੱਚ ਕੇਜਰੀਵਾਲ ਸਰਕਾਰ ਦੀ ਸਿੱਖਿਆ ਕ੍ਰਾਂਤੀ ਵੀ ਇੱਕ ਦਿਖਾਵਾ ਸੀ, ਜਿਸਦਾ ਜਵਾਬ ਦਿੱਲੀ ਦੇ ਲੋਕਾਂ ਨੇ 'ਆਪ' ਪਾਰਟੀ ਦੇ ਵਿਧਾਇਕਾਂ ਅਤੇ ਮੰਤਰੀਆਂ ਨੂੰ ਕਰਾਰੀ ਹਾਰ ਦੇ ਨਾਲ ਦਿੱਤਾ ਹੈ। ਹੁਣ ਪੰਜਾਬ ਵਿੱਚ ਵੀ ਦਿੱਲੀ ਵਾਲਾ ਰਾਗ ਅਲਾਪਿਆ ਜਾ ਰਿਹਾ ਹੈ, ਜਿਸਦਾ ਨਤੀਜਾ ਵੀ ਦਿੱਲੀ ਵਾਲਾ ਹੋਵੇਗਾ। ਜਦੋਂ ਕਾਂਗਰਸ ਪਾਰਟੀ ਜਿੱਤ ਦਾ ਝੰਡਾ ਬੁਲੰਦ ਕਰਦਿਆਂ ਪੰਜਾਬ ਦੀ ਸੱਤਾ 'ਚ ਸ਼ਾਨਦਾਰ ਵਾਪਸੀ ਕਰੇਗੀ।

# ਕੁੱਝ ਬਾਹਰੀ ਲੋਕ ਇਤਿਹਾਸਕ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਤੇ ਕਬਜ਼ੇ ਦੀ ਤਾਕ ਵਿੱਚ

## ਇਲਾਕੇ ਦੇ ਲੋਕ ਇਹ ਬਰਦਾਸ਼ਤ ਨਹੀਂ ਕਰਨਗੇ - ਪ੍ਰਗਟ ਸਿੰਘ ਰੌਲੂ ਮਾਜਰਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com



ਮੋਰਿੰਡਾ 6 ਮਈ (ਪਤਰ ਪ੍ਰੇਰਕ) ਕੁਝ ਬਾਹਰੀ ਲੋਕ ਇਤਿਹਾਸਕ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਤੇ ਕਬਜ਼ਾ ਕਰਨ ਦੀਆਂ ਯੋਜਨਾਵਾਂ ਬਣਾ ਰਹੇ ਹਨ। ਇਲਾਕੇ ਦੇ ਲੋਕ ਕਿਸੇ ਵੀ ਕੀਮਤ ਤੇ ਇਸ ਨੂੰ ਬਰਦਾਸ਼ਤ ਨਹੀਂ ਕਰਨਗੇ। ਇਹ ਵਿਚਾਰ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਜ਼ਿਲ੍ਹਾ ਰੂਪਨਗਰ ਦੇ ਸੂਪਰਸਤ ਪ੍ਰਗਟ ਸਿੰਘ ਰੌਲੂ ਨੇ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਵਿਖੇ ਸਰਬੱਤ ਦੇ ਭਲੇ ਲਈ ਕਰਵਾਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਉਣ ਉਪਰੰਤ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਇਸ ਸਮੇਂ ਹਾਜ਼ਰ ਨਗਰ ਕੌਂਸਲ ਮੋਰਿੰਡਾ ਦੇ ਪ੍ਰਧਾਨ ਜਗਦੇਵ ਸਿੰਘ ਭਟੋਆ ਅਤੇ ਸੀਨੀਅਰ ਕੌਂਸਲਰ ਰਾਜਪ੍ਰੀਤ ਸਿੰਘ ਰਾਜੀ ਅਤੇ ਕੌਂਸਲਰ ਹਰਜੀਤ ਸਿੰਘ ਸੋਢੀ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਇਤਿਹਾਸਿਕ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਲਈ ਜ਼ਮੀਨ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਨਗਰ ਕੌਂਸਲ ਮੋਰਿੰਡਾ ਵਲੋਂ ਇਕ ਮਤਾ ਪਾਸ ਕਰਕੇ ਲੀਜ਼ ਤੇ ਦਿਤੀ ਗਈ ਸੀ। ਗੁਰਦੁਆਰਾ ਕੋਤਵਾਲੀ ਸਾਹਿਬ ਸਾਹਿਬ ਵਲੋਂ ਠੇਕੇ ਦੀ ਰਕਮ ਸਨ 2120 ਤੱਕ ਜਮ੍ਹਾਂ ਕਰਵਾਈ ਹੋਈ ਹੈ। ਉਹਨਾਂ ਇਹ ਵੀ ਦੱਸਿਆ ਕਿ ਨਗਰ ਕੌਂਸਲ ਮੋਰਿੰਡਾ ਵਲੋਂ ਵੱਖ ਵੱਖ ਸੜਕਾਂ ਤੇ ਮਾਤਾ ਗੁਜਰੀ ਜੀ, ਸਾਹਿਬਜ਼ਾਦਾ ਬਾਬਾ ਜੋਰਾਵਰ ਸਿੰਘ ਅਤੇ ਬਾਬਾ ਫਤਹਿ ਸਿੰਘ ਦੇ ਨਾਮ ਤੇ ਗੇਟ ਬਣਾਉਣ ਲਈ ਮਤਾ ਪਾਸ ਕੀਤਾ ਗਿਆ ਹੈ। ਇਸ ਸਮੇਂ ਇਕਠ ਨੂੰ ਸੰਬੋਧਨ ਕਰਦਿਆਂ ਟਰਕ ਯੂਨੀਅਨ ਮੋਰਿੰਡਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਮੁੰਡੀਆਂ ਸਾਬਕਾ ਵਾਈਸ ਚੇਅਰਮੈਨ ਸ਼ੂਗਰ ਮਿੱਲ ਮੋਰਿੰਡਾ ਨੇ ਆਖਿਆ ਕਿ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਲਈ ਜ਼ਮੀਨ ਨਗਰ ਕੌਂਸਲ ਵਲੋਂ ਦਿਤੀ ਗਈ ਹੈ ਇਸ ਜ਼ਮੀਨ ਤੇ ਗੁਰਦੁਆਰਾ ਕੋਤਵਾਲੀ ਸਾਹਿਬ ਦੀ ਉਸਾਰੀ ਪੰਥ ਰਤਨ ਜਥੇਦਾਰ ਬਾਬਾ ਹਰਬੰਸ ਸਿੰਘ ਕਾਰ ਸੇਵਾ ਦਿੱਲੀ ਵਾਲਿਆਂ ਵਲੋਂ ਅਰੰਭ ਕੀਤੀ ਗਈ ਸੀ। ਜਿਸ ਨੂੰ ਅੱਜ ਬਾਬਾ ਸੁਰਿੰਦਰ ਸਿੰਘ ਜੀ ਕਾਰ ਸੇਵਾ ਦਿੱਲੀ ਵਾਲੇ ਕਰਵਾ ਰਹੇ ਹਨ। ਕਾਰ ਸੇਵਾ ਵਲੋਂ ਜਿਥੇ ਗੁਰੂ ਘਰ ਲਈ ਸ਼ਾਨਦਾਰ ਵੱਡੀ ਇਮਾਰਤ ਬਣਾਈ ਗਈ ਹੈ ਉਥੇ ਲੋਕਾਂ ਤੇ ਗੁੰਬੀ ਸਿੰਘਾਂ ਦੀ ਸਹੂਲਤ ਲਈ ਲੰਗਰ ਹਾਲ, ਵੱਡੀਆਂ ਵੱਡੀਆਂ ਸਰਾਵਾਂ ਤਿਆਰ ਕੀਤੀਆਂ ਜਾ ਰਹੀਆਂ ਹਨ। ਉਹਨਾਂ ਦੱਸਿਆ ਹਜ਼ਾਰਾਂ ਸੰਗਤਾਂ ਗੁਰੂ ਘਰ ਮੱਥਾ ਟੇਕਣ ਲਈ ਆਉਂਦੀਆਂ ਹਨ। ਕੁਝ ਲੋਕ ਗੁਰੂ ਦੀ ਗੋਲਕ ਤੇ ਕਬਜ਼ਾ ਕਰਨ ਲਈ ਸਾਜ਼ਸ਼ਾਂ ਰਚ ਰਹੇ ਹਨ। ਇਲਾਕੇ ਦੀ ਜਨਤਾ ਇਸ ਨੂੰ ਸਹਿਣ ਨਹੀਂ ਕਰੇਗੀ। ਇਸ ਸਮੇਂ ਸਤਨਾਮ ਸਿੰਘ ਸਿੱਧੂ ਨੇ ਮੰਗ ਕੀਤੀ ਕਿ ਗੁਰਦੁਆਰਾ ਸ੍ਰੀ ਸ਼ਹੀਦ ਗੰਜ ਮੋਰਿੰਡਾ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਅਜ਼ਾਦ ਕਰਵਾਇਆ ਜਾਵੇ ਕਿਉਂਕਿ ਸ਼੍ਰੋਮਣੀ ਕਮੇਟੀ ਗੁਰਦੁਆਰਾ ਸ਼ਹੀਦ ਗੰਜ ਮੋਰਿੰਡਾ ਵਿਖੇ ਸੰਗਤਾਂ ਦੀ ਸਹੂਲਤ ਲਈ ਕੁਝ ਨਹੀਂ ਕਰ ਰਹੀ। ਲੰਗਰ ਵੀ ਕਾਰ ਸੇਵਾ ਵਾਲੇ ਚਲਾ ਰਹੇ ਹਨ। ਗੁਰਦੁਆਰਾ ਸ੍ਰੀ ਸ਼ਹੀਦ ਗੰਜ ਵਲੋਂ ਕਾਰ ਸੇਵਾ ਵਾਲਿਆਂ ਦੀ ਮੱਦਦ ਤਾਂ ਕੀ ਕਰਨੀ ਸੀ ਉਲਟਾ ਲੰਗਰ ਦੀ ਬਿਜਲੀ ਕਟਣ ਵਾਰੇ ਵੀ ਜਾਣਕਾਰੀ ਮਿਲੀ ਹੈ। ਇਸ ਸਮੇਂ ਸੀਨੀਅਰ ਆਗੂ ਹਰਮਿੰਦਰ ਸਿੰਘ ਲੱਕੀ ਨੇ ਸੰਬੋਧਨ ਕਰਦਿਆਂ ਕਿ ਅਸੀਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵਾਰਸ ਹਾਂ। ਜ਼ਬਰ, ਜ਼ੁਲਮ ਅਤੇ ਧੱਕੇ ਸ਼ਾਹੀ ਬਰਦਾਸ਼ਤ ਨਹੀਂ ਕਰਾਂਗੇ। ਇਸ ਸਮੇਂ ਹੋਰਨਾਂ ਤੋਂ ਇਲਾਵਾ ਸਾਬਕਾ ਸਰਪੰਚ ਭਿੰਦਰ ਸਿੰਘ ਰੋਣੀ, ਕਮੇਟੀ ਮੈਂਬਰ ਹਰਦੀਪ ਸਿੰਘ ਅਨੰਦ, ਸ਼ੇਰ ਸਿੰਘ ਡੂਮਛੇੜੀ, ਸ਼ੇਰ ਸਿੰਘ ਡੂਮਛੇੜੀ , ਬਾਰਾ ਸਿੰਘ ਰੌਣੀ,ਜਗਨੰਦਨ ਸਿੰਘ,ਗੁਰਮੁਖ ਸਿੰਘ ਸੰਤ ਨਗਰ, ਪਰਮਿੰਦਰ ਸਿੰਘ, ਚਰਨਜੀਤ ਸਿੰਘ ਚੰਨਾ ਢੋਲਣ ਮਾਜਰਾ, ਗੁਰਪ੍ਰੀਤ ਸਿੰਘ ਬਾਲ ਸੰਡਾ, ਗੁਰਮੀਤ ਸਿੰਘ ਮੋਰਿੰਡਾ, ਅਤੇ ਦਵਿੰਦਰ ਸਿੰਘ, ਕਰਨੈਲ ਸਿੰਘ, ਨਿਰਮਲ ਸਿੰਘ, ਸੂਬੇਦਾਰ ਦਰਸ਼ਨ ਸਿੰਘ ਆਦਿ ਆਗੂ ਹਾਜਰ ਸਨ।

# ਸਕੂਲ ਮੈਨੇਜਮੈਂਟ ਕਮੇਟੀਆਂ ਦੀ ਨਵੀਂ ਬਣਤਰ ਸਿੱਖਿਆ ਅਧਿਕਾਰ ਕਾਨੂੰਨ ਦੀ ਉਲੰਘਣਾ : ਡੀ ਟੀ ਐੱਫ

## ਸਥਾਨਕ ਅਥਾਰਟੀ (ਪੰਚਾਇਤ/ ਕਮੇਟੀ) ਨੂੰ ਸਕੂਲ ਮੈਨੇਜਮੈਂਟ ਕਮੇਟੀਆਂ 'ਚੋਂ ਬਾਹਰ ਕੱਢਣ ਵੱਲ ਵਧੀ ਪੰਜਾਬ ਸਰਕਾਰ: ਡੀ ਟੀ ਐੱਫ , ਸਕੂਲ ਮੈਨੇਜਮੈਂਟ ਕਮੇਟੀਆਂ ਵਿੱਚ ਸਿਆਸੀ ਨਾਮਜ਼ਦਗੀ ਦਾ ਫੈਸਲਾ ਰੱਦ ਕੀਤਾ ਜਾਵੇ: ਡੀ.ਟੀ.ਐੱਫ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ

ਚੰਡੀਗੜ੍ਹ, 6 ਮਈ, 2025: ਪੰਜਾਬ ਸਰਕਾਰ ਵੱਲੋਂ 26 ਅਪ੍ਰੈਲ ਨੂੰ ਨੋਟੀਫਿਕੇਸ਼ਨ ਜਾਰੀ ਕਰਕੇ ਸਰਕਾਰੀ ਸਕੂਲਾਂ ਦੀਆਂ ਮੈਨੇਜਮੈਂਟ ਕਮੇਟੀਆਂ ਵਿੱਚ ਖੇਤਰ ਦੇ ਚੁਣੇ ਹੋਏ ਪ੍ਰਤੀਨਿਧ ਨੂੰ ਜਾਂ ਉਸ ਵੱਲੋਂ ਨਾਮਜ਼ਦ ਮੈਂਬਰ ਨੂੰ ਸਕੂਲ ਮੈਨੇਜਮੈਂਟ ਕਮੇਟੀ ਦਾ ਹਿੱਸਾ ਬਣਾਉਣ ਦੇ ਹੁਕਮ ਕੀਤੇ ਹਨ ਜਦਕਿ ਸਿੱਖਿਆ ਅਧਿਕਾਰ ਕਾਨੂੰਨ ਦੇ ਸੈਕਸ਼ਨ 21 ਤਹਿਤ ਮਾਪਿਆਂ ਤੋਂ ਇਲਾਵਾ ਸਥਾਨਕ ਅਥਾਰਟੀ(ਪੰਚਾਇਤ) ਦਾ ਚੁਣਿਆ ਹੋਇਆ ਮੈਂਬਰ ਹੀ ਸਕੂਲ ਮੈਨੇਜਮੈਂਟ ਕਮੇਟੀ ਦਾ ਮੈਂਬਰ ਬਣ ਸਕਦਾ ਹੈ। ਇਸ ਤਰ੍ਹਾਂ ਨਵੇਂ ਨੋਟੀਫਿਕੇਸ਼ਨ ਅਨੁਸਾਰ ਸਰਕਾਰ ਨੇ ਰਾਜਨੀਤਿਕ ਦਖਲਅੰਦਾਜ਼ੀ ਵਧਾਉਣ ਦੇ ਉਦੇਸ਼ ਨਾਲ ਸਥਾਨਕ ਅਥਾਰਟੀ (ਪੰਚਾਇਤਾਂ) ਦੇ ਚੁਣੇ ਹੋਏ ਮੈਂਬਰ ਲਈ ਸਕੂਲ ਕਮੇਟੀ ਦੇ ਮੈਂਬਰ ਬਣਨ ਵਿੱਚ ਅੜਿੱਕਾ ਡਾਹ ਦਿੱਤਾ ਹੈ ਅਤੇ ਖੇਤਰ ਦੇ ਚੁਣੇ ਹੋਏ ਪ੍ਰਤੀਨਿਧ ਨੂੰ ਅਧਿਕਾਰ ਦੇ ਦਿੱਤਾ ਹੈ ਕਿ ਉਹ ਖੁਦ ਜਾ ਆਪਣੇ ਨਾਮਜ਼ਦ ਕੀਤੇ ਵਿਅਕਤੀ ਰਾਹੀਂ ਸਕੂਲ ਦੇ ਕੰਮ ਵਿੱਚ ਦਖ਼ਲ ਅੰਦਾਜ਼ੀ ਕਰ ਸਕਦਾ ਹੈ, ਭਾਂਵੇ ਉਹ ਵਿਅਕਤੀ ਉਸ ਪਿੰਡ ਜਾਂ ਸ਼ਹਿਰ ਦਾ ਵਸਨੀਕ ਵੀ ਨਾ ਹੋਵੇ ਜਿਸ ਪਿੰਡ ਜਾਂ ਸ਼ਹਿਰ ਵਿੱਚ ਸਕੂਲ ਪੈਂਦਾ ਹੈ। ਪੰਜਾਬ ਸਰਕਾਰ ਵੱਲੋਂ ਜਾਰੀ ਨੋਟੀਫਿਕੇਸ਼ਨ ਰਾਹੀਂ ਇਸ ਫੈਸਲੇ ਦੀ ਡੈਮੋਕ੍ਰੈਟਿਕ ਟੀਚਰਜ਼ ਫਰੰਟ (ਡੀ.ਟੀ.ਐੱਫ.) ਪੰਜਾਬ ਨੇ ਸਖ਼ਤ ਸ਼ਬਦਾਂ ਵਿਚ ਨਿਖੇਧੀ ਕਰਦਿਆਂ ਇਸਨੂੰ ਸਿੱਖਿਆ ਅਧਿਕਾਰ ਕਾਨੂੰਨ ਦੀ ਉਲੰਘਣਾ ਕਰਨ ਦੇ ਨਾਲ ਨਾਲ ਸਿੱਖਿਆ ਵਰਗੇ ਸੰਵੇਦਨਸ਼ੀਲ ਖੇਤਰ ਵਿੱਚ ਸਿੱਧੀ ਸਿਆਸੀ ਦਖਲਅੰਦਾਜ਼ੀ ਕਰਾਰ ਦਿੱਤਾ ਅਤੇ ਵਾਪਸ ਲੈਣ ਦੀ ਮੰਗ ਕੀਤੀ ਹੈ।

ਡੀ.ਟੀ.ਐੱਫ. ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂ ਵਾਲੀ, ਵਿੱਤ ਸਕੱਤਰ ਅਸ਼ਵਨੀ ਅਵਸਥੀ ਅਤੇ ਮੀਤ ਪ੍ਰਧਾਨ ਰਘਵੀਰ ਸਿੰਘ ਭਵਾਨੀਗੜ੍ਹ ਨੇ ਦੱਸਿਆ ਕਿ ਸਿੱਖਿਆ ਅਧਿਕਾਰ ਕਾਨੂੰਨ ਦੇ ਸੈਕਸ਼ਨ 21 ਤਹਿਤ 2009 ਤਹਿਤ ਸਕੂਲਾਂ ਦੇ ਪ੍ਰਬੰਧ ਨੂੰ ਦੇਖਣ ਲਈ ਸਕੂਲ ਮੈਨੇਜਮੈਂਟ ਕਮੇਟੀਆਂ ਦਾ ਉਪਬੰਧ ਕੀਤਾ ਗਿਆ ਹੈ। ਕਾਨੂੰਨ ਤਹਿਤ ਇਸ ਕਮੇਟੀ ਵਿੱਚ ਮੁੱਖ ਤੌਰ 'ਤੇ ਮਾਪਿਆਂ ਨੂੰ ਸ਼ਾਮਲ ਕੀਤਾ ਜਾਂਦਾ ਹੈ ਅਤੇ ਨਾਲ ਹੀ ਸਥਾਨਕ ਅਥਾਰਟੀ (ਪੰਚਾਇਤ) ਦੇ ਚੁਣੇ ਹੋਏ ਮੈਂਬਰ ਅਤੇ ਚੁਣੇ ਹੋਏ ਅਧਿਆਪਕਾਂ ਨੂੰ ਕਮੇਟੀ ਵਿੱਚ ਲਿਆ ਜਾਣਾ ਹੈ। ਪਰ ਨਵੇਂ ਨੋਟੀਫਿਕੇਸ਼ਨ ਵਿੱਚ ਸਥਾਨਕ ਅਥਾਰਟੀ ਨੂੰ ਗਾਇਬ ਕਰਕੇ ਖੇਤਰ ਦੇ ਪ੍ਰਤੀਨਿਧ ਸ਼ਬਦ ਦੀ ਵਰਤੋਂ ਕਰਕੇ ਸਥਾਨਕ ਅਥਾਰਟੀ( ਪੰਚਾਇਤ/ਐੱਮ ਸੀ) ਨੂੰ ਇਸ ਅਧਿਕਾਰ ਤੋਂ ਵਾਂਝੇ ਕਰ ਦਿੱਤਾ ਗਿਆ ਹੈ। ਆਗੂਆਂ ਨੇ ਦੱਸਿਆ ਕਿ ਸੰਵਿਧਾਨਕ ਅਤੇ ਨੈਤਿਕ ਦਾਇਰੇ ਉਲੰਘ ਕੇ ਪੰਜਾਬ ਦੇ ਵਿੱਦਿਅਕ ਮਾਮਲਿਆਂ ਵਿੱਚ ਗੈਰ ਵਾਜਿਬ ਦਖ਼ਲ ਦੇ ਰਹੇ ਦਿੱਲੀ ਦੇ ਸਿਆਸੀ ਨੇਤਾਵਾਂ ਦੇ ਇਸ਼ਾਰੇ 'ਤੇ ਹੀ ਅਜਿਹੇ ਸਿੱਖਿਆ ਵਿਰੋਧੀ ਫੈਸਲੇ ਕੀਤੇ ਜਾ ਰਹੇ ਹਨ। ਹੁਣ ਸਰਕਾਰ ਸਕੂਲ ਮੈਨੇਜਮੈਂਟ ਕਮੇਟੀਆਂ ਰਾਹੀਂ ਸਕੂਲਾਂ ਵਿੱਚ ਸਿਆਸੀ ਦਖਲਅੰਦਾਜ਼ੀ ਨੂੰ ਪੱਕੇ ਪੈਰੀਂ ਕਰਨ ਵਾਲੇ ਪਾਸੇ ਜਾ ਰਹੀ ਹੈ। ਆਗੂਆਂ ਨੇ ਦੱਸਿਆ ਕਿ ਸਕੂਲ ਮੈਨੇਜਮੈਂਟ ਕਮੇਟੀਆਂ ਵਿੱਚੋਂ ਪੰਚਾਇਤਾਂ/ ਸਥਾਨਕ ਅਥਾਰਟੀ ਦੀ ਸਕੂਲਾਂ ਵਿੱਚ ਨੁਮਾਇੰਦਗੀ ਵਿੱਚ ਫੇਰਬਦਲ ਕਰਨਾ ਸਰਕਾਰ ਦੀ ਮਾੜੀ ਭਾਵਨਾ ਨੂੰ ਦਰਸਾਉਂਦਾ ਹੈ ਜਿਸ ਤਹਿਤ ਆਉਣ ਵਾਲੇ ਸਮੇਂ ਸਕੂਲਾਂ ਦੇ ਸਿਆਸੀ ਪਾਰਟੀਬਾਜ਼ੀ ਵਾਲੇ ਅਖਾੜੇ ਬਣ ਜਾਣ ਦੀ ਸੰਭਾਵਨਾ ਵਧੇਗੀ। ਜੱਥੇਬੰਦੀ ਦੇ ਆਗੂਆਂ ਨੇ ਪੰਜਾਬ ਸਰਕਾਰ ਦੇ ਇਸ ਫੈਸਲੇ ਨਾਲ ਅਸਹਿਮਤੀ ਜਤਾਉਂਦੇ ਹੋਏ ਸਕੂਲ ਮੈਨੇਜਮੈਂਟ ਕਮੇਟੀਆਂ ਦੇ ਗਠਨ ਲਈ ਸਿੱਖਿਆ ਅਧਿਕਾਰ ਕਾਨੂੰਨ ਦੀ ਇੰਨ ਬਿੰਨ ਪਾਲਣਾ ਕਰਦਿਆਂ ਮਾਪਿਆਂ, ਵਿਦਿਆਰਥੀਆਂ, ਸਥਾਨਕ ਅਥਾਰਟੀ ਅਤੇ ਅਧਿਆਪਕਾਂ ਨੂੰ ਹੀ ਸਕੂਲ ਕਮੇਟੀ ਦਾ ਮੈਂਬਰ ਬਣਾਇਆ ਜਾਵੇ ਅਤੇ ਸਿੱਖਿਆ ਅਧਿਕਾਰ ਕਾਨੂੰਨ ਦੀ ਉਲੰਘਣਾ ਕਰਦਿਆਂ ਕਿਸੇ ਬਾਹਰੀ ਵਿਅਕਤੀ ਨੂੰ ਸਕੂਲ ਦੀ ਕਮੇਟੀ ਵਿੱਚ ਸ਼ਾਮਲ ਕਰਾਉਣ ਵਾਲੇ ਨੋਟੀਫਿਕੇਸ਼ਨ ਨੂੰ ਤੁਰੰਤ ਰੱਦ ਕੀਤਾ ਜਾਵੇ।

# ਭਾਰਤ-ਪਾਕਿਸਤਾਨ ਵਿਚਕਾਰ ਤਣਾਅ ਦੇ ਮੱਦੇਨਜ਼ਰ 20 ਜ਼ਿਲ੍ਹਿਆਂ 'ਚ ਭਲਕੇ ਵੱਜਣਗੇ ਖਤਰੇ ਦੇ ਸਾਇਰਨ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 06 ਮਈ
INTERNATIONAL PAPER, 94636 01616
hardipchumber57@gmail.com



ਗ੍ਰਹਿ ਮੰਤਰਾਲੇ ਵੱਲੋਂ ਜੰਗ ਦੀ ਰੋਕਥਾਮ ਸਬੰਧੀ ਜਾਰੀ ਦਿਸ਼ਾ-ਨਿਰਦੇਸ਼ਾਂ ਤੋਂ ਬਾਅਦ, ਪੰਜਾਬ ਵਿੱਚ ਇਸਦੀ ਤਿਆਰੀ ਸ਼ੁਰੂ ਕਰ ਦਿੱਤੀ ਗਈ ਹੈ। 7 ਮਈ ਨੂੰ ਦੇਸ਼ ਭਰ ਵਿੱਚ ਮੌਕ ਡਰਿੱਲ ਕੀਤੀ ਜਾਵੇਗੀ।

ਪੰਜਾਬ ਦੇ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸੂਬੇ ਦੇ 20 ਜ਼ਿਲ੍ਹਿਆਂ ਵਿੱਚ ਮੌਕ ਡਰਿੱਲ ਕੀਤੀ ਜਾਵੇਗੀ। ਸਿਵਲ ਡਿਫੈਂਸ ਅਤੇ ਪੰਜਾਬ ਪੁਲਿਸ ਦੀਆਂ ਟੀਮਾਂ ਗ੍ਰਹਿ ਮੰਤਰਾਲੇ ਦੇ ਸਹਿਯੋਗ ਨਾਲ ਭਲਕੇ ਇੱਕ ਮੌਕ ਡ੍ਰਿਲ ਕਰਨਗੀਆਂ। ਸਾਨੂੰ ਆਪਣੀ 500 ਕਿਲੋਮੀਟਰ ਸਰਹੱਦ ਅਤੇ ਨਾਗਰਿਕਾਂ ਦੀ ਰੱਖਿਆ ਕਰਨੀ ਪਵੇਗੀ।

ਫਿਰੋਜ਼ਪੁਰ ਦੇ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਕਿਹਾ ਕਿ ਸ਼ਾਮ 7 ਤੋਂ 7:15 ਵਜੇ ਦੇ ਵਿਚਕਾਰ ਸਾਇਰਨ ਵਜਾਇਆ ਜਾਵੇਗਾ ਜੋ ਕਿ ਇੱਕ ਮੌਕ ਡ੍ਰਿਲ ਹੈ। ਇਸ ਖੇਤਰ ਦੇ ਕਿਸੇ ਵੀ ਨਿਵਾਸੀ ਨੂੰ ਇਸ ਤੋਂ ਡਰਨ ਦੀ ਕੋਈ ਲੋੜ ਨਹੀਂ ਹੈ, ਇਹ ਇੱਕ ਅਭਿਆਸ ਹੈ ਕਿਉਂਕਿ ਭਾਰਤ ਅਤੇ ਪਾਕਿਸਤਾਨ ਵਿਚਕਾਰ ਤਣਾਅ ਦੀ ਸਥਿਤੀ ਅਜੇ ਵੀ ਬਣੀ ਹੋਈ ਹੈ। ਇਸੇ ਲਈ ਇਹ ਅਭਿਆਸ ਕੀਤਾ ਜਾ ਰਿਹਾ ਹੈ। ਜਦੋਂ ਵੀ ਜੰਗ ਵਰਗੀ ਸਥਿਤੀ ਹੁੰਦੀ ਹੈ, ਤਾਂ ਸਾਇਰਨ ਰਾਹੀਂ ਹਰ ਵਿਅਕਤੀ ਤੱਕ ਜਾਣਕਾਰੀ ਪਹੁੰਚਾਈ ਜਾ ਸਕਦੀ ਹੈ। ਉਸਦਾ ਸੁਨੇਹਾ ਹਰ ਵਿਅਕਤੀ ਤੱਕ ਪਹੁੰਚਣਾ ਚਾਹੀਦਾ ਹੈ। ਸਾਇਰਨ ਸ਼ਾਮ 7:00 ਵਜੇ ਤੋਂ 7:15 ਵਜੇ ਤੱਕ ਵੱਜੇਗਾ। ਇਹ ਵੀ ਦੇਖਿਆ ਜਾ ਰਿਹਾ ਹੈ ਕਿ ਜ਼ਿਲ੍ਹੇ ਵਿੱਚ ਲਗਾਏ ਗਏ ਸਾਰੇ ਸਾਇਰਨ ਕੰਮ ਕਰ ਰਹੇ ਹਨ ਜਾਂ ਨਹੀਂ। ਕਿਸੇ ਨੂੰ ਵੀ ਘਬਰਾਉਣ ਦੀ ਕੋਈ ਲੋੜ ਨਹੀਂ ਹੈ।

